
ਇਸ ਵਾਰ ਕ੍ਰਿਸਮਸ ਅਤੇ ਨਵਾਂ ਸਾਲ ਮਨਾਓ
ਕੈਨੇਡਾ
ਸ਼ੈਨੇਗਨ/ ਯੂ.ਕੇ./ ਆਸਟ੍ਰੇਲੀਆ ਟੂਰਿਸਟ ਵੀਜ਼ਾ
ਬਹੁਤ ਸਾਰੇ ਲੋਕ ਈਜ਼ੀ ਵੀਜ਼ਾ ਦੀ ਸਹੀ ਸਲਾਹ ਨਾਲ ਵਿਦੇਸ਼ ਜਾਣ ਦਾ ਸੁਪਨਾ ਕਰ ਚੁੱਕੇ ਹਨ ਸਾਕਾਰ
easyvisa
81980 95553

ਸੱਚ ਤੇ ਨਿਡਰ ਆਵਾਜ਼
ਰੋਜ਼ਾਨਾ
# ਲੋਕ ਬਾਣੀ
DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ
ਸ਼ੁੱਕਰਵਾਰ, 11 ਅਕਤੂਬਰ 2024
Email:- lokbani08@gmail.com

**ਅੱਜ ਦਾ ਸ਼ੁਭ ਵਿਚਾਰ**



ਜਦੋਂ ਮਨ ਖਰਾਬ ਹੋਵੇ ਤਾਂ ਬੁਰੇ ਸ਼ਬਦ ਨਾ ਬੋਲੋ, ਕਿਉਂਕਿ ਬਾਅਦ ਵਿੱਚ ਮਨ ਤਾਂ ਠੀਕ ਹੋ ਜਾਂਦਾ ਹੈ ਪਰ ਸ਼ਬਦ ਠੀਕ ਨਹੀਂ ਹੁੰਦੇ।

ਬਿੰਦੂ ਗਰਗ

ਰੋਜ਼ਾਨਾ ਲੋਕ ਬਾਣੀ
www.lokbani.com

R. N. I. Punpun/29016/2008 * ਸਾਲ 16 , * ਅੰਕ : 122, * ਮੁੱਲ : 6 ਰੁਪਏ * ਕੁੱਲ ਪੇਜ: 10 * ਦਫਤਰ : 0181–2211009 * M : 99155-94111

ਇਸ ਵਾਰ ਕ੍ਰਿਸਮਸ ਅਤੇ ਨਵਾਂ ਸਾਲ ਮਨਾਓ
ਕੈਨੇਡਾ
ਸ਼ੈਨੇਗਨ/ ਯੂ.ਕੇ./ ਆਸਟ੍ਰੇਲੀਆ ਟੂਰਿਸਟ ਵੀਜ਼ਾ
ਬਹੁਤ ਸਾਰੇ ਲੋਕ ਈਜ਼ੀ ਵੀਜ਼ਾ ਦੀ ਸਹੀ ਸਲਾਹ ਨਾਲ ਵਿਦੇਸ਼ ਜਾਣ ਦਾ ਸੁਪਨਾ ਕਰ ਚੁੱਕੇ ਹਨ ਸਾਕਾਰ
easyvisa | 81980 95553

## ਇਜ਼ਰਾਈਲ ਹਮਲੇ ਦੌਰਾਨ ਗਾਜ਼ਾ ਵਿੱਚ 27 ਲੋਕਾਂ ਦੀ ਹੋਈ ਮੌਤ



**ਦੀਰ ਅਲ-ਬਲਾਹ ਲੋਕ ਬਾਣੀ-** ਫ਼ਲਸਤੀਨੀ ਮੈਡੀਕਲ ਅਧਿਕਾਰੀਆਂ ਨੇ ਵੀਰਵਾਰ ਨੂੰ ਦਾਅਵਾ ਕੀਤਾ ਕਿ ਇਜ਼ਰਾਈਲੀ ਫ਼ੌਜ ਵੱਲੋਂ ਗਾਜ਼ਾ ਵਿੱਚ ਉਜਾੜੇ ਦਾ ਸ਼ਿਕਾਰ ਲੋਕਾਂ ਦੀ ਇਕ ਪਨਾਹਗਾਹ ਉਤੇ ਕੀਤੇ ਗਏ ਹਵਾਈ ਹਮਲੇ ਵਿਚ ਘੱਟੋ-ਘੱਟ 27 ਵਿਅਕਤੀ ਮਾਰੇ ਗਏ ਹਨ। ਦੂਜੇ ਪਾਸੇ ਇਜ਼ਰਾਈਲੀ ਫ਼ੌਜ ਨੇ ਦਾਅਵਾ ਕੀਤਾ ਹੈ ਕਿ ਉਸ ਨੇ ਆਮ ਲੋਕਾਂ ਵਿਚ ਲੁਕੇ ਹੋਏ ਦਹਿਸ਼ਤਗਰਦਾਂ ਨੂੰ ਨਿਸ਼ਾਨਾ ਬਣਾਇਆ ਹੈ, ਹਾਲਾਂਕਿ ਇਸ ਸਬੰਧੀ ਕੋਈ ਸਬੂਤ ਨਹੀਂ ਦਿੱਤਾ ਗਿਆ। ਗ਼ੌਰਤਲਬ ਹੈ ਕਿ ਇਜ਼ਰਾਈਲ ਵੱਲੋਂ ਲਗਾਤਾਰ ਹਸਪਤਾਲਾਂ, ਸਕੂਲਾਂ ਅਤੇ ਆਮ ਲੋਕਾਂ ਦੀ ਸ਼ਰਨ ਵਾਲੇ ਹੋਰ ਟਿਕਾਣਿਆਂ ਉਤੇ ਹਮਲੇ ਕੀਤੇ ਜਾ ਰਹੇ ਹਨ। ਇਹ ਹਮਲਾ ਵੀ ਇਸੇ ਲੜੀ ਤਹਿਤ ਕੀਤਾ ਗਿਆ ਹੈ।

## ਰਤਨ ਟਾਟਾ ਦਾ ਸਰਕਾਰੀ ਸਨਮਾਨ ਨਾਲ ਹੋਇਆ ਸੰਸਕਾਰ



**ਮੁੰਬਈ, ਲੋਕ ਬਾਣੀ**-ਦੇਸ਼ ਦੇ ਉੱਘੇ ਸਨਅਤਕਾਰ ਰਤਨ ਟਾਟਾ ਦਾ ਅੱਜ ਮੁੰਬਈ ਦੇ ਵਰਲੀ ਇਲਾਕੇ ’ਚ ਸਰਕਾਰੀ ਸਨਮਾਨਾਂ ਨਾਲ ਅੰਤਿਮ ਸਸਕਾਰ ਕੀਤਾ ਗਿਆ। ਅੰਤਿਮ ਸਸਕਾਰ ਤੋਂ ਪਹਿਲਾਂ ਮ੍ਰਿਤਕ ਦੇਹ ਸ਼ਮਸ਼ਾਨਘਾਟ ’ਚ ਲਿਆਂਦੇ ਜਾਣ ਮਗਰੋਂ ਮੁੰਬਈ ਪੁਲੀਸ ਦੀ ਟੁਕੜੀ ਵੱਲੋਂ ਟਾਟਾ ਨੂੰ ਸਲਾਮੀ ਦਿੱਤੀ ਗਈ। ਰਤਨ ਟਾਟਾ ਦਾ ਬੁੱਧਵਾਰ ਦੇਰ ਰਾਤ ਮੁੰਬਈ ਦੇ ਬ੍ਰੀਚ ਕੈਂਡੀ ਹਸਪਤਾਲ ’ਚ ਦੇਹਾਂਤ ਹੋ ਗਿਆ ਸੀ, ਜਿੱਥੇ ਉਹ ਕਾਫੀ ਸਮੇਂ ਤੋਂ ਦਾਖਲ ਸਨ। ਇਸ ਤੋਂ ਪਹਿਲਾਂ ਅੱਜ ਸਵੇਰੇ ਰਤਨ ਟਾਟਾ ਦੀ ਮ੍ਰਿਤਕ ਦੇਹ ਉਨ੍ਹਾਂ ਦੇ ਘਰ ਤੋਂ ਸਫ਼ੈਦ ਫੁੱਲਾਂ ਵਿਚ ਸਜੇ ਵਾਹਨ ਰਾਹੀਂ ਦੱਖਣੀ ਮੁੰਬਈ ਸਥਿਤ ਐੱਨਸੀਪੀਏ (ਨੈਸ਼ਨਲ ਸੈਂਟਰ ਫਾਰ ਪਰਫਾਰਮਿੰਗ ਆਰਟਸ) ਵਿਖੇ ਲਿਜਾਈ ਗਈ

B.N REAL ESTATE
( ਪ੍ਰਾਪਰਟੀ ਡੀਲਰ )
ਐਗਰੀਕਲਚਰ ਲੈਂਡ ਖਰੀਦਣ ਅਤੇ ਵੇਚਣ ਲਈ ਸੰਪਰਕ ਕਰੋ |



91000-79-579 | 98141-92-632
Shop No 5,Adda Kapur Pind,Opp Indusind Bank,Jalandhar.

## ਹਾਈਕੋਰਟ ਨੇ ਜਾਇਦਾਦ ਮਾਮਲੇ ਵਿੱਚ ਚਾਹਲ ਨੂੰ ਨਹੀਂ ਦਿੱਤੀ ਜਮਾਨਤ



**ਚੰਡੀਗੜ੍ਹ, ਲੋਕ ਬਾਣੀ**- ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਆਮਦਨ ਤੋਂ ਵੱਧ ਜਾਇਦਾਦ ਮਾਮਲੇ ’ਚ ਮੁਲਜ਼ਮ ਸਾਬਕਾ ਮੀਡੀਆ ਸਲਾਹਕਾਰ ਭਰਤ ਇੰਦਰ ਸਿੰਘ ਚਾਹਲ ਦੀ ਅਗਾਊਂ ਜ਼ਮਾਨਤ ਅਰਜ਼ੀ ਖਾਰਜ ਕਰ ਦਿੱਤੀ। ਜਸਟਿਸ ਮਹਾਬੀਰ ਸਿੰਘ ਸਿੰਧੂ ਦੇ ਬੈਂਚ ਨੇ ਚਾਹਲ ਵੱਲੋਂ ਜ਼ਮਾਨਤ ਦੀ ਅਰਜ਼ੀ ’ਚ ਦਿੱਤੀ ਵਡੇਰੀ ਉਮਰ ਹੋਣ ਦੀ ਦਲੀਲ ਨੂੰ ਦਰਕਿਨਾਰ ਕਰ ਦਿੱਤਾ ਅਤੇ ਆਖਿਆ ਕਿ ਕਥਿਤ ਅਸਾਸਿਆਂ ਦੇ ਸਰੋਤਾਂ ਦਾ ਪਤਾ ਕਰਨ ਅਤੇ ਨਿਰਪੱਖ ਜਾਂਚ ਲਈ ਚਾਹਲ ਨੂੰ ਹਿਰਾਸਤ ’ਚ ਲੈ ਕੇ ਪੁੱਛ ਪੜਤਾਲ ਕਰਨ ਦੀ ਲੋੜ ਹੈ। ਚਾਹਲ ਨੇ 1 ਅਪਰੈਲ 2017 ਤੋਂ 31 ਅਗਸਤ 2021 ਤੱਕ ਪੰਜਾਬ ਦੇ ਤਤਕਾਲੀ ਮੁੱਖ ਮੰਤਰੀ ਦੇ ਮੀਡੀਆ ਸਲਾਹਕਾਰ ਵਜੋਂ ਕੰਮ ਕੀਤਾ ਸੀ। ਚਾਹਲ ਵੱਲੋਂ ਅਹੁਦਾ ਛੱਡਣ ਦੇ ਦੋ ਸਾਲ ਬਾਅਦ 2 ਅਗਸਤ 2023 ਨੂੰ ਉਸ ਖ਼ਿਲਾਫ਼ ਭ੍ਰਿਸ਼ਟਾਚਾਰ ਰੋਕ ਕਾਨੂੰਨ ਤਹਿਤ ਕੇਸ ਦਰਜ ਕੀਤਾ ਗਿਆ ਸੀ।

## ਸੁਖਬੀਰ ਬਾਦਲ ਨੇ ਮੁਕਤਸਰ ਵਿੱਚ ਪ੍ਰਾਪਟੀ ਡੀਲਰਾ ਦੇ ਧਰਨੇ ਦਾ ਕੀਤਾ ਸਮਰਥਨ



**ਸ੍ਰੀ ਮੁਕਤਸਰ ਸਾਹਿਬ, ਲੋਕ ਬਾਣੀ**--ਸ੍ਰੀ ਮੁਕਤਸਰ ਸਾਹਿਬ ਦੇ ਕੋਟਕਪੂਰਾ ਚੌਂਕ ਵਿਚ ਪ੍ਰਾਪਰਟੀ ਡੀਲਰਾਂ ਵਲੋਂ ਕੁਲੈਕਟਰ ਰੇਟ 2 ਸਾਲਾਂ ਵਿਚ 3 ਵਾਰ ਵਧਾਉਣ ਦੇ ਰੋਸ ਵਜੋਂ ਦਿੱਤੇ ਜਾ ਰਹੇ ਰੋਸ ਧਰਨੇ ਦੇ ਚੌਥੇ ਦਿਨ ਅੱਜ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਪਹੁੰਚੇ। ਇਸ ਮੌਕੇ ਉਨ੍ਹਾਂ ਕਿਹਾ ਕਿ ਭਗਵੰਤ ਮਾਨ ਹੁਣ ਨਾਂਅ ਦਾ ਮੁੱਖ ਮੰਤਰੀ ਹੈ, ਜਦ ਕਿ ਸਰਕਾਰ ਕੇਜਰੀਵਾਲ ਚਲਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਤੋਂ ਕੋਈ ਆਸ ਨਹੀਂ ਅਤੇ ਜਦੋਂ ਵੀ ਅਕਾਲੀ ਸਰਕਾਰ ਤੁਸੀਂ ਬਣਾਉਗੇ ਤਾਂ ਤੁਹਾਡੇ ਸਾਰੇ ਮਸਲੇ ਹੱਲ ਕਰਾਂਗੇ। ਉਨ੍ਹਾਂ ਕਿਹਾ ਕਿ ਅਕਾਲੀ ਸਰਕਾਰ ਵੇਲੇ ਹੀ ਪੰਜਾਬ ਵਿਚ ਖ਼ੁਸ਼ਹਾਲੀ ਆਈ ਅਤੇ ਖ਼ੁਸ਼ਹਾਲੀ ਨਾਲ ਹੀ

## ਭਾਰਤ ਪਾਕਿਸਤਾਨ ਸਰਹੱਦ ਨੇੜੇ ਤੋਂ ਮਿਲੀ ਵੱਡੀ ਮਾਤਰਾ ਵਿਚ ਡਰੱਗ



**ਅੰਮ੍ਰਿਤਸਰ, ਲੋਕ ਬਾਣੀ**--ਪੰਜਾਬ ਪੁਲਿਸ ਤੇ ਬੀ. ਐਸ. ਐਫ਼. ਨੇ ਸਾਂਝੇ ਅਭਿਆਨ ’ਚ ਗੁਪਤ ਸੂਚਨਾ ਦੇ ਆਧਾਰ ’ਤੇ ਸਰਹੱਦ ’ਤੇ ਸੀਮਾ ਚੌਕੀ ਕਲਸ ਅਧੀਨ ਸਰਹੱਦ ’ਤੇ ਲੱਗੀ ਕੰਡਿਆਲੀ ਤਾਰ ਨਜ਼ਦੀਕ ਇਕ ਕਿਸਾਨ ਦੇ ਖੇਤਾਂ ਨੂੰ ਪਾਣੀ ਦੀ ਸਪਲਾਈ ਲਈ ਜ਼ਮੀਨਦੋਜ਼ ਪਾਈਪ ਦੇ ਮੂੰਹ ਦੇ ਅੱਗਿਓਂ ਪੀਲੇ ਰੰਗ ਦੀਆਂ 6 ਪਲਾਸਟਿਕ ਦੀਆਂ ਪਾਇਪਾਂ ’ਚ ਭਰੀ ਹੋਈ ਹੈਰੋਇਨ ਬਰਾਮਦ ਕਰਨ ’ਚ ਸਫ਼ਲਤਾ ਹਾਸਲ ਕੀਤੀ ਹੈ, ਜਿਸ ’ਚੋਂ ਕਰੀਬ ਸਾਢੇ ਬਾਰਾਂ ਕਿੱਲੋ ਹੈਰੋਇਨ ਬਰਾਮਦ ਹੋਈ ਹੈ। ਡੀ. ਐਸ. ਪੀ. ਭਿੱਖੀਵਿੰਡ ਪ੍ਰੀਤ ਇੰਦਰ ਸਿੰਘ ਨੇ ਦੱਸਿਆ ਕਿ ਥਾਣਾ ਖੇਮਕਰਨ ’ਚ ਕੇਸ ਦਰਜ ਕਰਕੇ ਜਾਂਚ ਕੀਤੀ ਜਾ ਰਹੀ ਹੈ।


## ਅਕਾਲੀ ਦਲ ਨੇ ਲਾਏ ਭਗਵੰਤ ਮਾਨ ਤੇ ਚੋਣ ਕਮਿਸ਼ਨ ਤੇ ਲਾਏ ਇਲਜ਼ਾਮ

**ਜਲੰਧਰ, ਲੋਕ ਬਾਣੀ**-- ਸ਼੍ਰੋਮਣੀ ਅਕਾਲੀ ਦਲ ਨੇ ਅੱਜ ਜ਼ੋਰ ਦੇ ਕੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਅਤੇ ਸੂਬਾਈ ਚੋਣ ਕਮਿਸ਼ਨ ਆਜ਼ਾਦ ਅਤੇ ਨਿਰਪੱਖ ਢੰਗ ਨਾਲ ਪੰਚਾਇਤ ਚੋਣਾਂ ਕਰਵਾਉਣ ਵਿਚ ਬੁਰੀ ਤਰ੍ਹਾਂ ਫੇਲ੍ਹ ਸਾਬਤ ਹੋਏ ਹਨ ਅਤੇ ਪਾਰਟੀ ਨੇ ਮੰਗ ਕੀਤੀ ਕਿ ਚੋਣਾਂ ਨਵੇਂ ਸਿਰੇ ਤੋਂ ਕਰਵਾਈਆਂ ਜਾਣ ਤਾਂ ਜੋ ਸਭ ਨੂੰ ਇਕੋ ਜਿਹਾ ਮੌਕਾ ਮਿਲ ਸਕੇ। ਇਥੇ ਇਕ ਪ੍ਰੈਸ ਕਾਨਫ਼ਰੰਸ ਨੂੰ ਸੰਬੋਧਨ ਕਰਦਿਆਂ ਪਾਰਟੀ ਦੇ ਸੀਨੀਅਰ ਆਗੂ ਡਾ. ਦਲਜੀਤ ਸਿੰਘ ਚੀਮਾ ਅਤੇ ਲੀਗਲ ਸੈਲ ਦੇ ਮੁਖੀ ਅਰਸ਼ਦੀਪ ਸਿੰਘ ਕਲੇਰ ਨੇ



48 ਪਟੀਸ਼ਨਰਾਂ ਜਿਨ੍ਹਾਂ ਨੂੰ ਧੱਕੇ ਨਾਲ ਪੰਚਾਇਤ ਚੋਣ ਪ੍ਰਕਿਰਿਆ ਤੋਂ ਬਾਹਰ ਕੀਤਾ ਗਿਆ,

## ਪੰਜਾਬ ਵਿੱਚ ਰਹੇਗੀ 15 ਅਕਤੂਬਰ ਨੂੰ ਛੁੱਟੀ




**ਚੰਡੀਗੜ੍ਹ, ਵਿਨੋਦ ਸ਼ਰਮਾ**--ਪੰਜਾਰ ਸਰਕਾਰ ਵੱਲੋਂ 15 ਅਕਤੂਬਰ ਨੂੰ ਸਰਕਾਰੀ ਛੁੱਟੀ ਦਾ ਐਲਾਨ ਕੀਤਾ ਗਿਆ ਹੈ। ਦਰਅਸਲ ਪੰਜਾਬ ਦੇ ਅੰਦਰ 15 ਅਕਤੂਬਰ ਨੂੰ ਪੰਚਾਇਤੀ ਚੋਣਾਂ ਹੋਣ ਜਾ ਰਹੀਆਂ ਹਨ। ਜਿਸ ਦੇ ਸਬੰਧ ਵਿਚ ਸਰਕਾਰ ਵੱਲੋਂ ਸੂਬੇ ਦੇ ਅੰਦਰ 15 ਅਕਤੂਬਰ ਦੀ ਛੁੱਟੀ ਐਲਾਨੀ ਹੈ। ਇਸ ਛੁੱਟੀ ਦਾ ਪੰਜਾਬ ਰਾਜ ਦੇ ਚੰਡੀਗੜ੍ਹ ਵਿੱਚ ਸਥਿਤ ਸਰਕਾਰੀ ਦਫਤਰਾਂ/ ਬੋਰਡਾਂ/ਕਾਰਪੋਰੇਸ਼ਨ/ਵਿੱਦਿਅਕ ਅਦਾਰਿਆਂ ਵਿੱਚ ਵੀ ਐਲਾਨ ਕੀਤਾ ਗਿਆ ਹੈ।

## ਸਿੰਡੀਕੇਟ ਨਾਲ ਜੁੜੇ ਕੇਸ ਦਾ ਸੱਤਵਾਂ ਦੋਸ਼ੀ ਗ੍ਰਿਫਤਾਰ



**ਨਵੀਂ ਦਿੱਲੀ, ਲੋਕ ਬਾਣੀ** --5000 ਕਰੋੜ ਡਰੱਗ ਦੇ ਮਾਮਲੇ ਵਿਚ ਦਿੱਲੀ ਪੁਲਿਸ ਦੇ ਸਪੈਸ਼ਲ ਸੈੱਲ ਨੇ ਇਸ ਸਿੰਡੀਕੇਟ ਨਾਲ ਜੁੜੇ 7ਵੇਂ ਦੋਸ਼ੀ ਏਖਲਖ ਨੂੰ ਗ੍ਰਿਫਤਾਰ ਕੀਤਾ ਹੈ। ਉਹ ਉੱਤਰ ਪ੍ਰਦੇਸ਼ ਦੇ ਹਾਪੁੜ ਦਾ ਰਹਿਣ ਵਾਲਾ ਹੈ। ਦਿੱਲੀ ਪੁਲਿਸ ਦਾ ਸਪੈਸ਼ਲ ਸੈੱਲ ਇਸ ਪੂਰੇ ਸਿੰਡੀਕੇਟ ਨਾਲ ਜੁੜੇ ਸਾਰੇ ਪਹਿਲੂਆਂ ਦੀ ਜਾਂਚ ਕਰ ਰਿਹਾ ਹੈ। ਕਾਰਗੋ ਦੇ ਰੂਟ ਤੋਂ ਲੈ ਕੇ ਸੜਕ ਤੱਕ ਜਾਂਚ ਕੀਤੀ ਜਾ ਰਹੀ ਹੈ। ਡਰੱਗ ਸਿੰਡੀਕੇਟ ਵਿਚ ਏਖਲਖ ਦੀ ਭੂਮਿਕਾ ਆਵਾਜਾਈ ਦੇ ਸੰਬੰਧ ਵਿਚ ਹੈ। ਡਰੱਗ ਰੈਕੇਟ ਦੇ ਦੋਸ਼ੀ ਤੁਸ਼ਾਰ ਗੋਇਲ ਦੀ ਜਾਇਦਾਦ ਦੀ ਵੀ ਜਾਂਚ ਕੀਤੀ ਜਾ ਰਹੀ ਹੈ ਤਾਂ ਜੋ ਉਸ ਜਾਇਦਾਦ ਤੇ ਕਾਰਵਾਈ ਕੀਤੀ ਜਾ ਸਕੇ।

ਪੱਤਰਕਾਰਾਂ ਲਈ ਸੁਨਹਿਰਾ ਮੌਕਾ
ਪੰਜਾਬ ਦੇ ਹਰ ਜਿਲੇ ਤੋਂ ਰੋਜ਼ਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾਂ ਦੀ ਲੋੜ ਹੈ। ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫ਼ਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

# ਜੀਵਨ ਜੋਤ ਬਚਪਨ ਬਚਾਓ ਪ੍ਰੋਜੈਕਟ ਨੂੰ ਜ਼ਿਲ੍ਹੇ ਵਿਚ ਸਖ਼ਤੀ ਨਾਲ ਕੀਤਾ ਜਾਵੇ ਲਾਗੂ - ਰਾਜੇਸ਼ ਧੀਮਾਨ

ਸ਼ਹੀਦ ਭਗਤ ਸਿੰਘ ਨਗਰ (ਰਮੇਸ਼ ਸਰਮਾ,ਮਨਪ੍ਰੀਤ ਵਾਸੂ) ਡਾਇਰੈਕਟਰ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਵੱਲੋਂ ਪ੍ਰਾਪਤ ਨਿਰਦੇਸ਼ਾਂ ਅਨੁਸਾਰ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਵੱਲੋ ਪ੍ਰੋਜੈਕਟ ਜੀਵਨ ਜੋਤ ਬਚਪਨ ਬਚਾਓ ਨੂੰ ਲਾਗੂ ਕਰਨ ਸਬੰਧੀ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ। ਇਸ ਮੌਕੇ ਉਨ੍ਹਾਂ ਅਧਿਕਾਰੀਆਂ ਨੂੰ ਜੀਵਨ ਜੋਤ ਪ੍ਰੋਜੈਕਟ ਨੂੰ ਜ਼ਿਲ੍ਹੇ ਵਿਚ ਸਖ਼ਤੀ ਨਾਲ ਲਾਗੂ ਕਰਨ ਦੀ ਹਦਾਇਤ ਕੀਤੀ ਗਈ ਅਤੇ ਸਾਰੇ ਸੰਬੰਧਿਤ ਵਿਭਾਗਾਂ ਨੂੰ ਇਸ ਕੰਮ ਵਿੱਚ ਸਹਿਯੋਗ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਬਾਲ ਭਿੱਖਿਆ ਵਿਚ ਲੱਗੇ ਬੱਚਿਆਂ ਸਬੰਧੀ ਸਮੱਸਿਆ ਨੂੰ ਜੜ੍ਹੋਂ ਖ਼ਤਮ ਕਰਨ ਲਈ ਜ਼ਿਲ੍ਹੇ ਅਧੀਨ ਆਉਂਦੇ ਸਲੱਮ ਏਰੀਏ ਵਿਚ ਸਰਵੇ ਕੀਤਾ ਜਾਵੇ ਅਤੇ ਬਾਲ ਭਿਖਾਰੀਆਂ ਦੇ ਮਾਂ-ਪਿਓ ਦੀ ਕਾਊਂਸਲਿੰਗ ਕੀਤੀ ਜਾਵੇ, ਤਾਂ ਜ਼ੋ ਉਹ ਆਪਣੇ ਬੱਚਿਆ ਨੂੰ ਭੀਖ ਮੰਗਣ ਲਈ ਨਾ ਭੇਜ ਕੇ ਸਕੂਲ ਭੇਜਣ ਲਈ ਪ੍ਰੇਰਿਤ ਹੋਣ। ਉਨ੍ਹਾਂ ਕਿਹਾ ਕਿ ਬੱਚਿਆ ਨੂੰ ਸਕੂਲ ਸਿੱਖਿਆ ਨਾਲ ਜੋੜਨ ਲਈ ਸਰਕਾਰ ਵੱਲੋਂ ਚਲਾਈ ਜਾ ਰਹੀ ਸਪੌਂਸਰਸ਼ੀਪ ਸਕੀਮ ਤਹਿਤ ਚਾਰ ਹਜ਼ਾਰ ਰੁਪਏ ਵਿੱਤੀ ਸਹਾਇਤਾ ਦਿੱਤੀ ਜਾਵੇ



ਅਤੇ ਬਾਲ ਭਿਖਾਰੀਆ ਦੀ ਸਿਹਤ ਸਬੰਧੀ ਸਮੱਸਿਆਵਾਂ ਨੂੰ ਧਿਆਨ ਵਿਚ ਰੱਖਦੇ ਹੋਏ ਸਲੱਮ ਏਰੀਏ ਵਿਚ ਸਿਹਤ ਵਿਭਾਗ ਦੇ ਸਹਿਯੋਗ ਨਾਲ ਹੈਲਥ ਕੈਂਪ ਲਗਾਏ ਜਾਣ। ਇਸ ਮੌਕੇ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਜਗਰੂਪ ਸਿੰਘ ਵੱਲੋਂ ਧਿਆਨ ਵਿਚ ਲਿਆਇਆ ਗਿਆ ਕਿ ਰਾਸ਼ਟਰੀ ਬਾਲ ਅਧਿਕਾਰ ਰੱਖਿਆ ਕਮਿਸ਼ਨ ਨਵੀ ਦਿੱਲੀ ਵੱਲੋਂ ਜੀਵਨ ਜੋਤ ਬਚਪਨ ਬਚਾਓ ਪ੍ਰੋਜੈਕਟ ਨੂੰ ਲਾਗੂ ਕਰਨ ਲਈ ਐਸ. ਓ. ਪੀ ਜਾਰੀ ਕੀਤੀ ਗਈ ਹੈ, ਜਿਸ ਨੂੰ ਲਾਗੂ ਕਰਦੇ ਹੋਏ ਬਾਲ ਭਿੱਖਿਆ ਵਿਚ ਲੱਗੇ ਹੋਏ ਬੱਚਿਆਂ ਦੇ ਪੁਨਰਵਾਸ ਸੰਬੰਧੀ ਕਾਰਵਾਈ ਕੀਤੀ ਜਾਣੀ ਹੈ। ਜਾਣਕਾਰੀ ਦਿੰਦਿਆਂ ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਕੰਚਨ ਅਰੋੜਾ ਵੱਲੋਂ ਦਸਿਆ ਗਿਆ ਕਿ ਪ੍ਰੋਜੈਕਟ ਨੂੰ ਲਾਗੂ ਕਰਵਾਉਣ ਲਈ ਭਿੱਖਿਆ ਵਿਚ ਲੱਗੇ ਹੋਏ ਬੱਚਿਆਂ ਦਾ ਸਰਵੇ ਕੀਤਾ ਜਾਣਾ ਹੈ ਅਤੇ ਇਨ੍ਹਾਂ ਦੇ ਰੇਸਕਿਓ ਅਤੇ ਪੁਨਰਵਾਸ ਸਬੰਧੀ ਪੁਲਿਸ ਵਿਭਾਗ, ਸਿੱਖਿਆ ਵਿਭਾਗ, ਸਿਹਤ ਵਿਭਾਗ, ਸੀ. ਡੀ. ਪੀ ਓਜ਼, ਬਾਲ ਭਲਾਈ ਕਮੇਟੀ ਦੇ ਨਾਲ-ਨਾਲ ਗੈਰ ਸਰਕਾਰੀ ਸੰਸਥਾਵਾਂ ਦੀ ਵੀ ਮਹੱਤਵਪੂਰਨ ਭੂਮਿਕਾ ਹੈ। ਮੀਟਿੰਗ ਵਿਚ ਪੁਲਿਸ ਵਿਭਾਗ ਤੋਂ ਡੀ. ਐਸ. ਪੀ ਸਪੈਸ਼ਲ ਬ੍ਰਾਂਚ ਪ੍ਰੇਮ ਕੁਮਾਰ , ਸਿਹਤ ਵਿਭਾਗ ਤੋਂ ਡਾ. ਮਨਦੀਪ, ਚੇਅਰਪਰਸਨ ਬਾਲ ਭਲਾਈ ਕਮੇਟੀ ਸੋਨੀਆ ਅੰਗਰਿਸ਼, ਸਿੱਖਿਆ ਵਿਭਾਗ ਤੋਂ ਬਲਦੀਸ਼ ਲਾਲ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਬਲਦੇਵ ਭਾਰਤੀ, ਡੀ. ਐਸ. ਐਸ. ਓ ਦਫ਼ਤਰ ਤੋਂ ਸੁਰਜੀਤ ਕੁਮਾਰ, ਬਾਲ ਸੁਰੱਖਿਆ ਯੂਨਿਟ ਤੋਂ ਰਜਿੰਦਰ ਕੌਰ, ਸੰਤੋਸ਼ ਅਤੇ ਐੱਮ. ਸੀ ਦਫ਼ਤਰਾਂ ਦੇ ਨੁਮਾਇੰਦੇ ਵੀ ਹਾਜ਼ਰ ਸਨ।

# ਸਿਹਤ ਵਿਭਾਗ ਵਲੋਂ ਸਿਵਲ ਹਸਪਤਾਲ ਵਿਖੇ ਨਵੀਂ ਓ.ਪੀ.ਜ਼ੀ. ਡੈਂਟਲ (ਐਕਸ-ਰੇ) ਮਸ਼ੀਨ ਦਾ ਉਦਘਾਟਨ ਕੀਤਾ ਗਿਆ



ਅੰਮ੍ਰਿਤਸਰ-(ਲੋਕ ਬਾਣੀ) ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਜਿਲ੍ਹਾ ਹਸਪਤਾਲ ਅੰਮ੍ਰਿਤਸਰ ਵਿਖੇ ਸਿਵਲ ਸਰਜਨ ਡਾ.ਕਿਰਨਦੀਪ ਕੌਰ ਵਲੋਂ ਨਵੀਂ ਓ.ਪੀ.ਜੀ. ਡੈਂਟਲ (ਐਕਸ-ਰੇ) ਮਸ਼ੀਨ ਦਾ ਉਦਘਾਟਨ ਕਰਕੇ ਇਸਨੂੰ ਲੋਕਾਂ ਨੂੰ ਸਮਰਪਿਤ ਕੀਤੀ ਗਈ। ਇਸ ਅਵਸਰ ਤੇ ਡੀ.ਡੀ. ਐਚ.ਓ. ਡਾ.ਜ਼ਗਨਜੋਤ ਕੌਰ ਦੀ ਅਗਵਾਈ ਹੇਠਾਂ ਜ਼ਿਲ੍ਹੇ ਭਰ ਦੇ ਸਮੂਹ ਡੈਂਟਲ ਮੈਡੀਕਲ ਅਫਸਰਾਂ ਵਲੋਂ ਉਹਨਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਤੇ ਡਾ. ਕਿਰਨਦੀਪ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਇਹ ਬਹੁਤ ਹੀ ਸ਼ਲਾਘਾਯੋਗ ਕਦਮ ਹੈ। ਇਹ ਮਸ਼ੀਨਾਂ ਪੂਰੇ ਪੰਜਾਬ ਵਿਚ ਕੇਵਲ ਦੋ ਹੀ ਜਿਲ੍ਹਿਆਂ ਮੋਹਾਲੀ ਅਤੇ ਅੰਮ੍ਰਿਤਸਰ ਵਿੱਚ ਸਥਾਪਿਤ ਕੀਤੀਆਂ ਗਈਆਂ ਹਨ। ਉਹਨਾਂ ਕਿਹਾ ਕਿ ਇਹ ਇੱਕ ਆਧੁਨਿਕ ਟੈਕਨੋਲੋਜੀ ਨਾਲ ਲੈਸ ਮਸ਼ੀਨ ਹੈ। ਇਸ ਮਸ਼ੀਨ ਨਾਲ ਜ਼ਿਲ੍ਹੇ ਭਰ ਵਿਚ ਸਾਰੇ ਲੋੜਵੰਦ ਮਰੀਜਾਂ ਦੇ ਮੁਫਤ ਡੈਂਟਲ ਐਕਸ-ਰੇ ਕੀਤੇ ਜਾਣੇ ਸੰਭਵ ਹੋ ਸਕਣਗੇ ਅਤੇ ਖਾਸ ਕਰਕੇ ਗਰੀਬ ਮਰੀਜਾਂ ਲਈ ਇਹ ਵਰਦਾਨ ਸਾਬਤ ਹੋਵੇਗਾ।

ਇਸ ਅਵਸਰ ਤੇ ਡਿਪਟੀ ਡਾਇਰੈਕਟਰ (ਡੈਂਟਲ) ਡਾ.ਜਗਨਜੋਤ ਕੌਰ ਨੇ ਕਿਹਾ ਓ.ਪੀ.ਜੀ. ਡੈਂਟਲ (ਐਕਸ-ਰੇ) ਮਸ਼ੀਨ ਰਾਹੀਂ ਇਕੋ ਹੀ ਸਮੇਂ ਪੂਰੇ ਮੂੰਹ ਦੇ ਦੰਦਾਂ ਦਾ ਐਕਸ-ਰੇ ਕੀਤਾ ਜਾ ਸਕਦਾ ਹੈ। ਇਸ ਨਾਲ ਦੰਦਾਂ ਦੀਆਂ ਗੰਭੀਰ ਬੀਮਾਰੀਆਂ ਦਾ ਇਲਾਜ ਵਿਚ ਕਾਫੀ ਮਦਦ ਮਿਲੇਗੀ। ਇਸ ਮਸ਼ੀਨ ਦੀ ਮਦਦ ਨਾਲ ਜ਼ਿਲ੍ਹੇ ਭਰ ਦੀਆਂ ਵੱਖ-ਵੱਖ ਸੰਸਥਾਵਾਂ ਤੋਂ ਰੈਫਰ ਕੀਤੇ ਮਰੀਜਾਂ ਦੇ ਐਕਸ-ਰੇ ਵੀ ਕੀਤੇ ਜਾਣਗੇ। ਇਸ ਅਵਸਰ ਤੇ ਸੀਨੀਅਰ ਮੈਡੀਕਲ ਅਫਸਰ ਡਾ.ਸਵਰਨਜੀਤ ਧਵਨ, ਡਿਪਟੀ ਮੈਡੀਕਲ ਕਮਿਸ਼ਨਰ ਡਾ.ਗੁਰਮੀਤ ਕੌਰ,ਸੀਨੀਅਰ ਮੈਡੀਕਲ ਅਫਸਰ ਡਾ.ਰਸ਼ਮੀ ਵਿਜ,ਐਮ.ਈ.ਆਈ.ਓ. ਅਮਰਦੀਪ ਸਿੰਘ, ਡਾ.ਪਰਮਿੰਦਰ ਸਿੰਘ, ਡਾ.ਸ਼ਬਨਮਦੀਪ ਕੌਰ, ਡਾ.ਤਰਨਦੀਪ ਕੌਰ,ਮੈਡਮ ਸੁਮਨ ਅਤੇ ਸਮੂਹ ਸਟਾਫ ਹਾਜਰ ਸਨ।

# ਸਮਾਜ ਵਿੱਚੋਂ ਲੁੱਟਾਂ ਖੋਹਾਂ, ਚੋਰੀ ਤੇ ਨਸ਼ਿਆਂ ਦੇ ਕਾਰੋਬਾਰ ਕਰਨ ਵਾਲਿਆਂ ਦੀ ਹੁਣ ਖੈਰ ਨਹੀਂ : ਸਪੈਸ਼ਲ ਡੀ.ਜੀ.ਪੀ. ਗੁਰਪ੍ਰੀਤ ਕੌਰ ਦਿਓ

ਲੁਧਿਆਣਾ, (ਸੁਖਚੈਨ ਮਹਿਰਾ) ਸਮਾਜ ਵਿੱਚੋਂ ਲੁੱਟਾਂ ਖੋਹਾਂ, ਚੋਰੀ ਤੇ ਨਸ਼ਿਆਂ ਦੇ ਕਾਰੋਬਾਰ ਨੂੰ ਰੋਕਣ ਵਾਸਤੇ ਡੀ.ਜੀ.ਪੀ. ਪੰਜਾਬ ਸ਼੍ਰੀ ਗੌਰਵ ਯਾਦਵ ਦੇ ਦਿਸ਼ਾ ਨਿਰਦੇਸ਼ਾਂ ਤੇ ਪੰਜਾਬ ਪੁਲਿਸ ਵੱਲੋਂ ਕੈਸੋ (ਸਰਚ ਅਭਿਆਨ) ਮੁਹਿੰਮ ਤਹਿਤ ਬੁੱਧਵਾਰ ਨੂੰ ਸ੍ਰੀਮਤੀ ਗੁਰਪ੍ਰੀਤ ਕੌਰ ਦਿਓ ਸਪੈਸ਼ਲ ਡੀ.ਜੀ.ਪੀ, ਸੀ.ਏ.ਡੀ ਅਤੇ ਮਹਿਲਾ ਮਾਮਲੇ, ਪੰਜਾਬ ਦੀ ਅਗਵਾਈ ਵਿੱਚ ਲੁਧਿਆਣਾ ਦੇ ਸੰਵੇਦਨਸ਼ੀਲ ਇਲਾਕੇ ਜਿਨ੍ਹਾਂ ਵਿੱਚ ਬੱਸ ਅੱਡਾ, ਸੀ.ਆਰ.ਪੀ.ਐਫ ਕਲੋਨੀ ਦੁੱਗਰੀ, ਸੂਰਜ ਨਗਰ ਸ਼ਿਮਲਾਪੁਰੀ ਦੇ ਵੱਖ-ਵੱਖ ਥਾਵਾਂ ਤੇ ਚੈਕਿੰਗ ਕੀਤੀ ਗਈ। ਇਸ ਮੌਕੇ ਉਨ੍ਹਾਂ ਦੇ ਨਾਲ ਪੁਲਿਸ ਕਮਿਸ਼ਨਰ ਸ੍ਰੀ ਕੁਲਦੀਪ ਸਿੰਘ ਚਾਹਲ ਤੋ ਇਲਾਵਾ ਵੱਡੀ ਗਿਣਤੀ ਵਿੱਚ ਪੁਲਿਸ ਕਮਿਸ਼ਨਰੇਟ ਦੇ ਸੀਨੀਅਰ ਪੁਲਿਸ ਅਧਿਕਾਰੀ ਤੇ ਕਰਮਚਾਰੀ ਵੀ ਮੌਜੂਦ ਸਨ।

ਸ੍ਰੀਮਤੀ ਗੁਰਪ੍ਰੀਤ ਕੌਰ ਦਿਓ ਨੇ ਕਿਹਾ ਕਿ ਜਿਹੜਾ ਕੈਸੋ ਸਰਚ ਅਭਿਆਨ ਕਰ ਰਹੇ ਹਾਂ, ਉਸ ਦਾ ਮੰਤਵ ਲੋਕਾਂ ਦਾ ਪੁਲਿਸ ਪ੍ਰਤੀ ਭਰੋਸਾ ਵਧੇ ਅਤੇ ਲੋਕ ਜੁਰਮ ਪ੍ਰਤੀ ਜਾਗਰੂਕ ਹੋਣ। ਉਨ੍ਹਾਂ ਕਿਹਾ ਕਿ ਆਮ ਤੌਰ ਤੇ ਲੋਕਾਂ ਨੂੰ ਸ਼ਿਕਾਇਤ ਰਹਿੰਦੀ ਹੈ ਕਿ ਪੁਲਿਸ ਦੀ ਮੌਜੂਦਗੀ ਨਹੀ ਹੁੰਦੀ ਅਤੇ ਇੱਥੇ ਪੁਲਿਸ ਦੀ ਮੌਜੂਦਗੀ ਦੇ ਨਾਲ ਜਿਹੜਾ ਮਾੜਾ ਅਨਸਰ ਹੈ, ਉਸ ਤੇ ਦਬਾਅ ਪਾਉਣ ਲਈ ਇਹ ਸਰਚ ਅਭਿਆਨ ਸਮੇਂ-ਸਮੇਂ ਤੇ ਕਰਦੇ ਹਾਂ। ਉਨ੍ਹਾਂ ਕਿਹਾ ਕਿ ਅੱਜ ਇਹ ਸਰਚ ਅਭਿਆਨ ਲੁਧਿਆਣਾ ਦੇ ਸੰਵੇਦਨਸ਼ੀਲ ਇਲਾਕੇ ਜਿਨ੍ਹਾਂ ਵਿੱਚ ਬੱਸ ਅੱਡਾ, ਸੀ.ਆਰ.ਪੀ.ਐਫ ਕਲੋਨੀ ਦੁੱਗਰੀ, ਸੂਰਜ ਨਗਰ ਸ਼ਿਮਲਾਪੁਰੀ ਆਦਿ ਥਾਵਾਂ ਤੇ ਕੀਤਾ ਗਿਆ ਹੈ, ਤਾਂ ਕਿ ਇਸ ਦਾ ਜ਼ਿਆਦਾ ਪ੍ਰਭਾਵ ਹੋਵੇ। ਉਨ੍ਹਾਂ ਕਿਹਾ ਕਿ ਪੁਲਿਸ ਦੀਆਂ ਵੀ ਸੀਮਾਵਾਂ ਹੁੰਦੀਆਂ ਹਨ। ਸਪੈਸ਼ਲ ਡੀ.ਜੀ.ਪੀ ਨੇ ਅੱਗੇ ਕਿਹਾ ਕਿ ਇਸ ਤੋ ਇਲਾਵਾ ਪੰਚਾਇਤ ਚੋਣਾਂ ਅਤੇ ਤਿਓਹਾਰਾਂ ਦੇ ਮੱਦੇਨਜ਼ਰ ਲੋਕਾਂ ਦੀ ਸੁਰੱਖਿਆ ਲਈ ਵੀ ਪੁਲਿਸ ਪੂਰੀ ਤਰਾਂ ਨਾਲ ਮੁਸਤੈਦ ਹੈ। ਉਨ੍ਹਾਂ ਨੇ ਕਿਹਾ ਕਿ ਤਿਓਹਾਰਾਂ ਕਾਰਨ ਪੁਲਿਸ ਵੱਲੋਂ ਸਖ਼ਤ ਚੌਕਸੀ ਰੱਖੀ ਜਾ ਰਹੀ ਹੈ। ਉਨ੍ਹਾਂ ਨੇ ਕਿਹਾ ਕਿ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਪੰਚਾਇਤ ਚੋਣਾਂ ਵਿਚ ਸਖ਼ਤ ਸੁਰੱਖਿਆ ਪ੍ਰਬੰਧ ਕੀਤੇ ਜਾ ਰਹੇ ਹਨ ਅਤੇ ਚੋਣਾਂ ਪੂਰੀ ਤਰਾਂ ਨਿਰਪੱਖ ਅਤੇ ਸਾਂਤਮਈ ਤਰੀਕੇ ਨਾਲ ਕਰਵਾਈਆਂ ਜਾਣਗੀਆਂ।



ਸਪੈਸ਼ਲ ਡੀ.ਜੀ.ਪੀ. ਦਿਓ ਨੇ ਕਿਹਾ ਕਿ ਸਮਾਜ ਵਿੱਚੋਂ ਲੁੱਟਾਂ ਖੋਹਾਂ, ਚੋਰੀ ਤੇ ਨਸ਼ਿਆਂ ਦੇ ਕਾਰੋਬਾਰ ਕਰਨ ਵਾਲਿਆਂ ਦੀ ਹੁਣ ਖੈਰ ਨਹੀਂ ਹੋਵੇਗੀ। ਉਨ੍ਹਾਂ ਨਸ਼ਿਆਂ ਦਾ ਕਾਰੋਬਾਰ ਕਰਨ ਵਾਲਿਆਂ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਅਜੇ ਵੀ ਵਕਤ ਹੈ ਕਿ ਉਹ ਨਸ਼ਿਆਂ ਦਾ ਕਾਰੋਬਾਰ ਛੱਡ ਕੇ ਸਹੀ ਰਾਹ ਤੇ ਆ ਜਾਣ ਨਹੀਂ ਤਾਂ ਪੁਲਿਸ ਨਸ਼ਿਆਂ ਦਾ ਖਾਤਮਾ ਕਰਨ ਵਾਸਤੇ ਪੂਰੀ ਸਖ਼ਤੀ ਨਾਲ ਕਦਮ ਉਠਾਵੇਗੀ। ਉਨ੍ਹਾਂ ਦੱਸਿਆ ਕਿ ਪੁਲਿਸ ਨੇ ਪਿਛਲੇ ਸਮੇਂ ਦੌਰਾਨ ਨਸ਼ਿਆਂ ਦਾ ਕਾਰੋਬਾਰ ਕਰਨ ਵਾਲੇ ਕਈ ਵਿਅਕਤੀਆਂ ਦੀਆਂ ਜਾਇਦਾਦਾਂ ਵੀ ਅਟੈਚ ਕੀਤੀਆਂ ਹਨ ਅਤੇ ਉਨ੍ਹਾਂ ਨੂੰ ਜੇਲ੍ਹਾਂ ਅੰਦਰ ਡੱਕਿਆ ਹੈ।

# ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਮਸ਼ੀਨਰੀ ਦੀ ਸੁਚੱਜੀ ਵਰਤੋਂ ਬਾਰੇ ਕੀਤਾ ਜਾ ਰਿਹਾ ਪ੍ਰੇਰਿਤ





ਬਰਨਾਲਾ, (ਲੋਕ ਬਾਣੀ) ਜ਼ਿਲ੍ਹੇ ਵਿੱਚ ਪਰਾਲੀ ਨਾ ਸਾੜਨ ਨੂੰ ਯਕੀਨੀ ਬਣਾਉਣ ਦੇ ਮੰਤਵ ਲਈ ਡਿਪਟੀ ਕਮਿਸ਼ਨਰ ਬਰਨਾਲਾ ਮੈਡਮ ਪੂਨਮਦੀਪ ਕੌਰ ਦੀ ਅਗਵਾਈ ਹੇਠ ਜ਼ਿਲ੍ਹੇ ਦੇ ਵੱਖ ਵੱਖ ਪਿੰਡਾਂ ਵਿਚ ਕੈਂਪ ਲਗਾ ਕੇ ਕਿਸਾਨਾਂ ਅਤੇ ਪਿੰਡ ਪੱਧਰੀ ਕਮੇਟੀਆਂ ਨੂੰ ਪਰਾਲੀ ਸਾੜਨ ਦੇ ਨੁਕਸਾਨਾਂ ਅਤੇ ਪਰਾਲੀ ਪ੍ਰਬੰਧਨ ਮਸ਼ੀਨਰੀ ਦੀ ਸੁਚੱਜੀ ਵਰਤੋਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਲੜੀ ਤਹਿਤ ਵਧੀਕ ਡਿਪਟੀ ਕਮਿਸ਼ਨਰ (ਜ) ਲਤੀਫ਼ ਅਹਿਮਦ ਦੀ ਅਗਵਾਈ ਹੇਠ ਪਿੰਡ ਨਿਹਾਲੂਵਾਲ ਵਿੱਚ ਕੈਂਪ ਲਾਇਆ ਗਿਆ ਅਤੇ ਕਿਸਾਨਾਂ ਨੂੰ ਜਾਗਰੂਕ ਕੀਤਾ ਕੀਤਾ ਗਿਆ। ਇਸੇ ਤਰ੍ਹਾਂ ਐੱਸ ਡੀ ਐਮ ਬਰਨਾਲਾ ਗੁਰਬੀਰ ਸਿੰਘ ਕੋਹਲੀ ਦੀ ਅਗਵਾਈ ਹੇਠ ਪਿੰਡ ਭੈਣੀ ਮਹਿਰਾਜ ਵਿੱਚ ਕੈਂਪ ਲਾਇਆ ਗਿਆ। ਇਸ ਮੌਕੇ ਉਨ੍ਹਾਂ ਕਿਹਾ ਕਿ ਪਰਾਲੀ ਨੂੰ ਅੱਗ ਲਾਉਣ ਨਾਲ ਜਿੱਥੇ ਵਾਤਾਵਰਣ ਦਾ ਨੁਕਸਾਨ ਹੁੰਦਾ ਹੈ ਓਥੇ ਮਨੁੱਖੀ ਸਿਹਤ ਤੇ ਪਸ਼ੂ ਪੰਛੀਆਂ ਦਾ ਵੀ ਨੁਕਸਾਨ ਹੁੰਦਾ ਹੈ।ਇਸ ਤੋਂ ਇਲਾਵਾ ਪਿੰਡ ਹੰਡਿਆਇਆ (ਕੋਠੇ ਸਰਾਂ), ਉੱਗੋਕੇ, ਮਾਨਾ ਪਿੰਡੀ ਧਨੌਲਾ, ਖੁੱਡੀ ਕਲਾਂ ਆਦਿ ਪਿੰਡਾਂ ਵਿਚ ਵੱਖ ਵੱਖ ਅਧਿਕਾਰੀਆਂ ਵਲੋਂ ਮੀਟਿੰਗਾਂ ਕੀਤੀਆਂ ਗਈਆਂ।

# ਜੇਲ ਚ ਬੰਦ ਇਰਫਾਨ ਸੋਲੰਕੀ ਦੀ ਪਤਨੀ ਨਸੀਮ ਨੂੰ ਕਾਨਪੁਰ ਦੇ ਸਿਸਾਮਾਊ ਤੋਂ ਐੱਸਪੀ ਦੀ ਟਿਕਟ ਮਿਲੀ ਹੈ

ਕਾਨਪੁਰ (ਸੁਨੀਲ ਬਾਜਪਾਈ) ਸਮਾਜਵਾਦੀ ਪਾਰਟੀ ਨੇ ਇਰਫਾਨ ਸੋਲੰਕੀ ਦੀ ਪਤਨੀ ਨਸੀਮ ਸੋਲੰਕੀ ਨੂੰ ਦੋਸ਼ੀ ਕਰਾਰ ਦਿੱਤੇ ਜਾਣ ਕਾਰਨ ਖਾਲੀ ਹੋਈ ਸਿਸਾਮਉ ਸੀਟ ਦੀ ਉਪ ਚੋਣ ਲਈ ਆਪਣਾ ਉਮੀਦਵਾਰ ਐਲਾਨ ਦਿੱਤਾ ਹੈ।

ਨਸੀਮ ਸੋਲੰਕੀ ਦੇ ਨਾਂ 'ਤੇ ਜਥੇਬੰਦੀ ਅਤੇ ਪਾਰਟੀ ਵਰਕਰਾਂ ਨੇ ਵੀ ਸਹਿਮਤੀ ਜਤਾਈ। ਟਿਕਟ ਦਾ ਐਲਾਨ ਹੁੰਦੇ ਹੀ ਪਾਰਟੀ ਵਿਧਾਇਕ ਅਮਿਤਾਭ ਬਾਜਪਾਈ ਨੇ ਖੁਸ਼ੀ ਜ਼ਾਹਰ ਕਰਦਿਆਂ ਕਿਹਾ ਕਿ ਨਾਂ ਦਾ ਐਲਾਨ ਹੁੰਦੇ ਹੀ ਜਿੱਤ ਤੇ ਮੋਹਰ ਲੱਗ ਗਈ।

ਨਸੀਮ ਸੋਲੰਕੀ ਦੇ ਨਾਂ ਨੂੰ ਮਨਜ਼ੂਰੀ ਮਿਲਣ ਤੋਂ ਬਾਅਦ ਭਾਜਪਾ ਦੇ ਖੇਮੇ ਵਿੱਚ ਨਵੀਂ ਮੰਥਨ ਸ਼ੁਰੂ ਹੋ ਗਈ ਹੈ। ਅਸਲ ਚ ਜੇਕਰ ਨਸੀਮ ਨੂੰ ਟਿਕਟ ਮਿਲਦੀ ਹੈ ਤਾਂ ਇਕ ਪਾਸੇ ਉਨ੍ਹਾਂ ਨੂੰ ਭਾਵੁਕ ਵੋਟਾਂ ਮਿਲਣਗੀਆਂ ਤਾਂ ਦੂਜੇ ਪਾਸੇ ਇਰਫਾਨ ਨਾਲ ਜੁੜੇ ਹਿੰਦੂਆਂ ਨੂੰ ਵੀ ਵੋਟਾਂ ਮਿਲ ਸਕਦੀਆਂ ਹਨ। ਹਾਲਾਂਕਿ, ਭਾਜਪਾ ਹਿੰਦੂ ਵੋਟਰਾਂ ਨੂੰ ਸਪਾ ਵਿੱਚ ਸ਼ਾਮਲ ਹੋਣ ਤੋਂ ਰੋਕਣ ਦੀ ਪੂਰੀ ਕੋਸ਼ਿਸ਼ ਕਰ ਰਹੀ ਹੈ।

ਯਾਦ ਰਹੇ ਕਿ ਸਪਾ ਵਿਧਾਇਕ ਇਰਫਾਨ ਸੋਲੰਕੀ ਨੂੰ ਐਮਪੀਐਮਐਲਏ ਅਦਾਲਤ ਵੱਲੋਂ ਮਹਿਲਾ ਦੇ ਘਰ ਨੂੰ ਸਾੜਨ ਦੇ ਦੋਸ਼ ਵਿੱਚ 7 ਸਾਲ ਦੀ ਸਜ਼ਾ ਸੁਣਾਏ ਜਾਣ ਤੋਂ ਬਾਅਦ ਉਨ੍ਹਾਂ ਦੀ ਵਿਧਾਨ ਸਭਾ ਮੈਂਬਰੀ ਰੱਦ ਹੋਣ ਕਾਰਨ ਹੁਣ ਸਿਸਾਮਾਊ ਵਿੱਚ ਉਪ ਚੋਣ ਹੋਣੀ ਹੈ। ਇਸ ਮਾਮਲੇ ਵਿੱਚ ਇਰਫਾਨ 2 ਦਸੰਬਰ 2022 ਤੋਂ ਜੇਲ੍ਹ ਵਿੱਚ ਹੈ।



ਜਿੱਥੋਂ ਤੱਕ ਸਿਸਾਮਉ ਉਪ ਚੋਣ ਦਾ ਸਬੰਧ ਹੈ। 2012 ਤੋਂ ਹੁਣ ਤੱਕ ਇਸ ਸੀਟ ਤੇ 3 ਵਿਧਾਨ ਸਭਾ ਚੋਣਾਂ ਹੋ ਚੁੱਕੀਆਂ ਹਨ। ਇਰਫਾਨ ਸੋਲੰਕੀ ਦੇ ਜੇਲ੍ਹ ਜਾਣ ਤੋਂ ਬਾਅਦ ਪਹਿਲੀ ਵਾਰ ਜ਼ਿਮਨੀ ਚੋਣਾਂ ਹੋ ਰਹੀਆਂ ਹਨ। ਇਸ ਸੀਟ ਤੇ ਭਾਜਪਾ ਹਮੇਸ਼ਾ ਦੂਜੇ ਨੰਬਰ ਤੇ ਰਹੀ, ਪਰ ਜਿੱਤ ਦਰਜ ਨਹੀਂ ਕਰ ਸਕੀ। ਇਸ ਸੀਟ ਤੇ ਮੁਸਲਿਮ ਨਿਰਣਾਇਕ ਹੈ।

# ਮਸ਼ਹੂਰ ਸੂਫੀ ਗਾਇਕ ਅਮਿਕਾ ਧਾਲੀਵਾਲ ਦੇ ਨਵੇਂ ਸੂਫੀ ਗੀਤ ਦੀਦਾਰ ਹੋ ਗਿਆ ਦਾ ਰੰਗਦਾਰ ਪੋਸਟਰ ਰਿਲੀਜ਼

ਪਟਿਆਲਾ (ਲੋਕ ਬਾਣੀ)

ਨਿਰਮਾਤਾ ਦਲਬਾਰਾ ਐਸ ਦੁਬਈ ਅਤੇ ਨਿਰਦੇਸ਼ਕ ਜੋਗਾ ਸਿੰਘ ਵੱਲੋਂ ਪ੍ਰਸਿੱਧ ਸੂਫੀ ਗਾਇਕ ਅਮਿਕਾ ਧਾਲੀਵਾਲ ਦੇ ਨਵੇਂ ਗੀਤ ਦੀਦਾਰ ਹੋ ਗਿਆ ਦਾ ਪੋਸਟਰ ਰਿਲੀਜ਼ ਸਮਾਗਮ ਸ਼ਾਹੀ ਸ਼ਹਿਰ ਸਨੌਰ ਵਿਖੇ ਕਰਵਾਇਆ ਗਿਆ।

ਪ੍ਰੋਗਰਾਮ ਦੇ ਮੁੱਖ ਮਹਿਮਾਨ ਉੱਘੇ ਵਾਤਾਵਰਣ ਅਤੇ ਕਲਾ ਪ੍ਰੇਮੀ ਰੋਟੇਰੀਅਨ ਭਗਵਾਨ ਦਾਸ ਗੁਪਤਾ ਸਾਬਕਾ ਪ੍ਰਧਾਨ ਰੋਟਰੀ ਕਲੱਬ ਪਟਿਆਲਾ ਮਿਡ ਟਾਊਨ ਸਨ। ਅੰਤਰਰਾਸ਼ਟਰੀ ਪੱਤਰਕਾਰ ਅਤੇ ਲੇਖਕ ਨਰਪਾਲ ਸ਼ੇਰਗਿੱਲ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ।



ਇਸ ਸਾਦੇ ਪਰ ਪ੍ਰਭਾਵਸ਼ਾਲੀ ਸਮਾਗਮ ਵਿੱਚ ਗੀਤ ਦਾ ਰੰਗਦਾਰ ਪੋਸਟਰ ਰਿਲੀਜ਼ ਕਰਨ ਦੀ ਰਸਮ ਮੁੱਖ ਮਹਿਮਾਨ ਭਗਵਾਨ ਦਾਸ ਗੁਪਤਾ ਦੇ ਨਾਲ ਨਰਪਾਲ ਸ਼ੇਰਗਿੱਲ, ਦਲਬਾਰਾ ਐਸ, ਜੋਗਾ ਸਿੰਘ ਖੀਵਾ, ਗਾਇਕ ਅਮਿਕਾ ਧਾਲੀਵਾਲ, ਮਨਜਿੰਦਰ ਸਿੰਘ, ਸੰਪਾਦਕ ਸੰਨੀ ਕੰਬੋਜ਼ ਵੱਲੋਂ ਸੰਪੰਨ ਹੋਈ। ਦੀਦਾਰ ਹੋ ਗਿਆ ਗੀਤ ਨੂੰ ਸੰਗੀਤਕਾਰ ਤਰਲੋਚਨ ਤੋਚੀਬਾਈ ਨੇ ਤਿਆਰ ਕੀਤਾ ਹੈ ਅਤੇ ਗੀਤ ਨੂੰ ਮਸ਼ਹੂਰ ਕੈਮਰਾਮੈਨ ਦਰਸ਼ਨ ਸਿੱਧੂ ਨੇ ਫਿਲਮਾਇਆ ਹੈ।

ਲਾਂਚ ਮੌਕੇ ਬੋਲਦਿਆਂ ਭਗਵਾਨ ਦਾਸ ਗੁਪਤਾ ਨੇ ਕਿਹਾ ਕਿ ਸੰਗੀਤ ਰੂਹ ਦੀ ਖੁਰਾਕ ਹੈ। ਸੰਗੀਤ ਟੁੱਟੇ ਦਿਲਾਂ ਲਈ ਮਲ੍ਹਮ ਅਤੇ ਦਵਾਈ ਦਾ ਕੰਮ ਕਰਦਾ ਹੈ।

ਪ੍ਰਬੰਧਕਾਂ ਨੂੰ ਵਧਾਈ ਦਿੰਦਿਆਂ ਸ਼੍ਰੀ ਗੁਪਤਾ ਨੇ ਗੀਤ ਦੀ ਸਫਲਤਾ ਦੀ ਕਾਮਨਾ ਕੀਤੀ ਅਤੇ ਗਾਇਕਾ ਅਮਿਕਾ ਧਾਲੀਵਾਲ ਅਤੇ ਸਮੁੱਚੀ ਟੀਮ ਨੂੰ ਆਸ਼ੀਰਵਾਦ ਵੀ ਦਿੱਤਾ।

ਡਾਇਰੈਕਟਰ ਜੋਗਾ ਸਿੰਘ ਖੀਵਾ ਨੇ ਦੱਸਿਆ ਕਿ ਇਸ ਖੂਬਸੂਰਤ ਗੀਤ ਨੂੰ ਕੌਰ ਏਂਜਲਸ ਦੇ ਯੂਟਿਊਬ ਚੈਨਲ ਤੇ ਦੇਖਿਆ ਜਾ ਸਕਦਾ ਹੈ।

ਇਸ ਮੌਕੇ ਦਰਸ਼ਨ ਸਿੰਘ ਫੌਜੀ, ਕੁਲਜੀਤ ਐਸ ਦੁਬਈ, ਜਗਦੀਸ਼ ਕੁਮਾਰ ਰੁਪਾਲੀ, ਪਰਮਜੀਤ ਪੰਮੀ ਅਤੇ ਬਹੁਤ ਸਾਰੇ ਦੋਸਤ ਹਾਜ਼ਰ ਸਨ।

# ਕਰੀਬ 3.1 ਕਰੋੜ ਰੁਪਏ ਦੀ ਲਾਗਤ ਨਾਲ ਰਮਦਾਸ ਰੇਲਵੇ ਸਟੇਸ਼ਨ ਦਾ ਕੀਤਾ ਜਾਵੇਗਾ ਨਵੀਨੀਕਰਨ - ਧਾਲੀਵਾਲ

ਅੰਮ੍ਰਿਤਸਰ,(ਲੋਕ ਬਾਣੀ) ਪੰਜਾਬ ਦੇ ਪ੍ਰਵਾਸੀ ਭਾਰਤੀ ਮਾਮਲਿਆਂ ਵਿਭਾਗ ਦੇ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਅੱਜ ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਦਾ ਕੀਤਾ ਧੰਨਵਾਦ ਕਰਦਿਆਂ ਕਿਹਾ ਕਿ ਉਨਾਂ ਵਲੋਂ ਰਮਦਾਸ ਰੇਲਵੇ ਸਟੇਸ਼ਨ ਦਾ ਨਵੀਨੀਕਰਨ ਕਰਨ ਲਈ 3 ਕਰੋੜ 1 ਲੱਖ 78 ਹਜ਼ਾਰ ਰੁਪਏ ਜਾਰੀ ਕੀਤੇ ਹਨ। ਜਿਸ ਨਾਲ ਯਾਤਰੂਆਂ ਦੀ ਸੁਵਿਧਾਵਾਂ ਲਈ ਰਮਦਾਸ/ਆਰ.ਡੀ.ਐਸ. ਰੇਲਵੇ ਸਟੇਸ਼ਨ ਵਿਖੇ ਉੱਚ ਪੱਧਰੀ ਪੱਕਾ ਪਲੇਟਫਾਰਮ ਬਣਾਉਣ, ਰੇਲਗੱਡੀਆਂ ਦੀ ਉਡੀਕ ਕਰ ਰਹੇ ਯਾਤਰੀਆਂ ਲਈ ਆਸਰਾ/ਸ਼ੈਡ, ਰੋਸ਼ਨੀ ਅਤੇ ਪੱਖੇ ਵਰਗੀਆਂ ਜਨਤਕ ਸਹੂਲਤਾਂ ਦੇ ਨਾਲ ਪੀਣ ਵਾਲੇ ਪਾਣੀ ਦੀ ਸਹੂਲਤ ਆਦਿ ਪ੍ਰਬੰਧ ਵੀ ਕੀਤੇ ਜਾਣਗੇ।

ਉਨਾਂ ਕਿਹਾ ਕਿ ਇਕ ਮਹੀਨਾ ਪਹਿਲਾਂ ਹੀ ਅੱਜ ਦੇ ਦਿਨ ਉਨਾਂ ਵਲੋਂ ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੂੰ ਮਿਲ ਕੇ ਰਮਦਾਸ ਰੇਲਵੇ ਸਟੇਸ਼ਨ ਦੇ ਨਵੀਨੀਕਰਨ ਲਈ ਗੱਲਬਾਤ ਕੀਤੀ ਗਈ ਸੀ ਅਤੇ ਉਨਾਂ ਵਲੋਂ ਪੂਰੇ ਇਕ ਮਹੀਨੇ ਦੇ ਅੰਦਰ ਅੰਦਰ ਇਸ ਕੰਮ ਨੂੰ ਕਰ ਦਿੱਤਾ ਹੈ। ਧਾਲੀਵਾਲ ਨੇ ਕਿਹਾ ਕਿ ਉਨਾਂ ਵਲੋਂ ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੂੰ ਅਜਨਾਲਾ-ਬੱਲੜ੍ਹਵਾਲ ਸਰਹੱਦੀ ਖੇਤਰ ਨੂੰ ਅੰਮ੍ਰਿਤਸਰ ਸਾਹਿਬ ਰੇਲ ਮਾਰਗ ਰਾਹੀਂ ਪੂਰੇ ਭਾਰਤ ਨਾਲ ਜੋੜਨ ਦਾ ਮੁੱਦਾ ਵੀ ਉਠਾਇਆ ਗਿਆ ਸੀ, ਜਿਸ ਤੇ ਉਨਾਂ ਵਲੋਂ ਆਪਣੀ ਸਹਿਮਤੀ ਦਿੱਤੀ ਗਈ ਸੀ।

ਧਾਲੀਵਾਲ ਨੇ ਰਮਦਾਸ/ਆਰ.ਡੀ.ਐਸ. ਰੇਲਵੇ ਸਟੇਸ਼ਨ ਦਾ ਨਾਮ ਸ੍ਰੀ ਹਰਿਮੰਦਰ ਸਾਹਿਬ, ਅੰਮ੍ਰਿਤਸਰ ਦੇ ਪਹਿਲੇ ਮੁੱਖ ਗ੍ਰੰਥੀ ਬਾਬਾ ਬੁੱਢਾ ਸਾਹਿਬ ਜੀ ਦੇ ਨਾਮ 'ਤੇ ਰੱਖਣ ਦੀ ਮੰਗ ਵੀ ਉਠਾਈ ਹੈ, ਜੋ ਕਿ ਲੋਕਾਂ ਵਿੱਚ ਬਹੁਤ ਸਤਿਕਾਰੇ ਜਾਂਦੇ ਹਨ। ਸ. ਧਾਲੀਵਾਲ ਨੇ ਕਿਹਾ ਕਿ ਕੇਂਦਰੀ ਰੇਲ ਰਾਜ ਮੰਤਰੀ ਕੋਲ ਇਸ ਸਟੇਸ਼ਨ 'ਤੇ ਰੇਲ ਗੱਡੀਆਂ ਦੀ ਆਵਾਜਾਈ 04 ਜੋੜਿਆਂ ਤੋਂ ਵਧਾ ਕੇ ਘੱਟੋ-ਘੱਟ 06 ਜੋੜੇ ਕਰਨ ਦੀ ਮੰਗ ਵੀ ਕੀਤੀ ਹੈ ਤਾਂ ਜੋ ਅੰਮ੍ਰਿਤਸਰ ਜ਼ਿਲ੍ਹੇ ਦੇ ਜ਼ਿਆਦਾਤਰ ਲੋਕਾਂ ਦੀ ਅਣਮੁੱਲੀ ਮੰਗ ਨੂੰ ਪੂਰਾ ਕੀਤਾ ਜਾ ਸਕੇ। ਇਸ ਤੋਂ ਇਲਾਵਾ ਵੇਰਕਾ ਤੋਂ ਅੰਮ੍ਰਿਤਸਰ ਜਾਂ ਇਸ ਤੋਂ ਅੱਗੇ ਚੱਲਣ ਵਾਲੀਆਂ ਟਰੇਨਾਂ ਨੂੰ ਵਧਾਉਣ ਦੀ ਮੰਗ ਵੀ ਕੇਂਦਰੀ ਮੰਤਰੀ ਤੋਂ ਕੀਤੀ ਗਈ ਹੈ।

ਪ੍ਰਵਾਸੀ ਭਾਰਤੀ ਮਾਮਲਿਆਂ ਬਾਰੇ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਹੈ ਕਿ ਅੰਮ੍ਰਿਤਸਰ ਤੋਂ ਡੇਰਾ ਬਾਬਾ ਨਾਨਕ ਵਿਚਕਾਰ ਰੇਲ ਸੇਵਾ ਉਪਲੱਬਧ ਹੈ। ਉਨ੍ਹਾਂ ਕਿਹਾ ਕਿ ਅਜਨਾਲਾ ਖੇਤਰ ਦੇ ਲੋਕਾਂ ਦੀ ਸਹੂਲਤ ਲਈ, ਪਿੰਡ ਬੱਲੜ੍ਹਵਾਲ (ਜੋ ਕਿ ਭਾਰਤ-ਪਾਕਿ ਵੰਡ ਤੋਂ ਇੱਕ ਵੱਡਾ ਵਪਾਰਕ ਕੇਂਦਰ ਸੀ) ਰਾਹੀਂ ਰੇਲ ਸੰਪਰਕ ਦੀ ਲੋੜ ਹੈ।

ਲੋਕਾਂ ਦੀਆਂ ਮੈਡੀਕਲ, ਰੋਜ਼ਗਾਰ ਅਤੇ ਵਿੱਦਿਅਕ ਆਦਿ ਲੋੜਾਂ ਪੂਰੀਆਂ ਕਰਨ ਵਾਲੇ ਪ੍ਰਮੁੱਖ ਸ਼ਹਿਰ ਵਜੋਂ ਅੰਮ੍ਰਿਤਸਰ ਦੀ ਮਹੱਤਤਾ ਨੂੰ ਦਰਸਾਉਂਦੇ ਹੋਏ, ਪ੍ਰਵਾਸੀ ਭਾਰਤੀ ਮਾਮਲਿਆਂ ਵਿਭਾਗ ਦੇ ਮੰਤਰੀ ਨੇ ਕਿਹਾ ਹੈ ਕਿ ਰੇਲ ਨੈੱਟਵਰਕ ਨਾਲ ਜੁੜਨ ਨਾਲ ਮੈਡੀਕਲ ਮਰੀਜ਼ਾਂ, ਉਦਯੋਗਿਕ ਮਜ਼ਦੂਰਾਂ ਅਤੇ ਮਜ਼ਦੂਰ ਵਰਗ ਅਤੇ ਵਿਦਿਆਰਥੀ ਆਦਿ ਸਮੇਤ ਵੱਡੀ ਪੱਧਰ 'ਤੇ ਲੋਕਾਂ ਦੀ ਸੇਵਾ ਹੋਵੇਗੀ।

ਉਨ੍ਹਾਂ ਕਿਹਾ ਕਿ "ਪ੍ਰਸਤਾਵਿਤ ਕੁਨੈਕਟੀਵਿਟੀ ਨਾ ਸਿਰਫ਼ ਸਥਾਨਕ ਲੋਕਾਂ ਨੂੰ ਸਹੂਲਤ ਦੇਵੇਗੀ ਬਲਕਿ ਧਾਰਮਿਕ ਸੈਰ-ਸਪਾਟੇ ਨੂੰ ਹੁਲਾਰਾ ਦੇਣ ਵਿੱਚ ਵੀ ਮਦਦਗਾਰ ਹੋਵੇਗੀ। ਬਾਬਾ ਬੁੱਢਾ ਸਾਹਿਬ ਜੀ ਦੇ ਜੋਤੀ ਜੋਤ ਅਸਥਾਨ ਕਾਰਨ ਇਸ ਖੇਤਰ ਦੀ ਉੱਚ ਧਾਰਮਿਕ ਮਹੱਤਤਾ ਹੈ, ਇੱਕ ਇਤਿਹਾਸਕ ਗੁਰੂਦੁਆਰਾ ਬਾਬਾ ਗਮਚੱਕ ਜੀ ਵੀ ਬੱਲੜ੍ਹਵਾਲ ਵਿਖੇ ਸਥਿਤ ਹੈ।" ਉਨ੍ਹਾਂ ਕਿਹਾ ਕਿ, "ਦੇਸ਼ ਦੇ ਵੱਖ-ਵੱਖ ਹਿੱਸਿਆਂ ਤੋਂ ਲੋਕ ਲਗਾਤਾਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਮੱਥਾ ਟੇਕਣ ਦੇ ਨਾਲ-ਨਾਲ ਇਸ ਖੇਤਰ ਵਿੱਚ ਆਉਂਦੇ ਹਨ"। ਉਨ੍ਹਾਂ ਕਿਹਾ ਕਿ ਕੇਂਦਰੀ



ਰੇਲ ਰਾਜ ਮੰਤਰੀ ਸ. ਰਵਨੀਤ ਸਿੰਘ ਬਿੱਟੂ ਨੇ ਇਹ ਵੀ ਭਰੋਸਾ ਦਿੱਤਾ ਸੀ ਕਿ ਰਮਦਾਸ ਰੇਲਵੇ ਸਟੇਸ਼ਨ ਨੂੰ 6 ਮਹੀਨੇ 'ਚ ਨਵੀਂ ਦਿੱਖ ਦਿੱਤੀ ਜਾਵੇਗੀ ਅਤੇ ਇਸ ਸਟੇਸ਼ਨ ਦਾ ਨਾਂ ਬਾਬਾ ਬੁੱਢਾ ਸਾਹਿਬ ਜੀ ਦੇ ਨਾਮ 'ਤੇ ਰੱਖਿਆ ਜਾਵੇਗਾ। ਕੇਂਦਰੀ ਮੰਤਰੀ ਨੇ ਅਜਨਾਲਾ-ਬੱਲੜ੍ਹਵਾਲ ਸਰਹੱਦੀ ਖੇਤਰ ਨੂੰ ਸ੍ਰੀ ਅੰਮ੍ਰਿਤਸਰ ਸਾਹਿਬ ਰੇਲ ਮਾਰਗ ਰਾਹੀਂ ਪੂਰੇ ਭਾਰਤ ਨਾਲ ਜੋੜਨ ਦੀ ਮੰਗ ਨੂੰ ਵੀ ਸਿਧਾਂਤਕ ਪ੍ਰਵਾਨਗੀ ਦਿੰਦਿਆਂ ਕਿਹਾ ਕਿ ਇਸ ਮਾਮਲੇ ਨੂੰ ਛੇਤੀ ਹੀ ਵਿਚਾਰਿਆ ਜਾਵੇਗਾ। ਉਨਾਂ ਨੇ ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਦਾ ਅਜਨਾਲਾ ਹਲਕੇ ਦੇ ਲੋਕਾਂ ਵਲੋਂ ਧੰਨਵਾਦ ਕਰਦਿਆਂ ਕਿਹਾ ਕਿ ਜਿਨਾਂ ਨੇ ਮੇਰੀ ਬੇਨਤੀ ਨੂੰ ਇਕ ਮਹੀਨੇ ਦੇ ਅੰਦਰ ਪ੍ਰਵਾਨ ਕਰਦੇ ਹੋਏ ਅਮਲੀ ਜਾਮਾ ਦਿੱਤਾ ਹੈ।

# ਬਿਜਲੀ ਬਿੱਲ ਨਾ ਭਰਨ ਕਾਰਨ ਜੇ.ਸੀ.ਟੀ. ਮਿੱਲ ਥਾਪਰ ਕਲੋਨੀ ਦੀ ਬਿਜਾਈ ਸਪਲਾਈ ਬੰਦ ਕੀਤੀ

## ਬਿਜਲੀ ਅਤੇ ਪਾਣੀ ਨੂੰ ਤਰਸ ਰਹੇ ਬੱਚੇ, ਬਜ਼ੁਰਗ ਅਤੇ ਔਰਤਾਂ

ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਸਥਾਨਕ ਜੇ.ਸੀ.ਟੀ ਮਿੱਲ ਦੀ ਥਾਪਰ ਕਲੋਨੀ ਦੇ ਵਸਨੀਕਾਂ ਦਾ ਇੱਕ ਵਫਦ ਐਸ.ਡੀ.ਐਮ. ਫਗਵਾੜਾ ਜਸ਼ਨਜੀਤ ਸਿੰਘ ਨੂੰ ਮਿਲੇ ਅਤੇ ਉਨ੍ਹਾਂ ਨੂੰ ਮਿੱਲ ਪ੍ਰਬੰਧਕਾਂ ਵੱਲੋਂ ਬਿਜਲੀ ਦੇ ਬਕਾਇਆ ਬਿੱਲਾਂ ਦੀ ਅਦਾਇਗੀ ਨਾ ਕਰਨ ਕਾਰਨ ਵਿਭਾਗ ਵੱਲੋਂ ਕੱਟੇ ਜਾ ਰਹੇ ਕਲੋਨੀ ਦੇ ਬਿਜਲੀ ਕੁਨੈਕਸ਼ਨ ਕਾਰਨ ਆ ਰਹੀਆਂ ਸਮੱਸਿਆਵਾਂ ਤੋਂ ਜਾਣੂ ਕਰਵਾਇਆ ਇਸ ਦੌਰਾਨ ਕਲੋਨੀ ਵਾਸੀ ਅਜੈ ਯਾਦਵ, ਚੰਦਰਮੋਹਨ, ਸੁਜੀਤ ਕੁਮਾਰ, ਰਜਿੰਦਰਾ ਰਾਵਤ, ਕੁਲਦੀਪ ਸਿੰਘ ਅਤੇ ਸ਼ਰਧਾਨੰਦ ਸਿੰਘ ਨੇ ਐਸ.ਡੀ.ਐਮ. ਜਸਜੀਤ ਸਿੰਘ ਨੂੰ ਦੱਸਿਆ ਕਿ ਕਲੋਨੀ ਦੀ ਆਬਾਦੀ ਚਾਰ ਹਜ਼ਾਰ ਦੇ ਕਰੀਬ ਹੈ ਇਹ ਲੋਕ ਕਰੀਬ 25 ਸਾਲਾਂ ਤੋਂ ਜੇਸੀਟੀ ਮਿੱਲ ਫਗਵਾੜਾ ਵਿੱਚ ਕੰਮ ਕਰ ਰਹੇ ਹਨ ਉਨ੍ਹਾਂ ਦੱਸਿਆ ਕਿ ਬੀਤੀ 8 ਅਕਤੂਬਰ ਨੂੰ ਸਵੇਰੇ 11 ਵਜੇ ਦੇ ਕਰੀਬ ਜੇ.ਸੀ.ਟੀ ਮਿੱਲ ਥਾਪਰ ਕਲੋਨੀ ਨੂੰ ਬਿਜਲੀ ਸਪਲਾਈ ਬੰਦ ਕਰ ਦਿੱਤੀ ਗਈ ਹੈ, ਜਿਸ ਕਾਰਨ ਬਜ਼ੁਰਗਾਂ ਅਤੇ ਬੱਚਿਆਂ ਲਈ ਬਿਜਲੀ ਅਤੇ ਪਾਣੀ ਦੀ ਸਹੂਲਤ



ਨਾ ਹੋਣ ਕਾਰਣ ਲੋਕ ਬਹੁਤ ਪ੍ਰੇਸ਼ਾਨ ਹੋ ਰਹੇ ਹਨ ਉਨ੍ਹਾਂ ਦੱਸਿਆ ਕਿ ਪਾਵਰਕਾਮ ਦੇ ਅਧਿਕਾਰੀਆਂ ਨੇ ਬਿਜਲੀ ਦੇ ਬਿੱਲ ਬਕਾਇਆ ਹੋਣ ਦੀ ਗੱਲ ਕਹੀ ਹੈ ਪਰ ਤਨਖ਼ਾਹ ਲੈਣ ਤੋਂ ਬਾਅਦ ਜੇਸੀਟੀ ਮਿੱਲ ਮਾਲਕਾਂ ਵੱਲੋਂ ਬੈਂਕ ਖਾਤੇ ਵਿੱਚੋਂ ਬਿਜਲੀ ਬਿੱਲ ਦੀ ਰਕਮ ਕੱਟ ਲਈ ਜਾਂਦੀ ਹੈ ਇਸ ਲਈ ਉਨ੍ਹਾਂ ਦੇ ਸਿਰ ਬਿੱਲ ਦੀ ਕੋਈ ਰਾਸ਼ੀ ਬਕਾਇਆ ਨਹੀਂ ਹੈ ਪਰ ਪਾਵਰਕਾਮ ਦੇ ਅਧਿਕਾਰੀ ਬਿਜਲੀ ਚਾਲੂ ਕਰਨ ਤੋਂ ਨਾ ਨੁੱਕਰ ਕਰ ਰਹੇ ਹਨ ਉਨ੍ਹਾਂ ਐਸ.ਡੀ.ਐਮ. ਤੋਂ ਮੰਗ ਕੀਤੀ ਕਿ ਜੇਕਰ ਜੇ.ਸੀ.ਟੀ ਮਿੱਲ ਮਾਲਕ ਬਕਾਇਆ ਬਿੱਲਾਂ ਦੀ ਅਦਾਇਗੀ ਨਹੀਂ ਕਰਦੇ ਹਨ ਤਾਂ ਕਲੋਨੀ ਵਿੱਚ ਲਗਾਏ ਗਏ ਸਬ-ਮੀਟਰ ਚਾਲੂ ਕੀਤੇ ਜਾਣ ਤਾਂ ਜੋ ਕਲੋਨੀ ਦੇ ਵਸਨੀਕ ਆਪਣੇ ਹਿੱਸੇ ਦੇ ਬਿੱਲਾਂ ਦਾ ਭੁਗਤਾਨ ਕਰ ਸਕਣ ਐਸ.ਡੀ.ਐਮ. ਜਸ਼ਨਜੀਤ ਸਿੰਘ ਨੇ ਉਨ੍ਹਾਂ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਮੰਗਾਂ ਨੂੰ ਪਹਿਲ ਦੇ ਆਧਾਰ ਤੇ ਪੰਜਾਬ ਸਰਕਾਰ ਤੱਕ ਪਹੁੰਚਾਇਆ ਜਾਵੇਗਾ ਤਾਂ ਜੋ ਲੋਕਾਂ ਨੂੰ ਆ ਰਹੀਆਂ ਮੁਸ਼ਕਲਾਂ ਤੋਂ ਨਿਜਾਤ ਦਿਵਾਈ ਜਾ ਸਕੇ।

# ਸਰਪੰਚੀ ਲਈ 863 ਅਤੇ ਪੰਚੀ ਲਈ 2705 ਉਮੀਦਵਾਰ ਚੋਣ ਮੈਦਾਨ 'ਚ

## 190 ਸਰਪੰਚ ਅਤੇ 1872 ਪੰਚ ਬਿਨ੍ਹਾਂ ਮੁਕਾਬਲਾ ਚੁਣੇ ਗਏ

ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਪੰਚਾਇਤੀ ਚੋਣਾਂ-2024 ਲਈ ਨਾਮਜ਼ਦਗੀਆਂ ਵਾਪਸ ਲੈਣ ਪਿੱਛੋਂ ਸਰਪੰਚੀ ਲਈ 863 ਅਤੇ ਪੰਚੀ ਲਈ 2705 ਉਮੀਦਵਾਰ ਚੋਣ ਮੈਦਾਨ ਵਿਚ ਰਹਿ ਗਏ ਹਨ। ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫਸਰ ਅਮਿਤ ਕੁਮਾਰ ਪੰਚਾਲ ਨੇ ਦੱਸਿਆ ਕਿ ਪੜਤਾਲ ਅਤੇ ਨਾਮਜ਼ਦਗੀਆਂ ਵਾਪਸ ਲੈਣ ਪਿੱਛੋਂ ਸਰਪੰਚੀ ਅਤੇ ਪੰਚੀ ਦੇ ਉਮੀਦਵਾਰਾਂ ਨੂੰ ਚੋਣ ਨਿਸ਼ਾਨ ਵੀ ਅਲਾਟ ਕਰ ਦਿੱਤੇ ਗਏ ਹਨ ਚੋਣ ਮੈਦਾਨ ਵਿਚ ਫਿਲਵਾਂ ਬਲਾਕ ਵਿਚ ਸਰਪੰਚੀ ਲਈ 154 ਅਤੇ ਪੰਚੀ ਲਈ 525,



ਕਪੂਰਥਲ਼ਾ ਬਲਾਕ ਵਿਚ ਸਰਪੰਚੀ ਲਈ 228 ਤੇ ਪੰਚੀ ਲਈ 691, ਨਡਾਲਾ ਬਲਾਕ ਵਿਚ ਸਰਪੰਚੀ ਲਈ 122 ਤੇ ਪੰਚੀ ਲਈ 412, ਫਗਵਾੜਾ ਬਲਾਕ ਵਿਚ ਸਰਪੰਚੀ ਲਈ 183 ਤੇ ਪੰਚੀ ਲਈ 629 ਜਦਕਿ ਸੁਲਤਾਨਪੁਰ ਲੋਧੀ ਬਲਾਕ ਵਿਚ ਸਰਪੰਚੀ ਲਈ 176 ਅਤੇ ਪੰਚੀ ਲਈ 448 ਉਮੀਦਵਾਰ ਚੋਣ ਮੈਦਾਨ ਵਿਚ ਰਹਿ ਗਏ ਹਨ। ਉਨ੍ਹਾਂ ਦੱਸਿਆ ਕਿ 190 ਸਰਪੰਚ ਅਤੇ 1872 ਪੰਚ ਬਿਨ੍ਹਾਂ ਮੁਕਾਬਲਾ ਚੁਣੇ ਗਏ ਹਨ। ਇਨ੍ਹਾਂ ਵਿਚ ਫਿਲਵਾਂ ਬਲਾਕ ਵਿਚ 25 ਸਰਪੰਚ ਤੇ 263 ਪੰਚ, ਕਪੂਰਥਲ਼ਾ ਬਲਾਕ ਵਿਚ 39 ਸਰਪੰਚ ਤੇ 421 ਪੰਚ, ਨਡਾਲਾ ਬਲਾਕ ਵਿਚ 37 ਸਰਪੰਚ ਤੇ 322 ਪੰਚ, ਫਗਵਾੜਾ ਬਲਾਕ ਵਿਚ 18 ਸਰੰਪਚ ਤੇ 287 ਪੰਚ ਜਦਿਕ ਸੁਲਤਾਨਪੁਰ ਲੋਧੀ ਬਲਾਕ ਵਿਚ 71 ਸਰਪੰਚ ਅਤੇ 579 ਪੰਚ ਸ਼ਾਮਲ ਹਨ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵਲੋਂ 15 ਅਕਤੂਬਰ ਨੂੰ ਹੋਣ ਵਾਲੀਆਂ ਵੋਟਾਂ ਨੂੰ ਸ਼ਾਂਤੀਪੂਰਵਕ ਤੇ ਨਿਰਪੱਖ ਤਰੀਕੇ ਨਾਲ ਕਰਵਾਉਣ ਲਈ ਪੁਖਤਾ ਪ੍ਰਬੰਧ ਕੀਤੇ ਗਏ ਹਨ ਉਨ੍ਹਾਂ ਦੱਸਿਆ ਕਿ ਚੋਣ ਅਮਲੇ ਦੀ ਪਹਿਲੀ ਰਿਹਰਸਲ ਹੋ ਚੁੱਕੀ ਹੈ ਜਦਿਕ ਬਲਾਕ ਪੱਧਰ 'ਤੇ ਚੋਣ ਅਮਲੇ ਨੂੰ ਵੋਟਿੰਗ ਪ੍ਰਕਿਰਿਆ ਬਾਰੇ ਚੰਗੀ ਤਰ੍ਹਾਂ ਜਾਣੂ ਕਰਵਾਉਣ ਲਈ ਹੋਰ ਰੀਹਰਸਲਾਂ ਵੀ ਕਰਵਾਈਆਂ ਜਾ ਰਹੀਆਂ ਹਨ ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਜ਼ਮਹੂਰੀ ਹੱਕ ਦਾ ਵੱਧ ਚੜ੍ਹ ਕੇ ਇਸਤੇਮਾਲ ਕਰਨ ਤਾਂ ਜੋ ਲੋਕਤੰਤਰ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕੀਤਾ ਜਾ ਸਕੇ

# ਨਸ਼ਿਆਂ ਦੇ ਪੂਰਨ ਖਾਤਮੇ ਲਈ ਆਮ ਨਾਗਰਿਕਾਂ ਦਾ ਸਹਿਯੋਗ ਜਰੂਰੀ- ਡਿਪਟੀ ਇੰਸਪੈਕਟਰ ਜਨਰਲ ਪੁਲਿਸ ਇੰਟੈਲੀਜੈਂਸ-। ਮੋਹਾਲੀ

## ਕੌਰਡਨ ਐਂਡ ਸਰਚ ਅਪਰੇਸ਼ਨ ਦਾ ਮੁੱਖ ਉਦੇਸ ਨਸ਼ਿਆਂ ਦੀ ਰੋਕਥਾਮ, ਮਾੜੇ ਅਨਸਰਾਂ ਨੂੰ ਕਾਬੂ ਕਰਨ ਅਤੇ ਆਮ ਪਬਲਿਕ ਵਿੱਚ ਸੁਰੱਖਿਆ ਦੀ ਭਾਵਨਾਂ ਪੈਦਾ ਕਰਨਾ- ਸੁਖਵੰਤ ਸਿੰਘ

ਮਾਲੇਰਕੋਟਲਾ :(ਕਿਮੀ ਅਰੋੜਾ,ਅਸਲਮ ਨਾਜ਼)

ਡਾਇਰੈਕਟਰ ਜਨਰਲ ਪੁਲਿਸ, ਪੰਜਾਬ (ਚੰਡੀਗੜ੍ਹ) ਅਤੇ ਡਿਪਟੀ ਇੰਸਪੈਕਟਰ ਜਨਰਲ ਪੁਲਿਸ ਇੰਟੈਲੀਜੈਂਸ-। ਮੋਹਾਲੀ ਸ੍ਰੀ ਸੁਖਵੰਤ ਸਿੰਘ ਆਈ.ਪੀ.ਐਸ. ਦੇ ਦਿਸ਼ਾ ਨਿਰਦੇਸ਼ਾਂ ਤਹਿਤ ਮਾੜੇ ਅਨਸਰਾਂ ਖਿਲਾਫ ਕਾਰਵਾਈ ਕਰਨ ਲਈ ਚਲਾਈ ਗਈ ਮੁਹਿਮ ਤਹਿਤ ਸੀਨੀਅਰ ਕਪਤਾਨ ਪੁਲਿਸ, ਮਾਲੇਰਕੋਟਲਾ ਗਗਨ ਅਜੀਤ ਸਿੰਘ ਦੀ ਨਿਗਰਾਨੀ ਵਿੱਚ ਨਸ਼ੀਲੇ ਪਦਾਰਥਾਂ ਦੀ ਤਸਕਰੀ ਵਿਰੁੱਧ ਮੁਹਿੰਮ ਤਹਿਤ ਕਪਤਾਨ ਪੁਲਿਸ ਇੰਨਵੈਸਟੀਗੇਸਨ ਸ੍ਰੀ ਵੈਭਵ ਸਹਿਗਲ, ਅਤੇ ਕਪਤਾਨ ਪੁਲਿਸ (ਸਥਾਨਕ) ਸ੍ਰੀਮਤੀ ਸਵਰਨਜੀਤ ਕੌਰ ਦੀ ਦੇਖ-ਰੇਖ ਹੇਠ ਵਿਸ਼ੇਸ਼ ਟੀਮਾਂ, ਉਪ ਕਪਤਾਨ ਪੁਲਿਸ ਸਬ ਡਵੀਜਨ ਸ੍ਰੀ ਕੁਲਦੀਪ ਸਿੰਘ, ਸ੍ਰੀ ਰਣਜੀਤ ਸਿੰਘ ਸਮੇਤ ਸਮੂਹ ਮੁੱਖ ਅਫਸਰਾਨ ਥਾਣਾ ਅਤੇ ਭਾਰੀ ਪੁਲਿਸ ਫੋਰਸ ਦੇ ਸਬ ਡਵੀਜਨ ਮਾਲੇਰਕੋਟਲਾ ਅੰਦਰ ਕੌਰਡਨ ਐਂਡ ਸਰਚ ਅਪਰੇਸ਼ਨ (31♥®) ਆਯੋਜਿਤ ਕੀਤਾ ਗਿਆ ।



ਇਸ ਤਰ੍ਹਾਂ ਹੀ ਉਪ ਕਪਤਾਨ ਪੁਲਿਸ ਸਬ ਡਵੀਜਨ ਅਮਰਗੜ੍ਹ ਸ੍ਰੀ ਦਵਿੰਦਰ ਸਿੰਘ ਵੱਲੋਂ ਸਬ ਡਵੀਜਨ ਅਮਰਗੜ੍ਹ ਅਤੇ ਉਪ ਕਪਤਾਨ ਪੁਲਿਸ (ਸਥਾਨਕ) ਸ੍ਰੀ ਮਾਨਵਜੀਤ ਸਿੰਘ, ਉਪ ਕਪਤਾਨ ਪੁਲਿਸ ਸਬ ਡਵੀਜਨ ਅਹਿਮਦਗੜ੍ਹ ਸ੍ਰੀ ਰਾਜਨ ਸਰਮਾ ਵੱਲੋਂ ਸਬ ਡਵੀਜਨ ਅਹਿਮਦਗੜ੍ਹ ਵਿਖੇ ਕੌਰਡਨ ਐਂਡ ਸਰਚ ਅਪਰੇਸ਼ਨ (31♥®) ਕੀਤਾ ਗਿਆ। ਇਸ ਕਾਰਵਾਈ ਦੌਰਾਨ ਜਿਲ੍ਹਾ ਮਾਲੇਰਕੋਟਲਾ ਦੇ ਹਾਟਸਪਾਟ ਖੇਤਰ ਮੁਹੱਲਾ ਭੂੰਮਸੀ ਮਾਲੇਰਕੋਟਲਾ ਥਾਣਾ ਸਿਟੀ-2 ਮਾਲੇਰਕੋਟਲਾ, ਪਿੰਡ ਖਾਨਪੁਰ ਥਾਣਾ ਸਦਰ ਅਹਿਮਦਗੜ੍ਹ ਅਤੇ ਪਿੰਡ ਬਾਗੜੀਆਂ ਥਾਣਾ ਅਮਰਗੜ੍ਹ ਦੇ ਇਲਾਕੇ ਵਿੱਚ ਸਪੈਸਲ ਨਾਕਾਬੰਦੀ ਕਰਕੇ ਮਾੜੇ ਅਨਸਰਾਂ/ਸ਼ੱਕੀ ਨਸ਼ਾ ਤਸਕਰਾਂ ਅਤੇ ਨਸ਼ਾ ਤਸਕਰੀ ਦੇ ਕੇਸਾਂ ਵਿਚ ਜਮਾਨਤ ਤੇ ਆਏ ਦੋਸੀਆਂ ਦੇ ਘਰਾਂ ਵਿੱਚ ਸਰਚ/ਰੇਡਾ ਕੀਤੀਆਂ ਗਈਆ ਹਨ ।

ਡਿਪਟੀ ਇੰਸਪੈਕਟਰ ਜਨਰਲ ਪੁਲਿਸ ਇੰਟੈਲੀਜੈਂਸ-। ਮੋਹਾਲੀ ਸ੍ਰੀ ਸੁਖਵੰਤ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਓਪਰੇਸ਼ਨ ਦਾ ਮੁੱਖ ਉਦੇਸ ਨਸ਼ਿਆਂ ਦੀ ਰੋਕਥਾਮ, ਮਾੜੇ ਅਨਸਰਾਂ ਨੂੰ ਕਾਬੂ ਕਰਨ ਅਤੇ ਆਮ ਪਬਲਿਕ ਵਿੱਚ ਸੁਰੱਖਿਆ ਦੀ ਭਾਵਨਾਂ ਪੈਦਾ ਕਰਨਾ ਹੈ ਅਤੇ ਭਵਿੱਖ ਵਿੱਚ ਵੀ ਮਾੜੇ ਅਨਸਰਾਂ ਅਤੇ ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕਰਨ ਲਈ ਅਜਿਹੀਆਂ ਕੋਸ਼ਿਸ਼ਾਂ ਕੀਤੀਆ ਜਾਣਗੀਆਂ। ਇਸ ਤੋਂ ਇਲਾਵਾ ਉਹਨਾਂ ਵੱਲੋਂ ਇਹ ਵੀ ਦੱਸਿਆ ਗਿਆ ਕਿ ਨਸ਼ਿਆਂ ਦੇ ਪੂਰਨ ਖਾਤਮੇ ਲਈ ਆਮ ਨਾਗਰਿਕਾਂ ਦਾ ਸਹਿਯੋਗ ਜਰੂਰੀ ਹੈ, ਜੇਕਰ ਕਿਸੇ ਨਾਗਰਿਕ ਕੋਲ ਨਸ਼ਾ ਵੇਚਣ ਸਬੰਧੀ ਕੋਈ ਜਾਣਕਾਰੀ ਹੈ ਤਾਂ ਉਹ ਪੁਲਿਸ ਨਾਲ ਸਾਂਝੀ ਕੀਤੀ ਜਾਵੇ, ਜਾਣਕਾਰੀ ਸਾਂਝੀ ਕਰਨ ਵਾਲਿਆਂ ਦਾ ਨਾਮ ਗੁਪਤ ਰੱਖਿਆ ਜਾਵੇਗਾ। ਸੀਨੀਅਰ ਕਪਤਾਨ ਪੁਲਿਸ ਗਗਨ ਅਜੀਤ ਸਿੰਘ ਨੇ ਡਿਪਟੀ ਇੰਸਪੈਕਟਰ ਜਨਰਲ ਪੁਲਿਸ ਇੰਟੈਲੀਜੈਂਸ-। ਮੋਹਾਲੀ ਪੰਜਾਬ ਦਾ ਉਕਤ ਦਿਸ਼ਾ ਨਿਰਦੇਸ਼ ਦੇਣ ਲਈ ਧੰਨਵਾਦ ਕੀਤਾ

# ਨਜਾਇਜ ਪਿਸਟਲ ਅਤੇ ਜਿੰਦਾ ਕਾਰਤੂਸ ਸਮੇਤ 02 ਵਿਅਕਤੀ ਕਾਬੂ



ਫਗਵਾੜਾ (ਜੀਵਨ ਸੰਘਾ) ਸ੍ਰੀਮਤੀ ਵਤਸਲਾ ਗੁਪਤਾ ਸੀਨੀਅਰ ਪੁਲਿਸ ਕਪਤਾਨ ਕਪੂਰਥਲਾ ਵਲੋ ਮਾੜੇ ਅਨਸਰਾ ਨੂੰ ਗ੍ਰਿਫਤਾਰ ਕਰਨ ਲਈ ਚਲਾਈ ਮੁਹਿੰਮ ਤਹਿਤ,ਸ੍ਰੀਮਤੀ ਰੁਪਿੰਦਰ ਕੌਰ ਭੱਟੀ ਪੁਲਿਸ ਕਪਤਾਨ ਸਬ-ਡਵੀਜਨ ਫਗਵਾੜਾ ਅਤੇ ਭਰਤ ਭੂਸ਼ਣ ਉਪ-ਪੁਲਿਸ ਕਪਤਾਨ ਸਬ ਡਵੀਜਨ ਫਗਵਾੜਾ ਦੇ ਦਿਸ਼ਾ ਨਿਰਦੇਸ਼ਾ ਅਤੇ ਸਬ ਇੰਸਪੈਕਟਰ ਅਮਨਦੀਪ ਕੁਮਾਰ 38/ਜੇ.ਆਰ ਮੁੱਖ ਅਫਸਰ ਥਾਣਾ ਸਦਰ ਫਗਵਾੜਾ ਅਤੇ ਐਸ ਆਈ ਬਿਸਮਨ ਸ਼ਾਹੀ ਇੰਚਾਰਜ ਸੀ ਆਈ ਏ ਸਟਾਫ ਫਗਵਾੜਾ ਦੀ ਯੋਗ ਅਗਵਾਈ ਹੇਠ ਏ ਐਸ ਆਈ ਜਸਪਾਲ ਲਾਲ 885/ਕਪੂ ਸਮੇਤ ਪੁਲਿਸ ਪਾਰਟੀ ਨੇ ਮੁੱਕਦਮਾ ਨੰਬਰ 97 ਮਿਤੀ 09.10.24 ਅ/ਧ 25-54-59 ਅਸਲਾ ਐਕਟ ਥਾਣਾ ਸਦਰ ਫਗਵਾੜਾ ਵਿੱਚ ਦੋਸ਼ੀ ਹਰਪ੍ਰੀਤ ਲਾਲ ਉਰਫ ਹੈਪੀ ਪੁੱਤਰ ਰਜਿੰਦਰ ਕੁਮਾਰ ਵਾਸੀ ਫੌਲੜੀਵਾਲ ਥਾਣਾ ਸਦਰ ਜਮਸ਼ੇਰ ਜਲੰਧਰ,ਅਤੇ ਸਚਿਨ ਪੁੱਤਰ ਵੀਲੀਅਮਨ ਵਾਸੀ ਫੋਲੜੀਵਾਲ ਥਾਣਾ ਸਦਰ ਜਮਸ਼ੇਰ ਜਲੰਧਰ ਨੂੰ ਕਾਬੂ ਕਰਨ ਵਿੱਚ ਸਫਲਤਾ ਪ੍ਰਾਪਤ ਕੀਤੀ ਹੈ,ਜਿਹਨਾ ਦੇ ਕਬਜੇ ਵਿੱਚੋ ਇੱਕ ਦੇਸੀ ਪਿਸਟਲ .32 ਬੋਰ ਸਮੇਤ ਮੈਗਜੀਨ ਸਮੇਤ ਇੱਕ ਜਿੰਦਾ ਰੋਂਦ ਅਤੇ ਕਾਰ ਮਾਰਕਾ ਸਵੀਫਟ ਨੰਬਰੀ ♦2 09 ➾ 8185 ਬ੍ਰਾਮਦ ਕੀਤੀ ਇਸ ਖਿਲਾਫ ਪਹਿਲਾ ਵੀ ਅਪਰਾਧਿਕ ਮੁੱਕਦਮੇ ਦਰਜ ਰਜਿਸਟਰ ਹਨ ।ਮਜੀਦ ਪੁੱਛਗਿੱਛ ਕਰਕੇ ਹੋਰ ਖੁਲਾਸੇ ਕੀਤੇ ਜਾਣਗੇ

# ਭਾਵਾਧਸ ਦਾ ਵਫਦ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਨੂੰ ਮਿਲਿਆ



ਲੁਧਿਆਣਾ, ( ਸੁਖਚੈਨ ਮਹਿਰਾ)-ਭਾਰਤੀਯ ਵਾਲਮੀਕਿ ਧਰਮ ਸਮਾਜ (ਭਾਵਾਧਸ) ਦੇ ਰਾਸ਼ਟਰੀ ਸਰਵਉਚ ਨਿਰਦੇਸ਼ਕ ਅਸ਼ਵਨੀ ਸਹੋਤਾ ਅਤੇ ਹਲਕਾ ਉਤਰੀ ਦੇ ਵਿਧਾਇਕ ਸ੍ਰੀ ਮਦਨ ਲਾਲ ਬੱਗਾ ਦੀ ਅਗਵਾਈ ਚ ਇਕ ਵਫਦ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਨੂੰ ਮਿਲਿਆ ਅਤੇ ਭਗਵਾਨ ਵਾਲਮੀਕਿ ਜੀ ਦੇ ਪਾਵਨ ਪ੍ਰਗਟ ਦਿਵਸ ਦੇ ਸਬੰਧ ਚ 15 ਅਕਤੂਬਰ, ਦਿਨ ਮੰਗਲਵਾਰ ਨੂੰ ਕੱਢੀ ਜਾ ਰਹੀ 14ਵੀਂ ਬ੍ਰਹਮ ਜੋਤੀ ਵਿਸ਼ਾਲ ਸ਼ੋਭਾ ਯਾਤਰਾ ਚ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਣ ਲਈ ਸੱਦਾ ਪੱਤਰ ਦਿੱਤਾ ਗਿਆ ਅਤੇ ਪੰਜਾਬ ਦੀਆਂ ਸਮੂਹ ਨਗਰ ਨਿਗਮਾਂ ਅਤੇ ਨਗਰ ਕੌਂਸਲਾਂ ਵਿਚ ਕੰਮ ਕਰਦੇ ਸਫਾਈ ਕਰਮਚਾਰੀਆਂ, ਸੀਵਰਮੈਨਾਂ, ਮਾਲੀ ਬੇਲਦਾਰ, ਬੇਲਦਾਰ, ਡਰਾਈਵਰਾਂ ਅਤੇ ਆਊਟ ਸੋਰਸ ਸਟਾਫ ਨੂੰ ਪੇਸ਼ ਆ ਰਹੀਆਂ ਮੁਸ਼ਕਿਲਾਂ ਸਬੰਧੀ ਮੰਗ ਪੱਤਰ ਵੀ ਸੌਂਪਿਆ ਗਿਆ। ਇਸ ਮੌਕੇ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਨੇ ਵਫਦ ਨੂੰ ਭਰੋਸਾ ਦਿਵਾਇਆ ਕਿ 17 ਅਕਤੂਬਰ ਤੋਂ ਬਾਅਦ ਇਕ ਵਿਸ਼ੇਸ਼ ਮੀਟਿੰਗ ਬੁਲਾਕੇ ਨਗਰ ਨਿਗਮ ਚ ਕੰਮ ਕਰਦੇ ਸਮੂਹ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਦਾ ਨਿਪਟਾਰਾ ਕੀਤਾ ਜਾਵੇਗਾ। ਇਸ ਮੌਕੇ ਵਿਜੈ ਮਾਨਵ, ਐਡਵੋਕੇਟ ਅਭੈ ਸਹੋਤਾ, ਵਰਿੰਦਰ ਕਾਲਾ ਸੁਆਮੀ, ਨੇਤਾ ਜੀ ਸੋਂਧੀ, ਮੋਹਨਵੀਰ ਚੌਹਾਨ, ਸੁਰਿੰਦਰ ਬਾਲੀ, ਟੋਨੀ ਸਹੋਤਾ ਲਾਲਾ ਪ੍ਰਵੀਨ ਅਜੇ ਸੱਭਰਵਾਲ ਸੁੰਨੀ ਸਹੋਤਾ ਸੰਦੀਪ ਕੁਮਾਰ ਆਦਿ ਸ਼ਾਮਿਲ ਸਨ।

ਰੋਜ਼ਾਨਾ ਲੋਕ ਬਾਣੀ www.lokbani

# ਪਿੰਡ ਕਾਤਰੋਂ ਤੋਂ ਸਰਪੰਚੀ ਦੀ ਉਮੀਦਵਾਰ ਬੀਬੀ ਵਿਰਕ ਨੂੰ ਵਾਰਡ ਵਾਸੀਆਂ ਨੇ ਦਿੱਤਾ ਭਰਮਾ ਸਮਰਥਨ



ਸ਼ੇਰਪੁਰ (ਸੱਤਪਾਲ ਸਿੰਘ ਕਾਲਾਬੂਲਾ) ਪਿੰਡ ਕਾਤਰੋਂ ਤੋਂ ਸਰਪੰਚੀ ਦੀ ਚੋਣ ਲੜ ਰਹੇ ਪੜ੍ਹੇ ਲਿਖੇ ਸੁਲਝੇ ਹੋਏ ਅਤੇ ਕਿਸਾਨ ਮਜ਼ਦੂਰ ਸੰਘਰਸ਼ ਅੰਦੋਲਨ ਵਿੱਚ ਸਰਗਮੀ ਨਾਲ ਕੰਮ ਕਰਨ ਵਾਲੇ ਪੜੇ ਲਿਖੇ ਅਤੇ ਸਰਬ ਸਾਂਝੇ ਉਮੀਦਵਾਰ ਬੀਬੀ ਬਲਜੀਤ ਕੌਰ ਵਿਰਕ ਨੇ ਆਪਣੀ ਚੋਣ ਮੁਹਿੰਮ ਨੂੰ ਤੇਜ਼ ਕਰ ਦਿੱਤਾ ਹੈ। ਉਹਨਾਂ ਕਿਹਾ ਕਿ ਸਾਡੇ ਰਹਿਬਰ ਅਤੇ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਨੇ ਸਾਨੂੰ ਵੋਟ ਦਾ ਅਧਿਕਾਰ ਦੇ ਕੇ ਆਪਣੀ ਮਰਜ਼ੀ ਦਾ ਉਮੀਦਵਾਰ ਚੁਣਨ ਦਾ ਇਹ ਵੱਡਾ ਹਥਿਆਰ ਦਿੱਤਾ ਹੈ। ਜਿਸ ਨਾਲ ਅਸੀਂ ਆਪਣਾ ਮਨ ਪਸੀਦਾ ਉਮੀਦਵਾਰ ਚੁਣ ਸਕਦੇ ਹਾਂ। ਬੀਬੀ ਵਿਰਕ ਨੇ ਅੱਗੇ ਕਿਹਾ ਹੈ ਕਿ ਉਨਾਂ ਵੱਲੋਂ ਲੰਘੇ ਸਮੇਂ ਦੌਰਾਨ ਕੇਂਦਰ ਸਰਕਾਰ ਵੱਲੋਂ ਲੋਕਾਂ ਤੇ ਥੋਪੇ ਕਾਲੇ ਕਾਨੂੰਨਾਂ ਵਿਰੁੱਧ ਕਿਸਾਨ ਜਥੇਬੰਦੀਆਂ ਦੇ ਨਾਲ ਮਿਲ ਕੇ ਤਿੱਖੀ ਲੜਾਈ ਲੜ ਚੁੱਕੇ ਹਨ। ਉਨਾਂ ਦੱਸਿਆ ਕਿ ਜੇਕਰ ਵੋਟਰਾਂ ਨੇ ਉਹਨਾਂ ਦਾ ਇਸੇ ਤਰ੍ਹਾਂ ਸਾਥ ਦਿੱਤਾ ਤਾਂ ਉਹ ਪਿੰਡ ਦੀ ਭਲਾਈ ਲਈ ਦਿਨ ਰਾਤ ਕੰਮ ਕਰਨਗੇ। ਕਿਉਂਕਿ ਨਗਰ ਵਿੱਚ ਅਜੇ ਵੀ ਬਹੁਤ ਸਾਰੇ ਕਾਰਜ ਅਧੂਰੇ ਹਨ। ਉਨਾਂ ਦੱਸਿਆ ਕਿ ਅੱਜ ਦੇ ਆਪ ਮੁਹਾਰੇ ਇਕੱਠ ਨੇ ਉਹਨਾਂ ਦੇ ਹੌਸਲਿਆਂ ਨੂੰ ਹੋਰ ਵੀ ਬੁਲੰਦ ਕਰ ਦਿੱਤਾ ਹੈ ਕਿਉਂਕਿ ਵਾਰਡ ਵਾਸੀ ਨੌਜਵਾਨ ਬਜ਼ੁਰਗ ਮਾਤਾਵਾਂ ਉਹਨਾਂ ਨੂੰ ਜਿਤਾਉਣ ਵਿੱਚ ਪੱਬਾਂ ਭਰ ਹੋ ਚੁੱਕੀਆਂ ਹਨ। ਅੰਤ ਵਿੱਚ ਉਹਨਾਂ ਕਿਹਾ ਕਿ ਜੇਕਰ ਗੁਰੂ ਮਹਾਰਾਜ ਅਤੇ ਰੱਬ ਵਰਗੇ ਵੋਟਰਾਂ ਦਾ ਉਹਨਾਂ ਦੇ ਸਿਰ ਤੇ ਹੱਥ ਰਿਹਾ ਤਾਂ ਉਹ ਜਿੱਤ ਤੋਂ ਬਾਅਦ ਪਿੰਡ ਦੀ ਕਾਇਆਕਲਪ ਕਰਨ ਵਿੱਚ ਕੋਈ ਕਸਰ ਬਾਕੀ ਨਹੀਂ ਛੱਡਣਗੇ। ਇਸ ਮੌਕੇ ਉਹਨਾਂ ਨਾਲ ਵੱਡੀ ਗਿਣਤੀ ਵਿੱਚ ਉਹਨਾਂ ਦੇ ਵੋਟਰ ਅਤੇ ਸਪੋਟਰ ਹਾਜ਼ਰ ਸਨ।

ਰੋਜ਼ਾਨਾ ਲੋਕ ਬਾਣੀ www.lokbani

# ਸਾਬਕਾ ਐਸ ਐਸ ਪੀ ਵਿਜੀਲੈਂਸ ਵਰਿੰਦਰ ਸਿੰਘ ਸੰਧੂ ਨੇ ਪੰਜਾਬ ਸਕੂਲ ਖੇਡਾਂ ਜੂਡੋ ਦੇ ਮੈਡਲ ਜੇਤੂ ਖਿਡਾਰੀਆਂ ਦੀ ਕੀਤੀ ਹੌਸਲਾ ਅਫ਼ਜ਼ਾਈ

## ਗੁਰਦਾਸਪੁਰ ਦੇ ਰਿਹਾਨ ਅਤੇ ਹਰਸ਼ਵਰਧਨ ਨੇ ਗੋਲਡ ਮੈਡਲ ਜਿੱਤ ਕੇ ਜ਼ਿਲੇ ਦਾ ਕੀਤਾ ਨਾਮ ਰੌਸ਼ਨ



ਗੁਰਦਾਸਪੁਰ-ਨਵਨੀਤ ਕੁਮਾਰ - ਸਿਖਿਆ ਵਿਭਾਗ ਪੰਜਾਬ ਵੱਲੋਂ ਆਯੋਜਿਤ 68 ਵੀਆਂ ਪੰਜਾਬ ਸਕੂਲ ਖੇਡਾਂ 2024 ਵਿਚ ਪੰਜਾਬ ਭਰ ਤੋਂ ਆਏ 200 ਜੂਡੋ ਖਿਡਾਰੀ ਸ਼ਹੀਦ ਭਗਤ ਸਿੰਘ ਜੂਡੋ ਟ੍ਰੇਨਿੰਗ ਸੈਂਟਰ ਵਿਖੇ ਆਪਣੀ ਖੇਡ ਪ੍ਰਤਿਭਾ ਦੇ ਜੌਹਰ ਦਿਖਾ ਰਹੇ ਹਨ। ਇਹਨਾਂ ਖੇਡਾਂ ਦੇ ਪਹਿਲੇ ਦਿਨ ਦੀ ਪ੍ਰਧਾਨਗੀ ਪੰਜਾਬ ਜੂਡੋ ਐਸੋਸੀਏਸ਼ਨ ਦੇ ਅਨੁਸ਼ਾਸਨੀ ਕਮੇਟੀ ਦੇ ਪ੍ਰਧਾਨ ਵਰਿੰਦਰ ਸਿੰਘ ਸੰਧੂ ਸਾਬਕਾ ਐਸ ਐਸ ਪੀ ਵਿਜੀਲੈਂਸ ਨੇ ਕੀਤੀ। ਖਿਡਾਰੀਆਂ ਨਾਲ ਆਪਣੇ ਪਹਿਲਵਾਨੀ ਅਤੇ ਜੂਡੋ ਦੇ ਤਜਰਬੇ ਸਾਂਝੇ ਕਰਦਿਆਂ ਉਨ੍ਹਾਂ ਕਿਹਾ ਕਿ ਖੇਡਾਂ ਅੱਜ ਦੇ ਯੁੱਗ ਵਿਚ ਕੇਵਲ ਮਨੋਰੰਜਨ ਦਾ ਸਾਧਨ ਹੀ ਨਹੀਂ ਹਨ। ਤੰਦਰੁਸਤ ਜੀਵਨ ਸ਼ੈਲੀ ਦੇ ਨਾਲ ਨਾਲ ਚੰਗੇ ਰੁਜ਼ਗਾਰ ਦਾ ਵੀ ਸਾਧਨ ਹਨ। ਉਹਨਾਂ ਦੱਸਿਆ ਕਿ ਉਹ ਸਾਧਾਰਨ ਘਰਾਂ ਵਿਚੋਂ ਉਠਕੇ ਅੱਜ ਜੂਡੋ ਖੇਡ ਦੀ ਬਦੌਲਤ ਇਸ ਰੁਤਬੇ ਉਪਰ ਪੁੱਜੇ ਹਨ। ਉਹਨਾਂ ਖਿਡਾਰੀਆਂ ਨੂੰ ਮੋਬਾਈਲ ਫੋਨ ਨਸ਼ਾ ਅਤੇ ਮੈਡੀਕਲ ਨਸ਼ਿਆਂ ਤੋਂ ਦੂਰ ਰਹਿ ਕੇ ਮਿਹਨਤ ਦਾ ਪੱਲਾ ਫੜਨ ਦੀ ਪ੍ਰੇਰਨਾ ਦਿੱਤੀ। ਜੇਤੂ ਖਿਡਾਰੀਆਂ ਨੂੰ ਮੈਡਲ ਪ੍ਰਦਾਨ ਕਰਦਿਆਂ ਉਨ੍ਹਾਂ ਨੂੰ ਵਧਾਈ ਦਿੰਦਿਆਂ ਪੰਜਾਬ ਅਤੇ ਦੇਸ਼ ਦਾ ਨਾਮ ਚਮਕਾਉਣ ਲਈ ਸਖ਼ਤ ਮਿਹਨਤ ਕਰਨ ਦਾ ਸੱਦਾ ਦਿੱਤਾ।ਜੂਡੋ ਸੈਂਟਰ ਦੇ ਸੰਚਾਲਕ ਅਮਰਜੀਤ ਸ਼ਾਸਤਰੀ ਨੇ ਦੱਸਿਆ ਕਿ ਪਹਿਲਵਾਨ ਵਰਿੰਦਰ ਸਿੰਘ ਦੇ ਸਹਿਯੋਗ ਨਾਲ ਗੁਰਦਾਸਪੁਰ ਦੀ ਜੂਡੋ ਨੇ ਬੁਲੰਦੀਆਂ ਨੂੰ ਛੂਹਿਆ ਹੈ। ਸੈਂਕੜੇ ਖਿਡਾਰੀ ਵੱਖ ਵੱਖ ਪੈਰਾ ਮਿਲਟਰੀ ਫੋਰਸ ਵਿੱਚ ਉੱਚੇ ਅਹੁਦਿਆਂ ਤੇ ਬਿਰਾਜਮਾਨ ਹਨ। ਉਹਨਾਂ ਵਲੋਂ ਗਰੀਬ ਖਿਡਾਰੀਆਂ ਨੂੰ ਦਿੱਤੀ ਜਾ ਰਹੀ ਆਰਥਿਕ ਮਦਦ ਖਿਡਾਰੀਆਂ ਦੇ ਹੌਸਲੇ ਨੂੰ ਹੋਰ ਬੁਲੰਦ ਕਰਦੀ ਹੈ। ਇਸ ਮੌਕੇ ਜੂਡੋ ਖਿਡਾਰੀਆਂ ਦੀ ਨੁਕੜ ਦਾਦੀ ਮੈਡਮ ਕਮਲੇਸ਼ ਕੁਮਾਰੀ ਦੇ ਸਕੂਲੀ ਵਿਦਿਆਰਥਣਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ ਕਰਕੇ ਸਨਮਾਨਿਤ ਕੀਤਾ ਗਿਆ। ਸਕੂਲ ਆਫ ਐਮੀਨੈਸ ਦੇ ਡੀ ਪੀ ਈ ਕਸ਼ਮੀਰ ਸਿੰਘ, ਸਰਕਾਰੀ ਮਿਡਲ ਸਕੂਲ ਹੱਲਾ ਚਾਹੀਆ ਦੇ ਪੀ ਟੀ ਈ ਪਹਿਲਵਾਨ ਵਰਿੰਦਰ ਮੋਹਨ, ਜੂਡੋ ਕੋਚ ਰਵੀ ਕੁਮਾਰ, ਸਾਬਕਾ ਜੂਡੋ ਖਿਡਾਰੀ ਵਿਸਾਲ ਕਾਲੀਆ , ਸਾਜਦਾ ਚਾਨਾ, ਨਰੇਸ਼ ਕੁਮਾਰ, ਸੁਰੇਸ਼ ਕੁਮਾਰ ਪਵਨ ਕੁਮਾਰੀ ਨੂੰ ਉਹਨਾਂ ਦੇ ਜੂਡੋ ਨੂੰ ਉੱਚਾ ਚੁੱਕਣ ਲਈ ਦਿੱਤੇ ਸਹਿਯੋਗ ਲਈ ਸਨਮਾਨਿਆਂ ਗਿਆ। ਮੈਡਮ ਅਨੀਤਾ ਸਪੋਰਟਸ ਕੁਆਰਡੀਨੇਟਰ ਨੇ ਦੱਸਿਆ ਕਿ ਮਾਣਯੋਗ ਜਿਲ੍ਹਾ ਸਿੱਖਿਆ ਅਫ਼ਸਰ ਸ੍ਰੀਮਤੀ ਪਰਮਜੀਤ ਕੌਰ ਉਪ ਜਿਲ੍ਹਾ ਸਿੱਖਿਆ ਅਫ਼ਸਰ ਸ੍ਰੀ ਲਖਵਿੰਦਰ ਸਿੰਘ ਅਗਵਾਈ ਹੇਠ ਸਮੁੱਚੇ ਖੇਡ ਅਧਿਆਪਕਾਂ ਦੇ ਸਹਿਯੋਗ ਨਾਲ ਇਸ ਟੂਰਨਾਂਮੈਂਟ ਨੂੰ ਸਫਲ ਬਣਾਉਣ ਲਈ ਦਿਨ ਰਾਤ ਇੱਕ ਕੀਤਾ ਹੋਇਆ ਹੈ। ਟੂਰਨਾਂਮੈਂਟ ਦੇ ਡਾਇਰੈਕਟਰ ਸੁਰਿੰਦਰ ਕੁਮਾਰ ਸਟੇਟ ਐਵਾਰਡੀ ਅਨੁਸਾਰ ਅੱਜ ਦੇ ਨਤੀਜੇ ਇਸ ਪ੍ਰਕਾਰ ਹਨ।40 ਕਿਲੋ ਭਾਰ ਵਿੱਚ ਵੀਰ ਫਾਜ਼ਿਲਕਾ ਨੇ ਪਹਿਲਾ ਸਥਾਨ ਬਵਿਸ਼ ਗੁਰਦਾਸਪੁਰ ਦੂਜਾ ਸਥਾਨ ਜਸ਼ਨਦੀਪ ਸਿੰਘ ਮੋਹਾਲੀ ਵਿੰਗ ਅਤੇ ਹਿਮਾਂਸ਼ੂ ਪਟਿਆਲਾ ਨੇਂ ਤੀਜਾ ਸਥਾਨ 73 ਕਿਲੋ ਵਜਨ ਵਿੱਚ ਹਰਸ਼ਵਰਧਨ ਗੁਰਦਾਸਪੁਰ ਪਹਿਲਾ ਸਥਾਨ ਕਰਨਵੀਰ ਸਿੰਘ ਮਾਨ ਬਠਿੰਡਾ ਦੂਜਾ ਸਥਾਨ ਨਵਨੂਰ ਜੋਤ ਸਿੰਘ ਸੰਗਰੂਰ ਅਤੇ ਹਰਸਿਮਰਤ ਸਿੰਘ ਲੁਧਿਆਣਾ ਨੇ ਤੀਜਾ ਸਥਾਨ 81 ਕਿਲੋ ਵਿੱਚ ਰਿਹਾਨ ਸ਼ਰਮਾ ਗੁਰਦਾਸਪੁਰ ਨੇ ਪਹਿਲਾ ਸਥਾਨ ਅਰੁਸ ਸਲਹੋਤਰਾ ਜਲੰਧਰ ਨੇ ਦੂਜਾ ਸਥਾਨ ਰਾਘਵ ਪਠਾਨਕੋਟ ਅਤੇ ਰੋਹਿਤ ਸਿੰਘ ਪਟਿਆਲਾ ਨੇ ਤੀਜਾ ਸਥਾਨ 90 ਕਿਲੋ ਵਿੱਚ ਰਜਵਾਨ ਪ੍ਰਤਾਪ ਪਟਿਆਲਾ ਨੇ ਪਹਿਲਾ ਸਥਾਨ ਨੈਤਿਕ ਡੋਗਰਾ ਗੁਰਦਾਸਪੁਰ ਨੇ ਦੂਜਾ ਸਥਾਨ ਫਰਹਾਨ ਸੁਲੇਮਾਨੀ ਜਲੰਧਰ ਅਤੇ ਰਾਮ ਕੁਮਾਰ ਮੁਹਾਲੀ ਵਿੰਗ ਨੇ ਤੀਜਾ ਸਥਾਨ 90 ਤੋਂ ਉਪਰ ਕਿਲੋ ਭਾਰ ਵਿੱਚ ਜਪਜੋਤ ਸਿੰਘ ਪਟਿਆਲਾ ਨੇ ਪਹਿਲਾ ਪਿਊਸ਼ ਮਿੱਤਰ ਗੁਰਦਾਸਪੁਰ ਨੇ ਦੂਜਾ ਚਾਂਦ ਜਲੰਧਰ ਅਤੇ ਅਮਾਨਤ ਵੀਰ ਸਿੰਘ ਅੰਮ੍ਰਿਤਸਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ

ਰੋਜ਼ਾਨਾ ਲੋਕ ਬਾਣੀ www.lokbani

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਵੋਟਰਾਂ ਦਾ ਟਰੈਕਟਰ ਦੇ ਚੋਣ ਨਿਸ਼ਾਨ ਤੇ ਮੋਹਰਾਂ ਲਾਉਣ ਵਿੱਚ ਵਧਿਆ ਉਤਸਾਹ ਡਾ:ਰਣਜੀਤ ਸਿੰਘ

## ਮੈਂ ਸਰਪੰਚ ਨਹੀਂ ਸੇਵਾਦਾਰ ਬਣ ਕੇ ਕਰਾਂਗਾ ਕੰਮ

ਸ਼ੇਰਪੁਰ (ਸੱਤਪਾਲ ਸਿੰਘ ਕਾਲਾਬੂਲਾ) ਪਿੰਡ ਕਾਲਾਬੂਲਾ ਤੋਂ ਰਾਖਵੀਂ ਸੀਟ ਤੇ ਸਰਪੰਚੀ ਦੀ ਚੋਣ ਲੜ ਰਹੇ ਪੜ੍ਹੇ ਲਿਖੇ ਸੁਲਝੇ ਹੋਏ ਅਤੇ ਸਰਬ ਸਾਂਝੇ ਉਮੀਦਵਾਰ ਡਾਕਟਰ ਰਣਜੀਤ ਸਿੰਘ ਕਾਲਾਬੂਲਾ ਨੇ ਵੀ ਆਪਣੀਆਂ ਚੋਣ ਸਰਗਰਮੀਆਂ ਨੂੰ ਤੇਜ਼ ਕਰ ਦਿੱਤਾ। ਉਨਾਂ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਹੈ ਕਿ ਉਨਾਂ ਦਾ ਚੋਣ ਲੜਨ ਦਾ ਮੁੱਖ ਮਕਸਦ ਪਿੰਡ ਦੀ ਡਿਵੈਲਪਮੈਂਟ ਕਰਨਾ ਹੈ। ਉਹਨਾਂ ਕਿਹਾ ਕਿ ਭਾਵੇਂ ਪੰਚਾਇਤ ਵੱਲੋਂ ਪਿੰਡ ਅੰਦਰ ਚੰਗੇ ਕੰਮ ਕੀਤੇ ਗਏ ਹਨ ਪ੍ਰੰਤੂ ਫਿਰ ਵੀ ਕੰਮ ਕਦੇ ਮੁੱਕਿਆ ਨਹੀਂ ਕਰਦੇ। ਇਸ ਲਈ ਪਿੰਡ ਅੰਦਰ ਸੀਵਰੇਜ ਦਾ ਪ੍ਰਬੰਧ ਕਰਨਾ, ਮਿੰਨੀ ਪੈਲਸ ਬਣਾਉਣਾ, ਸਰਕਾਰੀ ਡਿਸਪੈਂਸਰੀ ਦਾ ਪ੍ਰਬੰਧ, ਨੌਜਵਾਨ ਪੀੜੀ ਨੂੰ ਨਸ਼ਿਆਂ ਤੋਂ ਦੂਰ ਕਰਨ ਲਈ ਵਿਸ਼ੇਸ਼ ਪ੍ਰੋਗਰਾਮ, ਵਾਤਾਵਰਨ ਨੂੰ ਹਰਿਆ ਭਰਿਆ ਬਣਾਉਣ ਲਈ ਰੁੱਖ ਲਗਾਉਣਾ,ਸਕੂਲ ਨੂੰ ਅਪਗ੍ਰੇਟ ਕਰਵਾਉਣਾ,ਨੌਜਵਾਨਾਂ ਲਈ ਖੇਡਾਂ ਦਾ ਪ੍ਰਬੰਧ ਕਰਨਾ ਅਤੇ ਪੰਜਾਬ ਸਰਕਾਰ ਦੀਆਂ ਸਕੀਮਾਂ ਨੂੰ ਹਰ ਲੋੜਵੰਦ ਤੱਕ ਪਹੁੰਚਾਉਣਾ ਉਹਨਾਂ ਦਾ ਮੁੱਖ ਮਕਸਦ ਹੋਵੇਗਾ। ਉਨਾਂ ਆਪਣੇ ਵੋਟਰਾਂ ਅਤੇ ਸਪੋਰਟਰਾਂ ਨੂੰ ਅਪੀਲ ਕੀਤੀ ਕਿ ਉਹ ਪਿੰਡ ਅੰਦਰ ਭਾਈਚਾਰਕ ਸਾਂਝ ਨੂੰ ਮਜਬੂਤ ਰੱਖਦੇ ਹੋਏ ਸੰਜਮ ਅਤੇ ਇਤਫਾਕ ਰੱਖਣ। ਅੰਤ ਵਿੱਚ ਉਨ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ 15 ਅਕਤੂਬਰ ਵਾਲੇ ਦਿਨ ਆਪਣਾ ਇੱਕੋ ਇੱਕ ਕੀਮਤੀ ਵੋਟ ਟਰੈਕਟਰ ਚੋਣ ਨਿਸਾਨ ਦੇ ਮੋਹਰਾ ਲਗਾ ਕੇ ਉਹਨਾਂ ਨੂੰ ਕਾਮਯਾਬ ਕਰਨ। ਇਸ ਤੋਂ ਇਲਾਵਾ ਉਨਾਂ ਦੇ ਸਮਰਥਕਾਂ ਵੱਲੋਂ ਬੀ ਡੋਰ ਟੂ ਡੋਰ ਜਾ ਕੇ ਲੋਕਾਂ ਨੂੰ ਵੋਟ ਪਾਉਣ ਦੀ ਅਪੀਲ ਕੀਤੀ ਜਾ ਰਹੀ ਹੈ। ਇਸ ਮੌਕੇ ਉਹਨਾਂ ਨਾਲ ਭਾਰੀ ਗਿਣਤੀ ਵਿੱਚ ਉਹਨਾਂ ਦੇ ਸਮਰਥਕ ਵੀ ਹਾਜ਼ਰ ਸਨ।



ਰੋਜ਼ਾਨਾ ਲੋਕ ਬਾਣੀ www.lokbani

# ਪੈਨਸ਼ਨਰਾਂ ਨੇ 15 ਅਕਤੂਬਰ ਤੱਕ ਮੰਗਾਂ ਮੰਨਣ ਦਾ ਦਿੱਤਾ ਅਲਟੀਮੇਟਮ




ਸਹੀਦ ਭਗਤ ਸਿੰਘ ਨਗਰ(ਰਮੇਸ ਸਰਮਾ£ਮਨਪ੍ਰੀਤ ਵਾਸੂ)ਪੰਜਾਬ ਪੈਨਸ਼ਨਰਜ ਵੈਲਫੇਅਰ ਐਸੋਸੀਏਸ਼ਨ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਸੋਮ ਲਾਲ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੀ ਸ਼ੁਰੂਆਤ ਵਿੱਚ ਮੁਲਾਜ਼ਮ ਅਤੇ ਪੈਨਸ਼ਨਰ ਜਸਵੀਰ ਸਿੰਘ ਮਾਹੀ ਸੀ ਐਚ ਟੀ, ਸੁਰਜੀਤ ਰਾਮ ਦੌਲਤਪੁਰ ਅਤੇ ਜੀਤ ਰਾਮ ਪਲੀਆਂ ਦੇ ਬੇਵਕਤ ਵਿਛੋੜੇ ਤੇ ਦੋ ਮਿੰਟ ਦਾ ਮੌਨ ਧਾਰ ਕੇ ਸ਼ਰਧਾਂਜਲੀ ਭੇਂਟ ਕੀਤੀ ਗਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਸਕੱਤਰ ਜੀਤ ਲਾਲ ਗੋਹਲੜੋਂ, ਕਰਨੈਲ ਸਿੰਘ ਰਾਹੋਂ, ਅਸ਼ੋਕ ਕੁਮਾਰ, ਸੋਹਣ ਸਿੰਘ, ਦੇਸ ਰਾਜ ਬੱਜੋਂ, ਧਰਮ ਪਾਲ, ਰਾਮ ਲਾਲ, ਸੋਖੀ ਰਾਮ, ਰਾਮ ਸਿੰਘ, ਹਰਭਜਨ ਸਿੰਘ ਭਾਵੜਾ, ਬਲਦੇਵ ਸਿੰਘ ਕਿਸ਼ਨਪੁਰਾ, ਹਰਮੇਸ਼ ਲਾਲ ਰਾਣੇਵਾਲ ਆਦਿ ਨੇ ਕਿਹਾ ਕਿ ਜੇ ਸਰਕਾਰ ਨੇ 15 ਅਕਤੂਬਰ ਤੱਕ ਪੈਨਸ਼ਨਰਾਂ ਅਤੇ ਮੁਲਾਜ਼ਮਾਂ ਦੀਆਂ ਮੰਗਾਂ ਦਾ ਨਿਪਟਾਰਾ ਨਾ ਕੀਤਾ ਤਾਂ 20 ਅਕਤੂਬਰ ਨੂੰ ਚੰਡੀਗੜ੍ਹ ਵਿੱਚ ਵਿਰੋਧ ਪ੍ਰਦਰਸ਼ਨ ਕੀਤਾ ਜਾਵੇਗਾ ਅਤੇ ਜਿਮਨੀ ਚੋਣਾਂ ਵਿੱਚ ਸਰਕਾਰ ਦਾ ਸਖਤ ਵਿਰੋਧ ਕੀਤਾ ਜਾਵੇਗਾ। ਉਨ੍ਹਾਂ ਜਨਵਰੀ 2016 ਤੋਂ ਤਨਖਾਹ ਕਮਿਸ਼ਨ ਦੀਆਂ ਤਰੁਟੀਆਂ ਦੂਰ ਕਰਕੇ 125% ਮਹਿੰਗਾਈ ਭੱਤੇ ਤੇ 2.59 ਦਾ ਸਿਫਾਰਿਸ਼ ਕੀਤਾ ਗੁਣਾਂਕ ਲਾਗੂ ਕਰਨ, ਮਹਿੰਗਾਈ ਭੱਤੇ ਦੀਆਂ ਰਹਿੰਦੀਆਂ ਕਿਸ਼ਤਾਂ ਜਾਰੀ ਕਰਨ, ਤਨਖਾਹ ਦੁਹਰਾਈ ਅਤੇ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਦੇ ਬਕਾਏ ਜਾਰੀ ਕਰਨ, 20 ਸਾਲ ਦੀ ਸਰਵਿਸ ਬਾਅਦ ਪੂਰੇ ਪੈਨਸ਼ਨਰੀ ਲਾਭ ਜਾਰੀ ਕਰਨ, ਕੈਸ਼ ਲੈਸ ਹੈਲਥ ਸਕੀਮ ਸੋਧ ਕੇ ਲਾਗੂ ਕਰਨ, ਮੈਡੀਕਲ ਕਲੇਮ ਤੁਰੰਤ ਜਾਰੀ ਕਰਨ ਆਦਿ ਮੰਗਾਂ ਦਾ ਤੁਰੰਤ ਨਿਪਟਾਰਾ ਕਰਨ ਦੀ ਮੰਗ ਕੀਤੀ। ਮੀਟਿੰਗ ਵਿੱਚ ਜੋਗਾ ਸਿੰਘ, ਅਮਰਜੀਤ ਸਿੰਘ, ਈਸ਼ਵਰ ਚੰਦਰ, ਬਲਵੀਰ ਸਿੰਘ, ਹਰਦਿਆਲ ਸਿੰਘ, ਮਹਿੰਗਾ ਰਾਮ, ਹਰਭਜਨ ਸਿੰਘ, ਹਰਬੰਸ ਸਿੰਘ, ਸਰੂਪ ਲਾਲ, ਕੇਵਲ ਰਾਮ, ਅਵਤਾਰ ਸਿੰਘ, ਰਾਵਲ ਸਿੰਘ, ਰਾਮ ਲਾਲ, ਤਰਸੇਮ ਸਿੰਘ, ਭਾਗ ਸਿੰਘ, ਮਨੋਹਰ ਲਾਲ, ਦਰਸ਼ਨ ਦੇਵ, ਸੰਤੋਖ ਸਿੰਘ, ਹਰਮੇਸ਼ ਲਾਲ, ਸੁਰਜੀਤ ਰਾਮ ਆਦਿ ਹਾਜ਼ਰ ਸਨ।

ਰੋਜ਼ਾਨਾ ਲੋਕ ਬਾਣੀ www.lokbani

# ਹਰਿਆਣਾ ਵਿੱਚ ਸ਼ਾਨਦਾਰ ਜਿੱਤ ਤੇ ਹੈਟ੍ਰਿਕ ਬਣਾਉਣ ਤੇ ਭਾਜਪਾਈਆਂ ਨੇ ਵੰਡੇ ਲੱਡੂ



ਸ੍ਰੀ ਅਨੰਦਪੁਰ ਸਾਹਿਬ,(ਦਵਿੰਦਰਪਾਲ ਸਿੰਘ ) ਭਾਰਤੀ ਜਨਤਾ ਪਾਰਟੀ ਨੂੰ ਹਰਿਆਣਾ ਵਿੱਚ ਮਿਲੇ ਪ੍ਰਚੰਡ ਬਹੁਮਤ ਤੇ ਲਗਾਤਾਰ ਤੀਜੀ ਵਾਰ ਹੈਟ੍ਰਿਕ ਬਣਾਉਣ ਦੀ ਖੁਸ਼ੀ ਵਿੱਚ ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਵਿੱਚ ਭਾਜਪਾਈਆਂ ਵੱਲੋ ਲੱਡੂ ਵੰਡ ਕੇ ਖੁਸ਼ੀ ਮਨਾਈ ਗਈ। ਭਾਰਤੀ ਜਨਤਾ ਪਾਰਟੀ ਦੀ ਸਰਕਾਰ ਹਰਿਆਣਾ ਪ੍ਰਦੇਸ਼ ਵਿੱਚ ਲਗਾਤਾਰ ਤੀਜੀ ਵਾਰ ਹੈਟ੍ਰਿਕ ਲਗਾਉਂਦੇ ਹੋਏ ਸੱਤਾ ਤੇ ਕਾਬਜ਼ ਹੋ ਗਈ ਤੇ ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਵਿੱਖੇ ਸੀਨੀਅਰ ਭਾਜਪਾ ਆਗੂ ਕੇ.ਕੇ.ਬੇਦੀ ਦੀ ਅਗਵਾਈ ਹੇਠ ਲੱਡੂ ਵੰਡੇ ਜਿਸ ਵਿੱਚ ਜਿਲ੍ਹਾ ਭਾਜਪਾ ਦੇ ਚੀਫ ਸਪੋਕਸਪਰਸਨ ਨੌਜਵਾਨ ਆਗੂ ਬਲਰਾਮ ਪਰਾਸ਼ਰ ਵੱਲੋਂ ਸ਼ਿਰਕਤ ਕਰਦਿਆਂ ਭਾਜਪਾ ਆਗੂ ਕੇ.ਕੇ. ਬੇਦੀ ਤੇ ਅੰਮ੍ਰਿਤ ਲਾਲ ਗੌਤਮ ( ਘੋਗਾ ) ਦਾ ਮੂੰਹ ਮਿੱਠਾ ਕਰਵਾ ਕੇ ਖੁਸ਼ੀ ਮਨਾਈ ਗਈ ਤੇ ਗੱਲਬਾਤ ਕਰਦਿਆਂ ਚੀਫ ਸਪੋਕਸਪਰਸਨ ਬਲਰਾਮ ਪਰਾਸ਼ਰ ਨੇ ਕਿਹਾ ਕਿ ਭਾਰਤ ਦੇ ਮੁੱਖ ਸੇਵਾਦਾਰ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਜੀ ਦੀਆਂ ਲੋਕ ਪੱਖੀ ਨੀਤੀਆਂ ਤੇ ਵਿਕਾਸ ਨੂੰ ਦੇਖਦੇ ਹੋਏ ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸੈਣੀ ਦੀ ਸੁਯੋਗ ਅਗਵਾਈ ਨੂੰ ਦੇਖਦੇ ਹੋਏ ਹਰਿਆਣਾ ਵਾਸੀਆਂ ਨੇ ਮੋਹਰ ਲਗਾਈ ਹੈ ਤੇ ਕਾਂਗਰਸ ਪਾਰਟੀ ਤੇ ਆਮ ਆਦਮੀ ਪਾਰਟੀ ਨੂੰ ਨਕਾਰਦੇ ਹੋਏ ਵਿਕਾਸ ਤੇ ਅਮਨ ਸ਼ਾਂਤੀ ਨੂੰ ਚੁਣਿਆ ਹੈ। ਇਸ ਮੌਕੇ ਤੇ ਸੰਜੇ ਮਹਿਤਾ, ਸੁਨੀਲ ਸੋਨੀ, ਹਨੀ ਸ਼ਾਹ ਤੇ ਅੰਕੁਸ਼ ਵਰਮਾ ਨੇ ਹਰਿਆਣਾ ਵਾਸੀਆਂ ਨੂੰ ਵਧਾਈ ਤੇ ਸ਼ੁਭਕਾਮਨਾਵਾਂ ਦਿੰਦੇ ਹੋਏ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਜੀ ਤੇ ਅਮਿਤ ਸ਼ਾਹ ਜੀ ਨੂੰ ਵੀ ਵਧਾਈ ਦਿੱਤੀ ਹੈ। ਇਸ ਮੌਕੇ ਤੇ ਮਾਸਟਰ ਵੀਰ ਸਿੰਘ, ਅਸ਼ੋਕ ਵਰਮਾ ਸ਼ੌਕੀ, ਹਰੀਸ਼ ਕੁਮਾਰ, ਰਣਜੀਤ ਸਿੰਘ ਤੇ ਹੋਰ ਹਾਜ਼ਿਰ ਰਹੇ।

ਰੋਜ਼ਾਨਾ ਲੋਕ ਬਾਣੀ www.lokbani

# ਮਨਵੀਰ ਸਿੰਘ ਬੜੀ ਨੂੰ ਜਿਤਾਉਣ ਲਈ ਲੋਕ ਹੋਏ ਪੱਬਾਂ ਭਰ

**ਬਾਲਟੀ ਚੋਣ ਨਿਸ਼ਾਨ ਤੇ ਮੋਹਰਾ ਲਾਉਣ ਵਿੱਚ ਲੋਕਾਂ ਦਾ ਉਤਸਾਹ:ਬੜੀ**



ਸ਼ੇਰਪੁਰ (ਸੱਤਪਾਲ ਸਿੰਘ ਕਾਲਾਬੂਲਾ) ਜਿਉਂ ਜਿਉਂ ਚੋਣਾਂ ਦਾ ਸਮਾਂ ਨੇੜੇ ਆ ਰਿਹਾ ਹੈ ਤਿਉਂ ਤਿਉਂ ਪੰਚੀ ਅਤੇ ਸਰਪੰਚੀ ਦੀ ਚੋਣ ਲੜ ਰਹੇ ਉਮੀਦਵਾਰਾਂ ਨੇ ਵੀ ਆਪਣੀਆਂ ਸਰਗਰਮੀਆਂ ਨੂੰ ਤੇਜ਼ ਕੀਤਾ ਹੋਇਆ ਹੈ। ਇਸੇ ਕੜੀ ਤਹਿਤ ਪਿੰਡ ਬੜੀ ਤੋਂ ਸਰਪੰਚੀ ਦੀ ਚੋਣ ਲੜ ਰਹੇ ਪੜੇ ਲਿਖੇ ਸੁਲਝੇ ਹੋਏ ਅਤੇ ਸਰਬ ਸਾਂਝੇ ਉਮੀਦਵਾਰ ਮਨਵੀਰ ਸਿੰਘ ਬੜੀ ਨੂੰ ਜਿਤਾਉਣ ਵਿੱਚ ਵੀ ਲੋਕ ਪੱਬਾਂ ਭਰ ਹੋ ਚੁੱਕੇ ਹਨ। ਉਨਾਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਹੈ ਕਿ ਪਿੰਡ ਦੀਆਂ ਮਾਵਾਂ ਭੈਣਾਂ,ਬਜ਼ੁਰਗਾਂ ਤੇ ਨੌਜਵਾਨਾਂ ਨੇ ਉਨਾਂ ਨੂੰ ਅਸ਼ੀਰਵਾਦ ਦਿੰਦਿਆਂ ਕਿਹਾ ਹੈ ਕਿ ਉਹ ਬਾਲਟੀ ਦੇ ਚੋਣ ਨਿਸ਼ਾਨ ਤੇ ਮੋਹਰਾਂ ਲਗਾ ਕੇ ਉਹਨਾਂ ਨੂੰ ਜ਼ਰੂਰ ਕਾਮਯਾਬ ਕਰਨਗੇ। ਬੜੀ ਨੇ ਅੱਗੇ ਕਿਹਾ ਹੈ ਕਿ ਮੇਰਾ ਮੁੱਖ ਮਕਸਦ ਜਿੱਥੇ ਪਿੰਡ ਦੇ ਸਰਕਾਰੀ ਸਕੂਲ ਦੀ ਡਿਵੈਲਪਮੈਂਟ, ਪਿੰਡਾਂ ਅੰਦਰ ਸ਼ਾਨਦਾਰ ਪਾਰਕ ਅਤੇ ਸੀਵਰੇਜ ਦਾ ਪ੍ਰਬੰਧ ਕਰਨਾ, ਨੌਜਵਾਨਾਂ ਲਈ ਖੇਡ ਗਰਾਊਂਡ ਅਤੇ ਜਿੰਮ ਦੇਣ ਅਤੇ ਨਸ਼ਿਆਂ ਵਿੱਚ ਡੁੱਬ ਰਹੀ ਨੌਜਵਾਨੀ ਨੂੰ ਪ੍ਰੇਰਤ ਕੇ ਚੰਗੇ ਪਾਸੇ ਲਾਉਣਾ ਉਹਨਾਂ ਦਾ ਮੁੱਖ ਮਕਸਦ ਹੋਵੇਗਾ। ਉਹਨਾਂ ਕਿਹਾ ਹੈ ਕਿ ਮੈਨੂੰ ਪੂਰਨ ਵਿਸ਼ਵਾਸ ਹੈ ਕਿ ਸਮੁੱਚਾ ਨਗਰ ਉਹਨਾਂ ਨੂੰ ਇਸ ਵਾਰ ਸੇਵਾ ਕਰਨ ਦਾ ਜ਼ਰੂਰ ਮੌਕਾ ਦੇਵੇਗਾ। ਅੰਤ ਵਿੱਚ ਉਹਨਾਂ ਕਿਹਾ ਕਿ 15 ਤਰੀਕ ਨੂੰ ਆਪਣੀ ਇੱਕੋ ਇੱਕ ਕੀਮਤੀ ਵੋਟ ਬਾਲਟੀ ਦੇ ਚੋਣ ਨਿਸ਼ਾਨ ਤੇ ਲਗਾ ਕੇ ਉਹਨਾਂ ਨੂੰ ਇੱਕ ਵਾਰ ਸੇਵਾ ਕਰਨ ਦਾ ਮੌਕਾ ਦਿੱਤਾ ਜਾਵੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਕੁਲਦੀਪ ਸਿੰਘ ਬਾਠ, ਸਾਬਕਾ ਸਰਪੰਚ ਗੁਰਜੀਤ ਸਿੰਘ, ਸਾਬਕਾ ਸਰਪੰਚ ਪਰਮਜੀਤ ਕੌਰ, ਸਾਬਕਾ ਸਰਪੰਚ ਦਰਸ਼ਨ ਸਿੰਘ, ਸਾਬਕਾ ਸੰਮਤੀ ਮੈਂਬਰ ਮਨਪ੍ਰੀਤ ਕੌਰ, ਸਾਬਕਾ ਪੰਚ ਗੁਰਦੇਵ ਸਿੰਘ, ਜੱਗਾ ਬਾਠ, ਇੰਦਰਜੀਤ ਸਿੰਘ, ਅਵਤਾਰ ਸਿੰਘ ਤਾਰੀ, ਮੇਜਰ ਸਿੰਘ, ਹਰਵੀਰ ਸਿੰਘ ਚੌਧਰੀ, ਜਸਵੰਤ ਸਿੰਘ, ਗੁਰਪ੍ਰੀਤ ਸਿੰਘ ਗੋਪੀ, ਹਰਪਾਲ ਸਿੰਘ, ਸੁਪਿੰਦਰਜੀਤ ਸਿੰਘ ਲਾਡੀ ਮੇਜਰ ਸੈਕਟਰੀ, ਹਰਜਿੰਦਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਮਨਵੀਰ ਦੇ ਸਮਰਥਕ ਮੌਜੂਦ ਸਨ।

# ਵੋਟਰ ਬਾਲਟੀ ਦੇ ਚੋਣ ਨਿਸ਼ਾਨ ਤੇ ਮੋਹਰਾਂ ਲਗਾ ਕੇ ਉਹਨਾਂ ਨੂੰ ਕਾਮਯਾਬ ਕਰਦੇ ਹਨ ਤਾਂ ਉਹ ਪਿੰਡ ਦੀ ਬਦਲਣਗੇ ਨੁਹਾਰ



ਸ਼ੇਰਪੁਰ (ਸੱਤਪਾਲ ਸਿੰਘ ਕਾਲਾਬੂਲਾ) ਪਿੰਡ ਕਾਲਾਬੂਲਾ ਤੋਂ ਸਰਪੰਚੀ ਦੀ ਚੋਣ ਲੜ ਰਹੇ ਸਰਬ ਸਾਂਝੇ ਅਤੇ ਲੋਕਾਂ ਦੇ ਦੁੱਖ ਸੁੱਖ ਵਿੱਚ ਖੜਨ ਵਾਲੇ ਉਮੀਦਵਾਰ ਜਥੇਦਾਰ ਮੇਜਰ ਸਿੰਘ ਕਾਲਾਬੂਲਾ ਨੇ ਵੀ ਆਪਣੀਆਂ ਚੋਣ ਸਰਗਰਮੀਆਂ ਨੂੰ ਤੇਜ਼ ਕਰ ਦਿੱਤਾ ਹੈ। ਉਹਨਾਂ ਕਿਹਾ ਹੈ ਕਿ ਮੇਰੇ ਰੱਬ ਵਰਗੇ ਵੋਟਰਾਂ ਨੇ ਮੈਨੂੰ ਸਾਲ ਭਰ ਪਹਿਲਾਂ ਹੀ ਸਰਪੰਚੀ ਦੀ ਚੋਣ ਲੜਨ ਲਈ ਹੱਲਾ ਸ਼ੇਰੀ ਦਿੱਤੀ ਹੋਈ ਹੈ। ਹੁਣ ਮੈਂ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਚੋਣ ਮੈਦਾਨ ਵਿੱਚ ਨਿਤਰਿਆ ਹਾਂ। ਉਹਨਾਂ ਅੱਗੇ ਦੱਸਿਆ ਕਿ ਮੇਰੇ ਸਿਰ ਉੱਪਰ ਪਿੰਡ ਦੀਆਂ ਮਾਵਾਂ, ਭੈਣਾਂ, ਨੌਜਵਾਨਾਂ ਅਤੇ ਬਜ਼ੁਰਗਾਂ ਦਾ ਪੂਰਨ ਅਸ਼ੀਰਵਾਦ ਹੈ ਅਤੇ ਜੇਕਰ ਵਾਹਿਗੁਰੂ ਨੇ ਚਾਹਿਆ ਤਾਂ ਉਹ ਇਸ ਚੋਣ ਮੈਦਾਨ ਵਿੱਚ ਫਤਿਹ ਕਰਨਗੇ। ਉਹਨਾਂ ਕਿਹਾ ਹੈ ਕਿ ਪਿੰਡ ਵਿੱਚ ਅਜੇ ਵੀ ਬਹੁਤ ਸਾਰੇ ਅਜਿਹੇ ਵਿਕਾਸ ਕਾਰਜ ਕਰਨ ਵਾਲੇ ਹਨ ਜਿਨਾਂ ਨੂੰ ਮੈਂ ਵ ਪਰਮਾਤਮਾ ਅਤੇ ਸੰਗਤ ਦੇ ਅਸ਼ੀਰਵਾਦ ਨਾਲ ਮੁਕੰਮਲ ਕਰਕੇ ਹੀ ਦਮ ਲਵਾਂਗਾ। ਜਥੇਦਾਰ ਕਾਲਾਬੂਲਾ ਨੇ ਕਿਹਾ ਹੈ ਕਿ ਪਿੰਡ ਵਿਚਲੇ ਸਰਕਾਰੀ ਸਕੂਲ ਨੂੰ ਪੰਜਵੀਂ ਤੋਂ ਅੱਠਵੀਂ ਤੱਕ ਕਰਨਾ, ਦਲਿਤ ਪਰਿਵਾਰਾਂ ਲਈ ਖੁਸ਼ੀ ਗਮੀ ਵਿੱਚ ਬੈਠਣ ਲਈ ਮਿੰਨੀ ਹਾਲ ਦਾ ਪ੍ਰਬੰਧ ਕਰਨਾ, ਨੌਜਵਾਨਾਂ ਨੂੰ ਖੇਡ ਕਿੱਟਾਂ ਦੇਣ ਤੋਂ ਇਲਾਵਾ ਪਿੰਡ ਵਿੱਚ ਖੇਡਾਂ ਕਰਵਾਉਣਾ, ਸੀਵਰੇਜ ਦਾ ਖਾਸ ਪ੍ਰਬੰਧ ਕਰਨਾ, ਨੌਜਵਾਨ ਪੀੜੀ ਨੂੰ ਨਸ਼ਿਆਂ ਤੋਂ ਦੂਰ ਕਰਨ ਲਈ ਗੁਰੂ ਲੜ ਲਾਉਣਾ ਅਤੇ ਸਮੇਂ ਸਮੇਂ ਸਿਰ ਬਜ਼ੁਰਗਾਂ ਲਈ ਮੁਫਤ ਕੈਂਪ ਲਗਾਉਣੇ ਅਤੇ ਸਰਕਾਰੀ ਪੈਸੇ ਨੂੰ ਪਿੰਡ ਤੇ ਖਰਚ ਕਰਨ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਉਹਨਾਂ ਕਿਹਾ ਹੈ ਕਿ ਉਨਾਂ ਦੇ ਸਮਰਥਕ ਵੀ ਉਹਨਾਂ ਲਈ ਦਿਨ ਰਾਤ ਮਿਹਨਤ ਕਰ ਰਹੇ ਹਨ।ਉਹਨਾਂ ਨਗਰ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ 15 ਅਕਤੂਬਰ ਵਾਲੇ ਦਿਨ ਬਾਲਟੀ ਚੋਣ ਸਥਾਨ ਤੇ ਮੋਹਰਾਂ ਲਗਾ ਕੇ ਉਹਨਾਂ ਨੂੰ ਕਾਮਯਾਬ ਕਰਨ।

ਰੋਜ਼ਾਨਾ ਲੋਕ ਬਾਣੀ www.lokbani

# ਜ਼ਿਲ੍ਹਾ ਪੱਧਰੀ ਮਹਾਨ ਕੀਰਤਨ ਦਰਬਾਰ ਨੂੰ ਸਮਰਪਿਤ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਕਰਵਾਇਆ ਗਿਆ ਵਿਸ਼ੇਸ਼ ਗੁਰਮਤਿ ਸਮਾਗਮ

ਸਹੀਦ ਭਗਤ ਸਿੰਘ ਨਗਰ (ਰਮੇਸ ਸਰਮਾ£ਮਨਪ੍ਰੀਤ ਵਾਸੂ)ਸ੍ਰੀ ਗੁਰੂ ਨਾਨਕ ਦੇਵ ਜੀ ਦੇ 555 ਸਾਲਾ ਪ੍ਰਕਾਸ਼ ਪੁਰਬ ਮੌਕੇ ਨਵਾਂਸ਼ਹਿਰ ਵਿਖੇ ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ (ਨਵਾਂਸ਼ਹਿਰ) ਵਲੋਂ ਕਰਵਾਏ ਜਾ ਰਹੇ ਜ਼ਿਲ੍ਹਾ ਪੱਧਰੀ ਮਹਾਨ ਕੀਰਤਨ ਦਰਬਾਰ ਨੂੰ ਸਮਰਪਿਤ ਰਾਤ ਦੇ ਗੁਰਮਤਿ ਸਮਾਗਮਾਂ ਦੀ ਲੜੀ ਦੌਰਾਨ 20ਵਾਂ ਵਿਸ਼ੇਸ਼ ਗੁਰਮਤਿ ਸਮਾਗਮ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਪੂਰੀ ਸ਼ਰਧਾ ਭਾਵਨਾ ਨਾਲ ਕਰਵਾਇਆ ਗਿਆ । ਢਾਹਾਂ ਕਲੇਰਾਂ ਸਮਾਗਮ ਦਾ ਪ੍ਰਬੰਧ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਵੱਲੋਂ ਸਮੂਹ ਅਦਾਰਿਆਂ ਦੇ ਸਟਾਫ ਅਤੇ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਕੀਤਾ ਗਿਆ । ਇਸ ਸਮਾਗਮ ਦੌਰਾਨ ਵੱਡੀ ਗਿਣਤੀ ਵਿਚ ਸੰਗਤਾਂ ਨੇ ਹਾਜ਼ਰੀ ਭਰੀ । ਸਮਾਗਮ ਦੀ ਆਰੰਭਤਾ ਸ਼ਾਮ ਨੂੰ ਸ੍ਰੀ ਰਹਿਰਾਸ ਸਾਹਿਬ ਜੀ ਦੇ ਪਾਠ ਨਾਲ ਹੋਈ । ਉਪਰੰਤ ਗੁਰਬਾਣੀ ਕੀਰਤਨ ਤੇ ਕਥਾ ਵਿਚਾਰਾਂ ਦਾ ਪ੍ਰਵਾਹ ਚੱਲਿਆ, ਇਸ ਵਿੱਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੇ ਹਜ਼ੂਰੀ ਰਾਗੀ ਭਾਈ ਰਵਿੰਦਰ ਸਿੰਘ ਵੱਲੋਂ ਅੰਮ੍ਰਿਤਮਈ ਬਾਣੀ ਦਾ ਰਸਭਿੰਨਾ ਕੀਰਤਨ ਸਰਵਣ ਕਰਵਾ ਕੇ ਸੰਗਤਾਂ ਨੂੰ ਗੁਰਬਾਣੀ ਦੇ ਨਾਲ ਜੋੜਿਆ ਗਿਆ। ਉਪਰੰਤ ਕਥਾਵਾਚਕ ਡਾ. ਸਰਬਜੀਤ ਸਿੰਘ ਰੇਣਕਾ ਨੇ ਸੰਗਤਾਂ ਨੂੰ ਗੁਰ ਇਤਿਹਾਸ ਅਤੇ ਗੁਰਬਾਣੀ ਦੇ ਵਡਮੁੱਲੇ ਸਿਧਾਂਤਾਂ ਤੋਂ ਜਾਣੂ ਕਰਵਾਇਆ । ਉਹਨਾਂ ਨੇ ਸ੍ਰੀ ਜੁਪਜੀ ਸਾਹਿਬ ਦੀ ਸਰਲ ਸ਼ਬਦਾਂ ਵਿਚ ਵਿਆਖਿਆ ਕਰਦੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਉਪਦੇਸ਼ ਅਨੁਸਾਰ ਅਨੁਸਾਰ ਨਾਮ ਜਪਣ, ਕਿਰਤ ਕਰਨ, ਵੰਡ ਛਕਣ ਦੇ ਸਿਧਾਂਤ ਨੂੰ ਜੀਵਨ ਵਿਚ ਅਪਣਾਉਂਦੇ ਹੋਏ ਅਤੇ ਵਹਿਮਾਂ ਭਰਮਾਂ ਨੂੰ ਛੱਡ ਕੇ ਗੁਰੂ ਕੀ ਬਾਣੀ ਦੇ ਲੜ ਲੱਗਣ ਲਈ ਪ੍ਰੇਰਿਤ ਕੀਤਾ । ਇਸ ਮੌਕੇ ਭਾਈ ਜੋਗਾ ਸਿੰਘ ਹਜ਼ੂਰੀ ਰਾਗੀ ਗੁਰਦੁਆਰਾ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਅਤੇ ਗੁਰੂ ਨਾਨਕ ਕਾਲਜ ਆਫ ਨਰਸਿੰਗ ਢਾਹਾਂ ਕਲੇਰਾਂ ਦੇ ਕੀਰਤਨੀ ਜਥੇ ਨੇ ਹਾਜ਼ਰੀ ਭਰੀ । ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਦੇ ਪ੍ਰਧਾਨ ਕੁਲਵਿੰਦਰ ਸਿੰਘ ਢਾਹਾਂ ਨੇ ਸਮੂਹ ਸੰਗਤਾਂ ਦਾ ਅਤੇ ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਦੇ ਸਮੂਹ ਮੈਂਬਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ । ਉਹਨਾਂ ਕਿਹਾ ਕਿ ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਨਵਾਂਸ਼ਹਿਰ ਵੱਲੋਂ ਪਿੰਡ ਪਿੰਡ ਵਿੱਚ ਗੁਰਮਤਿ ਸਮਾਗਮ ਕਰਵਾ ਕੇ ਸੰਗਤਾਂ ਨੂੰ ਅਕਾਲ ਪੁਰਖ ਨਾਲ ਜੋੜਣ ਦਾ ਬਹੁਤ ਵਧੀਆ ਉੱਦਮ ਕਰ ਰਹੀ ਹੈ। ਸ. ਢਾਹਾਂ ਨੇ ਟਰੱਸਟ ਦੇ ਬਾਨੀ ਪ੍ਰਧਾਨ ਬਾਬਾ ਬੁੱਧ ਸਿੰਘ ਢਾਹਾਂ ਨੂੰ ਯਾਦ ਕਰਦੇ ਹੋਏ ਢਾਹਾਂ ਕਲੇਰਾਂ ਵਿਖੇ ਚੱਲਦੇ ਸਿਹਤ ਸਹੂਲਤਾਂ ਅਤੇ ਵਿਦਿਅਕ ਸੰਸਥਾਵਾਂ ਬਾਰੇ ਜਾਣਕਾਰੀ ਵੀ ਸੰਗਤਾਂ ਨੂੰ ਦਿੱਤੀ । ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਦੇ ਮੁੱਖ ਸੇਵਾਦਾਰ ਸੁਰਜੀਤ ਸਿੰਘ ਨੇ ਉਚੇਚੇ ਤੌਰ ਤੇ ਬੁਲਾਰਿਆਂ ਅਤੇ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਦੇ ਪ੍ਰਬੰਧਕਾਂ ਦਾ ਗੁਰਮਤਿ ਸਮਾਗਮ ਲਈ ਕੀਤੇ ਸ਼ਾਨਦਾਰ ਪ੍ਰਬੰਧਾਂ ਲਈ ਧੰਨਵਾਦ ਕੀਤਾ । ਇਸ ਮੌਕੇ ਟਰੱਸਟ ਅਤੇ ਸੁਸਾਇਟੀ ਵਲੋਂ ਭਾਈ



ਰਵਿੰਦਰ ਸਿੰਘ ਅਤੇ ਡਾ. ਸਰਬਜੀਤ ਸਿੰਘ ਰੇਣਕਾ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਸਟੇਜ ਸਕੱਤਰ ਦੀ ਸੇਵਾ ਗਿਆਨੀ ਤਰਲੋਚਨ ਸਿੰਘ ਖਟਕੜ ਕਲਾਂ ਵਾਲਿਆਂ ਨੇ ਬਾਖੂਬੀ ਨਿਭਾਈ। ਇਸ ਮੌਕੇ ਅਮਰਜੀਤ ਸਿੰਘ ਕਲੇਰਾਂ ਸਕੱਤਰ ਟਰੱਸਟ, ਦੀਦਾਰ ਸਿੰਘ ਸਾਬਕਾ ਡੀ. ਐਸ. ਪੀ. ਨਵਾਂਸ਼ਹਿਰ, ਜਗਜੀਤ ਸਿੰਘ ਕੈਸ਼ੀਅਰ, ਉੱਤਮ ਸਿੰਘ ਸੇਠੀ, ਜਗਜੀਤ ਸਿੰਘ ਸੈਣੀ , ਹਰਜਿੰਦਰ ਸਿੰਘ ਅਟਾਰੀ, ਕਮਲਜੀਤ ਸਿੰਘ ਸੈਣੀ ਸਾਬਕਾ ਡਵੀਜ਼ਨਲ ਕਮਿਸ਼ਨਰ, ਪਰਮਿੰਦਰ ਸਿੰਘ ਕੰਵਲ, ਤਲਵਿੰਦਰ ਸਿੰਘ ਕਰਿਆਮ , ਗੁਰਦੇਵ ਸਿੰਘ ਸੈਣੀ ਮੂਸਾਪੁਰ, ਗੋਪਾਲ ਸਿੰਘ ਰੱਕੜ ਢਾਹਾਂ, ਕੁਲਜੀਤ ਸਿੰਘ ਖਾਲਸਾ, ਪ੍ਰਿਤਪਾਲ ਸਿੰਘ ਮੂਸਾਪੁਰ, ਪਰਮਜੀਤ ਸਿੰਘ ਮੂਸਾਪੁਰ, ਬਖਸ਼ੀਸ਼ ਸਿੰਘ ਨਵਾਂਸ਼ਹਿਰ, ਨਵਦੀਪ ਸਿੰਘ, ਰਮਨੀਕ ਸਿੰਘ , ਗਿਆਨ ਸਿੰਘ, ਦਲਜੀਤ ਸਿੰਘ ਬਡਵਾਲ, ਮਨਜੀਤ ਸਿੰਘ ਮਹਿਤਪੁਰ, ਮਹਿੰਦਰ ਸਿੰਘ ਜਾਫਰਪੁਰ, ਸੁੱਚਾ ਸਿੰਘ ਬਰਨਾਲਾ, ਜਥੇਦਾਰ ਸਤਨਾਮ ਸਿੰਘ ਲਾਦੀਆਂ, ਬਰਜਿੰਦਰ ਸਿੰਘ ਹੈਪੀ ਕਲੇਰਾਂ, ਗੁਰਦੇਵ ਸਿੰਘ ਬਿੰਦਰਾ, ਜਥੇਦਾਰ ਤਰਲੋਕ ਸਿੰਘ ਫਲੋਰਾ, ਗਿਆਨੀ ਸੁਖਵਿੰਦਰ ਸਿੰਘ ਗੋਬਿੰਦਪੁਰ, ਬਾਬਾ ਦਲਜੀਤ ਸਿੰਘ ਕਰੀਹਾ, ਗੁਰਦੀਪ ਸਿੰਘ ਢਾਹਾਂ, ਲੰਬੜਦਾਰ ਸਵਰਨ ਸਿੰਘ ਕਾਹਮਾ, ਬੂਟਾ ਸਿੰਘ ਢੰਡੂਹਾ, ਤਰਨਜੀਤ ਸਿੰਘ ਥਾਂਦੀ ਦੌਲਤਪੁਰ, ਕੁਲਜਿੰਦਰਜੀਤ ਸਿੰਘ ਸੋਢੀ, ਅਮਰਜੀਤ ਸਿੰਘ ਪੂਨੀ ਜੀਂਦੋਵਾਲ, ਜਥੇਦਾਰ ਸੁਰਿੰਦਰ ਸਿੰਘ ਬਾਹੜੋਵਾਲ, ਵਰਿੰਦਰ ਸਿੰਘ ਲੱਖਪੁਰ, ਸੰਦੀਪ ਕੁਮਾਰ ਸਾਬਕਾ ਸਰਪੰਚ ਢਾਹਾਂ, ਬਹਾਦਰ ਸਿੰਘ ਮਜਾਰੀ, ਸਤਵੀਰ ਸਿੰਘ ਜੀਂਦੋਵਾਲ, ਗਿਆਨੀ ਦਲਜੀਤ ਸਿੰਘ, ਭਾਈ ਸਤਨਾਮ ਸਿੰਘ ਢਾਹਾਂ, ਨਰਿੰਦਰ ਸਿੰਘ ਢਾਹਾਂ, ਭਾਈ ਸੁਖਦੇਵ ਸਿੰਘ ਬੰਗਾ, ਹਰਦਿਆਲ ਸਿੰਘ ਢਾਹਾਂ, ਗੁਰਨਾਮ ਸਿੰਘ ਢਾਹਾਂ, ਅਮਰੀਕ ਸਿੰਘ ਰਾਣੂੰ ਯੂ ਐਸ ਏ, ਸੁੱਚਾ ਰਾਮ ਨਿਗਾਹ, ਪ੍ਰੇਮ ਨਿਗਾਹ, ਹਰਦੀਪ ਸਿੰਘ ਕਲਸੀ, ਸੁਰਿੰਦਰ ਸਿੰਘ ਕਰਮ, ਨਰਿੰਦਰ ਸਿੰਘ ਲੱਖਪੁਰ, ਪ੍ਰੋ ਹਰਬੰਸ ਸਿੰਘ ਬੋਲੀਨਾ ਡਾਇਰੈਕਟਰ ਸਿੱਖਿਆ, , ਭਾਈ ਮਨਜੀਤ ਸਿੰਘ, ਡਾ. ਸੁਰਿੰਦਰ ਜਸਪਾਲ ਪ੍ਰਿੰਸੀਪਲ ਗੁਰੂ ਨਾਨਕ ਕਾਲਜ ਆਫ ਨਰਸਿੰਗ, ਰਮਨਦੀਪ ਕੌਰ ਵਾਈਸ ਪ੍ਰਿੰਸੀਪਲ, ਡਾ. ਬਲਵਿੰਦਰ ਸਿੰਘ ਡਿਪਟੀ ਮੈਡੀਕਲ ਸੁਪਰਡੈਂਟ, ਮਹਿੰਦਰਪਾਲ ਸਿੰਘ ਦਫਤਰ ਸੁਪਰਡੈਂਟ, ਰਾਜਦੀਪ ਥਿਦਵਾੜ ਵਾਈਸ ਪ੍ਰਿੰਸੀਪਲ ਗੁਰੂ ਨਾਨਕ ਪੈਰਾ ਮੈਡੀਕਲ ਕਾਲਜ, ਸਮੂਹ ਸਟਾਫ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ, ਸਮੂਹ ਸਟਾਫ ਅਤੇ ਵਿਦਿਆਰਥੀ ਗੁਰੂ ਨਾਨਕ ਕਾਲਜ ਆਫ ਨਰਸਿੰਗ ਢਾਹਾਂ ਕਲੇਰਾਂ, ਗੁਰੂ ਨਾਨਕ ਪੈਰਾਮੈਡੀਕਲ ਕਾਲਜ ਢਾਹਾਂ ਕਲੇਰਾਂ, ਗੁਰੂ ਨਾਨਕ ਮਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਢਾਹਾਂ ਕਲੇਰਾਂ ਤੋਂ ਇਲਾਵਾ ਇਲਾਕੇ ਦੀਆਂ ਸਮਾਜਿਕ ਅਤੇ ਧਾਰਮਿਕ ਜਥੇਬੰਦੀਆਂ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਨੇ ਵੀ ਗੁਰਮਤਿ ਸਮਾਗਮ ਵਿਚ ਹਾਜ਼ਰੀ ਭਰੀਆਂ । ਸਮਾਗਮ ਦੀ ਸਮਾਪਤੀ ਤੇ ਸੰਗਤਾਂ ਨੇ ਬੜੇ ਸਤਿਕਾਰ ਨਾਲ ਪੰਗਤਾਂ ਵਿਚ ਬੈਠ ਕੇ ਲੰਗਰ ਛਕਿਆ । ਸਮਾਗਮ ਦੌਰਾਨ ਜੋੜਿਆਂ ਦੀ ਸੇਵਾ ਭਾਈ ਘਨੱਈਆ ਦਲ ਜਾਡਲਾ ਵੱਲੋ ਬੜੇ ਸੁਚੱਜੇ ਢੰਗ ਨਾਲ ਕੀਤੀ ਗਈ ।

ਰੋਜ਼ਾਨਾ ਲੋਕ ਬਾਣੀ www.lokbani

# ਕ੍ਰਾਈਮ ਇਨਵੇਸਟੀਗੇਸ਼ਨ ਟੀਮ ਦੀ ਇੱਕ ਵਿਸ਼ੇਸ਼ ਮੀਟਿੰਗ ਕਾਦੀਆਂ ਵਿਖੇ ਹੋਈ



ਲੁਧਿਆਣਾ( ਸੁਖਚੈਨ ਮਹਿਰਾ)ਕ੍ਰਾਈਮ ਇਨਵੇਸਟੀਗੇਸ਼ਨ ਟੀਮ ਰਜਿ.ਵੱਲੋਂ ਇੱਕ ਵਿਸੇਸ਼ ਮੀਟਿੰਗ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਵਿਸੇਸ਼ ਤੌਰ ਤੇ ਪੰਜ਼ਾਬ ਪ੍ਰਧਾਨ ਡਾ ਗੋਰਵ ਅਰੋੜਾ ਐਡਵੋਕੇਟ (ਸਾਬਕਾ ਪੀ ਬੀ ਆਈ ਅਫਸਰ) ਅਤੇ ਸਟੇਟ ਵਾਈਸ ਪ੍ਰਧਾਨ ਜਸਵੀਰ ਕਲੋਤਰਾ ਸ਼ਾਮਿਲ ਹੋਏ।ਜਿਸ ਦੋਰਾਨ ਗੋਰਵ ਅਰੋੜਾ ਜੀ ਵੱਲੋਂ ਪਵਨ ਕੁਮਾਰ ਨੂੰ ਕਾਦੀਆਂ ਅਤੇ ਲਾਡੋਵਾਲ ਤੋ ਪ੍ਰਧਾਨ ਨਿਯੁਕਤ ਕੀਤਾ ਗਿਆ।ਗੋਰਵ ਅਰੋੜਾ ਜੀ ਵੱਲੋਂ ਇਸ ਮੋਕੇ ਕ੍ਰਾਈਮ ਇਨਵੇਸਟੀਗੇਸ਼ਨ ਟੀਮ ਵੱਲੋਂ ਕੀਤੇ ਜਾਣ ਵਾਲੇ ਕੰਮਾਂ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਭਵਿੱਖ ਵਿੱਚ ਅਸੀਂ ਕਿ ਕੰਮ ਕਰਨੇ ਹਨ ਉਸ ਬਾਰੇ ਜਾਣਕਾਰੀ ਦਿੱਤੀ ਗਈ।ਇਸ ਮੋਕੇ ਪਵਨ ਕੁਮਾਰ ਵੱਲੋਂ ਪ੍ਰਧਾਨ ਡਾ ਗੋਰਵ ਅਰੋੜਾ,ਸਟੇਟ ਵਾਈਸ ਪ੍ਰਧਾਨ ਜਸਵੀਰ ਕਲੋਤਰਾ ਅਤੇ ਆਈ ਹੋਈ ਸਾਰੀ ਟੀਮ ਦਾ ਦਿਲੋਂ ਧੰਨਵਾਦ ਕੀਤਾ ਗਿਆ ਅਤੇ ਉਹਨਾਂ ਨੇ ਭਰੋਸਾ ਦਿਵਾਇਆ ਕਿ ਉਹ ਤਨ ਮਨ ਧਨ ਨਾਲ ਜ਼ੂਰਤਮੰਦ ਲੋਕਾਂ ਦੀ ਮਦਦ ਕਰਨਗੇ ਅਤੇ ਸੀ ਆਈ ਟੀ ਦਾ ਨਾਮ ਰੌਸ਼ਨ ਕਰਨਗੇ।ਇਸ ਮੋਕੇ ਮਾਲਵਾ ਜੋਨ ਇੰਚਾਰਜ ਆਰ ਕੇ ਨਾਹਰ,ਸ. ਇੰਦਰਵੀਰ ਸਿੰਘ ਪ੍ਰਧਾਨ ਬੀਕੇਯੂ ਦੋਆਬਾ ਯੂਨੀਅਨ ਮਾਲਵਾ ਬੈਲਟ,ਗੁਰਤੇਜ ਸਿੰਘ ਗੱਗੀ,ਕਾਲਾ ਰਾਮ, ਸਰਪੰਚ ਕਿਰਨਦੀਪ ਕੋਰ,ਦੀਪਤੀ ਕੁਤਬੇਵਾਲ,ਰੇਖਾ ਰਾਣੀ,ਸੁੱਖ ਦੇਵੀ,ਯਮਲਾ ਲਾਡੋਵਾਲ ਪ੍ਰਧਾਨ ਸ਼ੀਤਲਾ ਮਾਤਾ ਮੰਦਿਰ ਲਾਡੋਵਾਲ,ਰਾਜ ਬਾਂਗਰ ਬਾਲੀ ਵਾਈਸ ਪ੍ਰਧਾਨ ਐੱਸ ਸੀ ਡੀਪਾਰਟਮੈਂਟ,ਐਡਵੋਕੇਟ ਅਜੇ ਅਰੋੜਾ,ਸੰਜੇ ਮਿਸ਼ਰਾ,ਸੌਰਵ, ਬਲਜੀਤ ਐੱਨ ਆਰ ਆਈ,ਸਰਪੰਚ ਯੁਵਰਾਜ ਮਲਹੋਤਰਾ ਭੱਟੀਆਂ,ਹਰੀਸ਼ ਕੁਮਾਰ,ਮਨਜੀਤ ਸਿੰਘ ਬਾਬਾ ਜੀ ਯੂ ਐਸ ਏ,ਸੋਨੂੰ ਸਿਆਲ,ਰੋਕੀ,ਸੋਨੂੰ,ਨਰੇਸ਼, ਭੁਪਿੰਦਰ ਆਦਿ ਮੌਜੂਦ ਸਨ।

ਰੋਜ਼ਾਨਾ ਲੋਕ ਬਾਣੀ www.lokbani

# ਨਾਂਦੇੜ ਦੇ ਗੁ: ਭਜਨਗੜ੍ਹ ਸਾਹਿਬ ਵਿਖੇ ਦੁਸਹਿਰੇ ਮਹੱਲੇ ਮੌਕੇ ਸ਼ਰਧਾਲੂਆਂ ਦਾ ਵੱਡੀ ਗਿਣਤੀ ਵਿੱਚ ਪੁੱਜਣਾ ਸ਼ੁਰੂ

ਸ੍ਰੀ ਅਨੰਦਪੁਰ ਸਾਹਿਬ:- (ਦਵਿੰਦਰਪਾਲ ਸਿੰਘ): ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਸਕੱਤਰ ਸ. ਦਿਲਜੀਤ ਸਿੰਘ ਬੇਦੀ ਵੱਲੋਂ ਜਾਰੀ ਇੱਕ ਲਿਖਤੀ ਪ੍ਰੈਸ ਨੋਟ ਵਿੱਚ ਦਸਿਆ ਗਿਆ ਕਿ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਵਿਖੇ ਮਾਨਏ ਜਾ ਰਹੇ ਦੁਸਹਿਰੇ ਤਿਉਹਾਰ ਦੇ ਮਹੱਲੇ ਵਿਚ ਭਾਗ ਲੈਣ ਲਈ ਦੇਸ਼-ਵਿਦੇਸ਼ ਤੋਂ ਸੰਗਤਾਂ ਦੇ ਪਹੁੰਚਣ ਦਾ ਸਿਲਸਿਲਾ ਸ਼ੁਰੂ ਹੋ ਗਿਆ ਹੈ। ਇਸ ਦੇ ਨਾਲ ਹੀ ਗੁਰਦੁਆਰਾ ਸਾਹਿਬ ਵਿਖੇ ਵੱਖ-ਵੱਖ ਪਕਵਾਨਾਂ ਮਠਿਆਈਆਂ ਦੇ ਲੰਗਰਾਂ ਦੀ ਸੇਵਾ ਚੱਲ ਰਹੀ ਹੈ। ਉਨ੍ਹਾਂ ਕਿਹਾ ਇਸ ਦੌਰਾਨ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਵੱਲੋਂ ਹਰ ਸਾਲ ਦੀ ਤਰ੍ਹਾਂ ਬਾਬਾ ਜੱਸਾ ਸਿੰਘ ਤਲਵੰਡੀ ਸਾਬੋ ਦੀ ਅਗਵਾਈ ਹੇਠ ਇਕ ਵਿਸ਼ੇਸ਼ ਟੀਮ ਹਜ਼ੂਰ ਸਾਹਿਬ (ਨਾਂਦੇੜ) ਵਿਖੇ ਦੁਸਹਿਰੇ ਮਹੱਲੇ ਵਿਚ ਸ਼ਮੂਲੀਅਤ ਕਰਨ ਲਈ ਭੇਜੀ ਗਈ ਹੈ। ਟੀਮ ਵੱਲੋਂ ਗੋਦਾਵਰੀ ਨਦੀ ਦੇ ਕੰਢੇ ਸਥਿਤ ਗੁਰਦੁਆਰਾ ਭਜਨਗੜ੍ਹ ਸਾਹਿਬ ਵਿਖੇ ਵਿਸ਼ੇਸ਼ ਲੰਗਰ ਲਗਾਇਆ ਗਿਆ। ਇਹ ਲੰਗਰ 14 ਅਕਤੂਬਰ ਤੱਕ ਚੱਲੇਗਾ। ਸ. ਬੇਦੀ ਨੇ ਦਸਿਆ ਕਿ ਲੰਗਰ ਵਿੱਚ ਵੱਖ-ਵੱਖ ਤਰ੍ਹਾਂ ਦੇ ਪਕਵਾਨ ਤਿਆਰ ਕੀਤੇ ਜਾ ਰਹੇ ਹਨ। ਸੰਗਤਾਂ ਹੁੰਮ ਹੁਮਾ ਕੇ ਪੁੱਜ ਰਹੀਆਂ ਹਨ ਅਤੇ ਲੰਗਰ ਅਤੁੱਟ ਵਰਤ ਰਹੇ ਹਨ। ਉਨ੍ਹਾਂ ਕਿਹਾ 13 ਅਕਤੂਬਰ ਨੂੰ ਸਵੇਰੇ 10 ਵਜੇ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਅਤੇ ਦਸ਼ਮ ਗ੍ਰੰਥ ਸਾਹਿਬ ਜੀ ਦੇ ਅਖੰਡ ਪਾਠਾਂ ਦੀ ਸਮਾਪਤੀ ਉਪਰੰਤ ਮੱਹਲਾ ਚੜੇਗਾ। ਉਨ੍ਹਾਂ ਕਿਹਾ ਬੁੱਢਾ ਦਲ ਜਥੇ ਵਿੱਚ ਪੰਜਾਬ ਤੋਂ ਇਸ ਸਮੇਂ ਬਾਬਾ ਜੱਸਾ ਸਿੰਘ ਦੇ ਨਾਲ ਬਾਬਾ ਜੋਗਾ ਸਿੰਘ ਹਨੂੰਮਾਨਗੜ੍ਹ, ਬਾਬਾ ਗੁਰਪ੍ਰੀਤ ਸਿੰਘ ਮੁਮਤਾਜਗੜ੍ਹ, ਬਾਬਾ ਬੂਟਾ ਸਿੰਘ ਲੰਬਵਾਲੀ, ਬਾਬਾ ਗੋਰਾ ਸਿੰਘ ਅਤੇ ਨਾਲ ਗੁਰੂ ਸੰਗਤ ਹੈ। ਇਸ ਤੋਂ ਇਲਾਵਾ



ਪੰਜਾਬ ਤੋਂ ਨਿਹੰਗ ਸਿੰਘ ਦੀਆਂ ਜਥੇਬੰਦੀਆਂ ਹਾਥੀਆਂ ਅਤੇ ਘੋੜਿਆਂ ਸਮੇਤ ਵੱਡੀ ਗਿਣਤੀ ਵਿੱਚ ਪੁੱਜਣ ਦਾ ਸਿਲਸਿਲਾ ਵੀ ਜਾਰੀ ਹੈ।

ਉਨ੍ਹਾਂ ਇਹ ਵੀ ਦਸਿਆ ਕਿ ਇਸ ਦੌਰਾਨ ਸ਼ਰਧਾਲੂਆਂ ਲਈ ਸੱਚਖੰਡ ਗੁਰਦੁਆਰਾ ਬੋਰਡ ਵੱਲੋਂ ਰਿਹਾਇਸ਼ ਅਤੇ ਲੰਗਰ ਦੇ ਯੋਗ ਪ੍ਰਬੰਧ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਇਸ ਵਾਰ ਦੁਸਹਿਰਾ ਸਮੇਂ ਸਜਾਏ ਜਾ ਰਹੇ ਮਹੱਲੇ ਦੇ ਨਗਰ ਕੀਰਤਨ ਵਿੱਚ 50 ਹਜ਼ਾਰ ਤੋਂ ਵੱਧ ਸੰਗਤਾਂ ਦੇ ਸ਼ਾਮਲ ਹੋਣ ਦੀ ਸੰਭਾਵਨਾ ਹੈ। ਦੁਸਹਿਰੇ ਮਹੱਲੇ ਲਈ ਹਰ ਸਾਲ ਪੰਜਾਬ, ਹਰਿਆਣਾ, ਉੱਤਰ ਪ੍ਰਦੇਸ਼, ਮਹਾਰਾਸ਼ਟਰ, ਤੇਲੰਗਾਨਾ, ਕਰਨਾਟਕ, ਰਾਜਸਥਾਨ, ਇੰਗਲੈਂਡ, ਅਮਰੀਕਾ, ਕੈਨੇਡਾ, ਜਰਮਨੀ, ਨਿਊਜੀਲੈਂਡ, ਆਸਟ੍ਰੇਲੀਆ, ਫਰਾਂਸ, ਅਫਰੀਕਾ, ਸ੍ਰੀਲੰਕਾ, ਤੋਂ ਵੀ ਵਿਦੇਸ਼ੀ ਸ਼ਰਧਾਲੂ ਗੁਰੂ ਨਗਰੀ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਅਬਿਚਲ ਨਗਰ ਨਾਂਦੇੜ ਵਿਖੇ ਪਹੁੰਚਦੇ ਹਨ।

ਰੋਜ਼ਾਨਾ ਲੋਕ ਬਾਣੀ www.lokbani

# ਬਲਾਕ ਪ੍ਰਾਇਮਰੀ ਸਕੂਲ ਖੇਡਾਂ ਵਿੱਚ ਜਿੱਤਣ ਵਾਲੇ ਖਿਡਾਰੀਆਂ ਦਾ ਦੇਸੀ ਘਿਓ ਨਾਲ ਸਨਮਾਨ

## ਬਲਾਕ ਪੱਧਰੀ ਖੇਡਾਂ ਹੋਈਆਂ ਸਾਨੋ ਸੌਕਤ ਨਾਲ ਸਮਾਪਿਤ

ਸ਼ੇਰਪੁਰ (ਸੱਤਪਾਲ ਸਿੰਘ ਕਾਲਾਬੂਲਾ) ਸਿੱਖਿਆ ਵਿਭਾਗ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਬਲਾਕ ਸ਼ੇਰਪੁਰ ਦੀਆਂ ਬਲਾਕ ਪ੍ਰਾਇਮਰੀ ਸਕੂਲ ਖੇਡਾਂ ਸਰਕਾਰੀ ਪ੍ਰਾਇਮਰੀ ਸਕੂਲ ਹੇੜੀਕੇ ਵਿਖੇ ਹੋਈਆਂ। ਇਹਨਾਂ ਬਲਾਕ ਪੱਧਰੀ ਖੇਡਾਂ ਵਿੱਚ ਬਲਾਕ ਸ਼ੇਰਪੁਰ ਦੇ 38 ਸਕੂਲਾਂ ਦੇ ਖਿਡਾਰੀਆਂ ਨੇ ਆਪੋ ਆਪਣੇ ਸੈਂਟਰ ਵੱਲੋਂ ਖੇਡਦੇ ਹੋਏ ਭਾਗ ਲਿਆ। ਹੈਡ ਟੀਚਰ ਕੁਲਵਿੰਦਰ ਸਿੰਘ ਖੇੜੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਰਕਾਰੀ ਪ੍ਰਾਇਮਰੀ ਸਕੂਲ ਕਾਤਰੋਂ ਦੇ



ਵਿਦਿਆਰਥੀਆਂ ਨੇ ਸੈਂਟਰ ਸੇਰਪਰ ਵੱਲੋਂ ਖੇਡਦੇ ਹੋਏ ਫੁਟਬਾਲ ਕੁੜੀਆਂ ਦੀ ਟੀਮ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ, ਫੁਟਬਾਲ ਮੁੰਡਿਆਂ ਦੀ ਟੀਮ ਨੇ ਦੂਸਰੇ ਸਥਾਨ ਤੇ ਰਹੀ।100 ਮੀਟਰ ਕੁੜੀਆਂ ਵਿੱਚ ਸੁਖਪ੍ਰੀਤ ਕੌਰ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ, 200 ਮੀਟਰ ਕੁੜੀਆਂ ਦੀ ਦੌੜ ਵਿੱਚ ਜਸਵੀਰ ਕੌਰ ਵੀ ਪਹਿਲਾ ਸਥਾਨ ਪ੍ਰਾਪਤ ਕਾਰਨ ਵਿੱਚ ਕਾਮਯਾਬ ਹੋਈ। 400 ਮੀਟਰ ਕੁੜੀਆਂ ਦੀ ਦੌੜ ਵਿੱਚ ਪਰਮਸ਼ੀਲਾ ਪਹਿਲਾ ਸਥਾਨ ਤੇ ਰਹੀ ਜਦਕਿ 600 ਮੀਟਰ ਕੁੜੀਆਂ ਦੀ ਦੌੜ ਵਿੱਚ ਸਹਿਜਪ੍ਰੀਤ ਕੌਰ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ, ਕੁੜੀਆਂ ਦੀ ਰਿਲੇ ਦੌੜ ਵਿੱਚ ਸੈਂਟਰ ਸ਼ੇਰਪੁਰ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ,ਗੋਲਾ ਸੁੱਟਣ ਵਿੱਚ ਸਹਿਜਪ੍ਰੀਤ ਕੌਰ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ।ਲੰਬੀ ਸਾਲ ਮੁੰਡੇ ਸ਼ਿਵਮ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ ਇਹਨਾਂ ਸਾਰੇ ਬਲਾਕ ਪੱਧਰ ਦੇ ਜੇਤੂ ਖਿਡਾਰੀਆਂ ਨੂੰ ਬਾਬਾ ਬੂਟਾ ਸਿੰਘ ਮੁੱਖ ਸੇਵਾਦਾਰ ਡੇਰਾ ਸਾਹਿਬ ਕਾਤਰੋਂ ਵਾਲਿਆਂ ਵੱਲੋਂ ਦੇਸੀ ਘਿਓ ਨਾਲ ਸਕੂਲ ਪਹੁੰਚਣ ਤੇ ਸਨਮਾਨਿਤ ਕੀਤਾ ਗਿਆ। ਇੱਕ ਤੋਂ ਵੱਧ ਖੇਡਾਂ ਵਿੱਚ ਜਿੱਤਣ ਵਾਲੇ ਖਿਡਾਰੀਆਂ ਨੂੰ ਇੱਕ ਇੱਕ ਕਿਲੋ ਦੇਸੀ ਘਿਓ ਨਾਲ ਸਨਮਾਨਿਆ ਗਿਆ। ਇਸ ਮੌਕੇ ਬਾਬਾ ਬੰਦਾ ਸਿੰਘ ਬਹਾਦਰ ਫੁਟਬਾਲ ਕਲੱਬ ਤੇ ਪ੍ਰਧਾਨ ਸ਼ਕੀਲ ਮੁਹੰਮਦ, ਸਕੱਤਰ ਸੁਖਵਿੰਦਰ ਸਿੰਘ, ਕੈਪਟਨ ਜਤਿੰਦਰ ਸਿੰਘ, ਯੁਵਕ ਸੇਵਾਵਾਂ ਕਲੱਬ ਦੇ ਪ੍ਰਧਾਨ ਗੁਰਸੇਵਕ ਸਿੰਘ, ਲਖਵੀਰ ਸਿੰਘ, ਮਲਕੀਤ ਸਿੰਘ, ਮੈਡਮ ਜਸਪ੍ਰੀਤ ਕੌਰ, ਪਰਮਜੀਤ ਕੌਰ, ਅਮਨਦੀਪ ਕੌਰ, ਸਤਵੰਤ ਕੌਰ, ਰਜਿੰਦਰ ਕੌਰ ਅਤੇ ਸੁਖਵਿੰਦਰ ਕੌਰ ਹਾਜ਼ਰ ਸਨ।

ਰੋਜ਼ਾਨਾ ਲੋਕ ਬਾਣੀ www.lokbani

# ਤਿਉਹਾਰਾ ਅਤੇ ਪੰਚਾਇਤੀ ਚੋਣਾ ਦੇ ਮੱਦੇਨਜ਼ਰ ਗੁਰਦਾਸਪੁਰ ਪੁਲਿਸ ਵੱਲੋਂ ਚਲਾਇਆ ਗਿਆ ਸਪੈਸ਼ਲ ਸਰਚ ਓਪਰੇਸ਼ਨ

ਗੁਰਦਾਸਪੁਰ-ਨਵਨੀਤ ਕੁਮਾਰ -
ਪੰਜਾਬ ਸਰਕਾਰ ਅਤੇ ਡੀ.ਜੀ.ਪੀ, ਪੰਜਾਬ ਦੇ ਦਿਸ਼ਾ-ਨਿਰਦੇਸ਼ ਅਨੁਸਾਰ ਜਿਲ੍ਹਾ ਗੁਰਦਾਸਪੁਰ ਵਿਖੇ ਸ੍ਰੀ ਸੁਰਿੰਦਰਪਾਲ ਸਿੰਘ ਪਰਮਾਰ, ਆਈ.ਪੀ.ਐਸ, ਵਧੀਕ ਡਾਇਰੈਕਟਰ ਜਨਰਲ ਪੁਲਿਸ, ਲਾਅ ਐਂਡ ਆਰਡਰ, ਪੰਜਾਬ ਦੀ ਨਿਗਰਾਨੀ ਹੇਠ ਅਤੇ ਸ੍ਰੀ ਦਾਯਮਾ ਹਰੀਸ਼ ਕੁਮਾਰ ਓਮ ਪ੍ਰਕਾਸ਼, ਆਈ.ਪੀ.ਐਸ, ਸੀਨੀਅਰ ਕਪਤਾਨ ਪੁਲਿਸ, ਗੁਰਦਾਸਪੁਰ ਦੀ ਅਗਵਾਈ ਵਿੱਚ ਅੱਜ ਸਪੈਸ਼ਲ ਸਰਚ ਓਪਰੇਸ਼ਨ ਚਲਾਇਆ ਗਿਆਹੈ।ਜਿਸ ਵਿੱਚ ਐਸ.ਪੀ.ਡੀ.ਅਤੇ ਐਸ.ਪੀ.ਐਚ 05 ਇੰਸਪੈਕਟਰ,12 ਮੁੱਖ ਅਫਸਰ ਥਾਣਾ,390 ਪੁਲਿਸ ਕਰਮਚਾਰੀ, ਮੌਜੂਦ ਸਨ। ਸਪੈਸ਼ਲ ਸਰਚ ਓਪਰੇਸ਼ਨ ਦੌਰਾਨ ਰੇਂਜ ਸੀਲਿੰਗ, ਇੰਟਰ ਡਿਸਟਿਕ ਨਾਕੇ ਅਤੇ ਸਿਟੀ ਸੀਲਿੰਗ ਕਰਕੇ 31 ਹੋਟਸਪੋਟ, ਸਮੱਗਲਰਾਂ, ਬੇਲਆਊਟ, ਗੈਂਗਸਟਰਾ ਅਤੇ ਮਾੜੇ ਅਨਸਰਾਂ/ਸ਼ੱਕੀ ਵਿਅਕਤੀ ਦੇ ਘਰਾ/ਟਿਕਾਣਿਆ ਪਰ ਰੇਡ ਕਰਕੇ ਅਚਨਚੇਤ ਚੈਕਿੰਗ ਕੀਤੀ ਗਈ, ਜੋ ਸਪੈਸ਼ਲ ਸਰਚ ਓਪਰੇਸ਼ਨ ਦੌਰਾਨ 07 ਦੋਸ਼ੀਆ ਨੂੰ ਗ੍ਰਿਫਤਾਰ ਕਰਕੇ ਉਹਨਾਂ ਪਾਸੋਂ 110 ਗ੍ਰਾਮ ਹੈਰੋਇੰਨ, 8860 ਰੁਪਏ ਡਰੱਗ ਮਨੀ, 01 ਕੰਪਿਊਟਰ ਕੰਡਾ, 45000 ਐਮ.ਐਲ. (60 ਬੋਤਲਾਂ) ਸ਼ਰਾਬ ਨਜ਼ਾਇਜ, 400 ਲੀਟਰ ਲਾਹਣ ਅਤੇ 01 ਚਾਲੂ ਭੱਠੀ ਬ੍ਰਾਮਦ ਕਰਕੇ ਦੋਸ਼ੀਆਂ ਪਰ ਵੱਖ-ਵੱਖ ਧਰਾਵਾਂ ਹੇਠ 06 ਮੁਕੱਦਮੇ ਦਰਜ ਰਜਿਸਟਰ ਕੀਤੇ ਗਏ ਹਨ। ਇਸ ਤੋਂ ਇਲਾਵਾ ਮੁਕੱਦਮਾ ਨੰਬਰ 213 ਮਿਤੀ 07.10.2021 ਜੁਰਮ 295, 380 ਭ:ਦ: ਥਾਣਾ ਦੀਨਾਨਗਰ ਵਿੱਚ 01 ਪੀ.ਓ. ਨੂੰ ਗ੍ਰਿਫਤਾਰ ਕੀਤਾ ਗਿਆ। ਇਸ ਮੌਕੇ ਪਿੰਡ ਜੌੜਾ ਛੱਤਰਾਂ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਐਸਪੀਐਸ ਪਰਮਾਰ, ਏਡੀਜੀਪੀ, ਲਾਅ ਐਂਡ ਆਰਡਰ ਪੰਜਾਬ ਨੇ ਕਿਹਾ ਕਿ ਅੱਜ ਪੰਜਾਬ ਭਰ ਵਿੱਚ ਪੰਜਾਬ ਪੁਲਿਸ ਵਲੋਂ ਨਸ਼ਾਂ ਤਸਕਰਾਂ ਤੇ ਸਮਾਜ ਵਿਰੋਧੀ ਅਨਸਰਾਂ ਵਿਰੁੱਧ ਹੋਰ ਨਕੇਲ ਕੱਸਣ ਅਤੇ ਲੋਕਾਂ ਵਿੱਚ ਵਿਸ਼ਵਾਸ ਤੇ ਸੁਰੱਖਿਆ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਸਪੈਸ਼ਲ ਡਰਾਈਵ ਚਲਾਈ ਗਈ ਹੈ। ਉਨ੍ਹਾਂ ਅੱਗੇ ਕਿਹਾ ਕਿ ਸਮੂਹਿਕ ਸਹਿਯੋਗ ਨਾਲ ਸਮਾਜਿਕ ਬੁਰਾਈ ਨਸ਼ਿਆਂ ਨੂੰ ਖਤਮ ਕੀਤਾ ਜਾਵੇਗਾ ਅਤੇ ਪੰਜਾਬ ਪੁਲਿਸ 24 ਘੰਟੇ ਲੋਕਾਂ ਦੀ ਸੇਵਾ ਵਿੱਚ ਹਾਜਰ ਹੈ। ਏਡੀਜੀਪੀ,ਲਾਅ ਐਂਡ ਆਰਡਰ ਪੰਜਾਬ ਨੇ ਅੱਗੇ ਕਿਹਾ ਕਿ ਗੁਰਦਾਸਪੁਰ ਇਕ ਸਰਹੱਦੀ ਜ਼ਿਲ੍ਹਾ ਹੈ ਅਤੇ ਪੁਲਿਸ ਹਾਈਟੈਕ ਨਾਕਿਆਂ ਰਾਹੀਂ ਲਗਾਤਾਰ ਤਿੱਖੀ ਚੌਕਸੀ ਰੱਖੀ ਜਾ ਰਹੀ ਹੈ। ਉਨ੍ਹਾਂ ਨੇ ਕਿਹਾ ਕਿ ਨਸ਼ਿਆਂ ਖਿਲਾਫ ਪੁਲਿਸ ਵੱਲੋਂ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਲਗਾਤਾਰ ਅਜਿਹੇ ਮਾੜੇ ਕੰਮ ਵਿਚ ਲੱਗੇ ਲੋਕਾਂ ਨੂੰ ਸਲਾਖ਼ਾਂ ਪਿੱਛੇ ਭੇਜਿਆ ਜਾ ਰਿਹਾ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸਮਾਜਿਕ ਬੁਰਾਈ ਨਸ਼ਿਆਂ ਖਿਲਾਫ਼ ਸਹਿਯੋਗ ਕਰਨ ਅਤੇ ਪੰਜਾਬ ਪੁਲਿਸ ਦੀ ਹੈਲਪ ਲਾਈਨ ਨੰਬਰ 112 ਤੇ ਸਮਾਜ ਵਿਰੋਧੀ ਅਨਸਰਾਂ ਦੀ ਜਾਣਕਾਰੀ ਪੁਲਿਸ ਨੂੰ ਦੇਣ। ਜਾਣਕਾਰੀ ਦੇਣ ਵਾਲੇ ਦਾ ਨਾਮ ਤੇ ਪਹਿਚਾਣ ਗੁਪਤ ਰੱਖੀ ਜਾਂਦੀ ਹੈ ਸੀਨੀਅਰ ਕਪਤਾਨ ਪੁਲਿਸ, ਗੁਰਦਾਸਪੁਰ ਨੇ ਆਮ ਜਨਤਾ ਨੂੰ ਅਪੀਲ ਕੀਤੀ ਕਿ ਉਹ ਨਸ਼ਿਆ/ਗੈਰ ਕਾਨੂੰਨੀ ਕਾਰੋਬਾਰ ਕਰਨ ਵਾਲੇ ਵਿਅਕਤੀਆਂ ਦੀ ਡਰੱਗ ਹੈਲਪਲਾਈਨ ਨੰਬਰ 78145-45950 ਅਤੇ ਪੁਲਿਸ ਹੈਲਪਲਾਈਨ 112 ਅਤੇ 97800- 02601 ਤੇ ਪੁਲਿਸ ਨੂੰ ਇਤਲਾਹ ਦੇਣ, ਅਜਿਹੇ ਵਿਅਕਤੀਆਂ ਖਿਲਾਫ ਠੋਸ ਕਾਰਵਾਈ ਕੀਤੀ ਜਾਵੇਗੀ।



# ਸਪੈਸ਼ਲ ਡੀ.ਜੀ.ਪੀ.ਅਤੇ ਐਸ.ਐਸ.ਪੀ.ਦੀ ਅਗਵਾਈ ’ਚ ਚੱਲੀ ਤਲਾਸ਼ੀ ਮੁਹਿੰਮ

ਫ਼ਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਪੰਜਾਬ ਪੁਲਿਸ ਵਲੋਂ ਸੂਬੇ ਭਰ ਵਿਚ ਅੱਜ ਚਲਾਏ ਗਏ ਕਾਸੋ ਆਪਰੇਸ਼ਨ ਤਹਿਤ ਸਪੈਸ਼ਲ ਡਾਇਰੈਕਟਰ ਜਨਰਲ ਆਫ ਪੁਲਿਸ,ਰੇਲਵੇ, ਸ੍ਰੀਮਤੀ ਸ਼ਸ਼ੀ ਪ੍ਰਭਾ ਦਿਵੇਦੀ ਦੀ ਨਿਗਰਾਨੀ ਹੇਠ ਐਸ.ਐਸ.ਪੀ. ਵਤਸਲਾ ਗੁਪਤਾ ਦੀ ਅਗਵਾਈ ਵਿਚ ਸਮੂਹ ਐਸ.ਪੀਜ਼ ਅਤੇ ਡੀ.ਐਸ.ਪੀਜ਼ ਵਲੋਂ ਜ਼ਿਲ੍ਹੇ ਭਰ ਦੇ ਵੱਖ-ਵੱਖ ਖੇਤਰਾਂ ਦੀ ਚੈਕਿੰਗ ਕੀਤੀ ਗਈ।
ਆਪਰੇਸ਼ਨ ‘ਕਾਸੋ’ ਤਹਿਤ ਭੈੜੇ ਅਨਸਰਾਂ ਖਿਲਾਫ਼ ਚਲਾਈ ਮੁਹਿੰਮ ਸਬੰਧੀ ਐਸ.ਐਸ.ਪੀ.ਵਤਸਲਾ ਗੁਪਤਾ ਨੇ ਦੱਸਿਆ ਕਿ ਅੱਜ ਪੁਲਿਸ ਪਾਰਟੀਆਂ ਵਲੋਂ ਸ਼ੱਕੀ ਵਿਅਕਤੀਆਂ,ਮਾੜੇ ਅਨਸਰਾਂ ਅਤੇ ਵੱਖ-ਵੱਖ ਮਾਮਲਿਆਂ ਵਿਚ ਭਗੌੜੇ ਵਿਅਕਤੀਆਂ ਦੇ ਰਿਹਾਇਸ਼ੀ ਥਾਵਾਂ ’ਤੇ ਚੈਕਿੰਗ ਕੀਤੀ ਗਈ।
ਉਨ੍ਹਾਂ ਦੱਸਿਆ ਕਿ ਚੈਕਿੰਗ ਦੌਰਾਨ 15 ਮੁਕੱਦਮੇ ਦਰਜ ਕਰਕੇ 16 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ, ਜਿਨ੍ਹਾਂ ਪਾਸੋਂ 13 ਗ੍ਰਾਮ ਹੈਰੋਈਨ, ਤਿੰਨ ਕਿੱਲੋ ਭੁੱਕੀ ਚੂਰਾ ਪੋਸਤ,450 ਗ੍ਰਾਮ ਅਫੀਮ,535 ਨਸ਼ੀਲੀਆਂ ਗੋਲੀਆਂ, 190 ਗ੍ਰਾਮ ਗਾਂਜਾ, 1 ਪਿਸਤਲ ਦੇਸੀ 32 ਬੋਰ, ਇਕ ਮੈਗਜ਼ੀਨ , ਇਕ ਰੌਂਦ , 100 ਕਿੱਲੋ ਲਾਹਣ ਅਤੇ 95 ਬੋਤਲਾਂ ਨਾਜਾਇਜ਼ ਸ਼ਰਾਬ ਬਰਾਮਦ ਕੀਤੀਆਂ ਗਈਆਂ।
ਉਨ੍ਹਾਂ ਦੱਸਿਆ ਕਿ ਅਮਨ ਕਾਨੂੰਨ ਤੇ ਸ਼ਾਂਤੀ ਭੰਗ ਕਰਨ ਵਾਲੇ 13 ਦੇ ਕਰੀਬ ਸ਼ਰਾਰਤੀ ਅਨਸਰਾਂ ਖਿਲਾਫ਼ ਜ਼ੁਰਮ ਰੋਕੋ ਕਾਰਵਾਈ ਅਮਲ ਵਿਚ ਲਿਆਉਣ ਦੇ ਨਾਲ-ਨਾਲ ਵਿਸ਼ੇਸ਼ ਨਾਕਾਬੰਦੀ ਕਰਕੇ 22 ਦੇ ਕਰੀਬ ਸ਼ੱਕੀ ਵਹੀਕਲ ਵੀ ਜਬਤ ਕੀਤੇ ਗਏ।
ਐਸ.ਐਸ.ਪੀ.ਵਤਸਲਾ ਗੁਪਤਾ ਨੇ ਦੱਸਿਆ ਕਿ ਤਲਾਸ਼ੀ ਮੁਹਿੰਮ ਦੌਰਾਨ ਆਮ ਲੋਕਾਂ ਨਾਲ ਗੱਲਬਾਤ ਕਰਕੇ ਉਨ੍ਹਾਂ ਨੂੰ ਕਿਸੇ ਵੀ ਸ਼ੱਕੀ ਸਰਗਰਮੀ ਦੀ ਸੂਚਨਾ ਫੌਰੀ ਤੌਰ ’ਤੇ ਪੁਲਿਸ ਨੂੰ ਦੇਣ ਲਈ ਵੀ ਕਿਹਾ ਗਿਆ ਤਾਂ ਜੋ ਕਿਸੇ ਵੀ ਅਣਹੋਣੀ ਘਟਨਾ ਨੂੰ ਵਾਪਰਨੋਂ ਰੋਕਿਆ ਜਾ ਸਕੇ।
ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪੁਲਿਸ ਅਮਨ-ਕਾਨੂੰਨ ਦੀ ਵਿਵਸਥਾ ਨੂੰ ਬਰਕਰਾਰ ਰੱਖਣ ਲਈ ਪੂਰੀ ਵਚਨਬੱਧ ਹੈ ਅਤੇ ਇਹ ਆਪਰੇਸ਼ਨ ਭੈੜੇ ਅਨਸਰਾਂ ਨੂੰ ਨੱਥ ਪਾਉਣ ਲਈ ਸ਼ੁਰੂ ਕੀਤਾ ਗਿਆ ਹੈ।
ਉਨ੍ਹਾਂ ਦੱਸਿਆ ਕਿ ਅੱਜ ਪੁਲਿਸ ਟੀਮਾਂ ਵਲੋਂ ਵੱਖ-ਵੱਖ ਇਲਾਕਿਆਂ, ਭੀੜ-ਭਾੜ ਵਾਲੀਆਂ ਥਾਵਾਂ, ਬੱਸ ਸਟੈਂਡ ਆਦਿ ’ਤੇ ਪੁਲਿਸ ਟੀਮਾਂ ਤਾਇਨਾਤ ਕਰਕੇ ਤਲਾਸ਼ੀ ਮੁਹਿੰਮ ਅਮਲ ਵਿਚ ਲਿਆਂਦੀ ਗਈ। ਉਨ੍ਹਾਂ ਕਿਹਾ ਕਿ ਭਵਿੱਖ ਵਿਚ ਵੀ ਜ਼ਿਲ੍ਹਾ ਪੁਲਿਸ ਵਲੋਂ ਅਜਿਹੀਆਂ ਕਾਰਵਾਈਆਂ ਜਾਰੀ ਰਹਿਣਗੀਆਂ




# ਨਸ਼ਿਆਂ ਦੇ ਪੂਰਨ ਖਾਤਮੇ ਲਈ ਆਮ ਨਾਗਰਿਕਾਂ ਦਾ ਸਹਿਯੋਗ ਜਰੂਰੀ- ਡਿਪਟੀ ਇੰਸਪੈਕਟਰ ਜਨਰਲ ਪੁਲਿਸ ਇੰਟੈਲੀਜੈਂਸ-। ਮੋਹਾਲੀ

ਮਾਲੇਰਕੋਟਲਾ :(ਕਿਮੀ ਅਰੌੜਾ,ਅਸਲਮ ਨਾਜ਼) ਡਾਇਰੈਕਟਰ ਜਨਰਲ ਪੁਲਿਸ, ਪੰਜਾਬ (ਚੰਡੀਗੜ੍ਹ) ਅਤੇ ਡਿਪਟੀ ਇੰਸਪੈਕਟਰ ਜਨਰਲ ਪੁਲਿਸ ਇੰਟੈਲੀਜੈਂਸ-। ਮੋਹਾਲੀ ਸ੍ਰੀ ਸੁਖਵੰਤ ਸਿੰਘ ਆਈ.ਪੀ.ਐਸ. ਦੇ ਦਿਸ਼ਾ ਨਿਰਦੇਸ਼ਾਂ ਤਹਿਤ ਮਾੜੇ ਅਨਸਰਾਂ ਖਿਲਾਫ ਕਾਰਵਾਈ ਕਰਨ ਲਈ ਚਲਾਈ ਗਈ ਮੁਹਿਮ ਤਹਿਤ ਸੀਨੀਅਰ ਕਪਤਾਨ ਪੁਲਿਸ, ਮਾਲੇਰਕੋਟਲਾ ਗਗਨ ਅਜੀਤ ਸਿੰਘ ਦੀ ਨਿਗਰਾਨੀ ਵਿੱਚ ਨਸ਼ੀਲੇ ਪਦਾਰਥਾਂ ਦੀ ਤਸਕਰੀ ਵਿਰੁੱਧ ਮੁਹਿੰਮ ਤਹਿਤ ਕਪਤਾਨ ਪੁਲਿਸ ਇੰਨਵੈਸਟੀਗੇਸਨ ਸ੍ਰੀ ਵੈਭਵ ਸਹਿਗਲ, ਅਤੇ ਕਪਤਾਨ ਪੁਲਿਸ (ਸਥਾਨਕ) ਸ੍ਰੀਮਤੀ ਸਵਰਨਜੀਤ ਕੌਰ ਦੀ ਦੇਖ-ਰੇਖ ਹੇਠ ਵਿਸ਼ੇਸ਼ ਟੀਮਾਂ, ਉਪ ਕਪਤਾਨ ਪੁਲਿਸ ਸਬ ਡਵੀਜਨ ਸ੍ਰੀ ਕੁਲਦੀਪ ਸਿੰਘ, ਸ੍ਰੀ ਰਣਜੀਤ ਸਿੰਘ ਸਮੇਤ ਸਮੂਹ ਮੁੱਖ ਅਫਸਰਾਨ ਥਾਣਾ ਅਤੇ ਭਾਰੀ ਪੁਲਿਸ ਫੋਰਸ ਦੇ ਸਬ ਡਵੀਜਨ ਮਾਲੇਰਕੋਟਲਾ ਅੰਦਰ ਕੌਰਡਨ ਐਂਡ ਸਰਚ ਅਪਰੇਸ਼ਨ (CASO) ਆਯੋਜਿਤ ਕੀਤਾ ਗਿਆ ।

ਇਸ ਤਰ੍ਹਾਂ ਹੀ ਉਪ ਕਪਤਾਨ ਪੁਲਿਸ ਸਬ ਡਵੀਜਨ ਅਮਰਗੜ੍ਹ ਸ੍ਰੀ ਦਵਿੰਦਰ ਸਿੰਘ ਵੱਲੋਂ ਸਬ ਡਵੀਜਨ ਅਮਰਗੜ੍ਹ ਅਤੇ ਉਪ ਕਪਤਾਨ ਪੁਲਿਸ (ਸਥਾਨਕ) ਸ੍ਰੀ ਮਾਨਵਜੀਤ ਸਿੰਘ, ਉਪ ਕਪਤਾਨ ਪੁਲਿਸ ਸਬ ਡਵੀਜਨ ਅਹਿਮਦਗੜ੍ਹ ਸ੍ਰੀ ਰਾਜਨ ਸਰਮਾ ਵੱਲੋਂ ਸਬ ਡਵੀਜਨ ਅਹਿਮਦਗੜ੍ਹ ਵਿਖੇ ਕੌਰਡਨ ਐਂਡ ਸਰਚ ਅਪਰੇਸ਼ਨ (CASO) ਕੀਤਾ ਗਿਆ। ਇਸ ਕਾਰਵਾਈ ਦੌਰਾਨ ਜਿਲ੍ਹਾ ਮਾਲੇਰਕੋਟਲਾ ਦੇ ਹਾਟਸਪਾਟ ਖੇਤਰ ਮੁਹੱਲਾ ਭੂੰਮਸੀ ਮਾਲੇਰਕੋਟਲਾ ਥਾਣਾ ਸਿਟੀ-2 ਮਾਲੇਰਕੋਟਲਾ, ਪਿੰਡ ਖਾਨਪੁਰ ਥਾਣਾ ਸਦਰ ਅਹਿਮਦਗੜ੍ਹ ਅਤੇ ਪਿੰਡ ਬਾਗੜੀਆਂ ਥਾਣਾ ਅਮਰਗੜ੍ਹ ਦੇ ਇਲਾਕੇ ਵਿੱਚ ਸਪੈਸਲ ਨਾਕਾਬੰਦੀ ਕਰਕੇ ਮਾੜੇ ਅਨਸਰਾਂ/ਸੱਕੀ ਨਸ਼ਾ ਤਸਕਰਾਂ ਅਤੇ ਨਸ਼ਾ ਤਸਕਰੀ ਦੇ ਕੇਸਾਂ ਵਿਚ ਜਮਾਨਤ ਤੇ ਆਏ ਦੋਸੀਆਂ ਦੇ ਘਰਾਂ ਵਿੱਚ ਸਰਚ/ਰੇਡਾ ਕੀਤੀਆਂ ਗਈਆ ਹਨ ।

ਡਿਪਟੀ ਇੰਸਪੈਕਟਰ ਜਨਰਲ ਪੁਲਿਸ ਇੰਟੈਲੀਜੈਂਸ-। ਮੋਹਾਲੀ ਸ੍ਰੀ ਸੁਖਵੰਤ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਓਪਰੇਸ਼ਨ ਦਾ ਮੁੱਖ ਉਦੇਸ ਨਸ਼ਿਆਂ ਦੀ ਰੋਕਥਾਮ, ਮਾੜੇ ਅਨਸਰਾਂ ਨੂੰ ਕਾਬੂ ਕਰਨ ਅਤੇ ਆਮ ਪਬਲਿਕ ਵਿੱਚ ਸੁਰੱਖਿਆ ਦੀ ਭਾਵਨਾਂ ਪੈਦਾ ਕਰਨਾ ਹੈ ਅਤੇ ਭਵਿੱਖ ਵਿੱਚ ਵੀ ਮਾੜੇ ਅਨਸਰਾਂ ਅਤੇ ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕਰਨ ਲਈ ਅਜਿਹੀਆਂ ਕੋਸ਼ਿਸ਼ਾਂ ਕੀਤੀਆ ਜਾਣਗੀਆਂ। ਇਸ ਤੋਂ ਇਲਾਵਾ ਉਹਨਾਂ ਵੱਲੋਂ ਇਹ ਵੀ ਦੱਸਿਆ ਗਿਆ ਕਿ ਨਸ਼ਿਆਂ ਦੇ ਪੂਰਨ ਖਾਤਮੇ ਲਈ ਆਮ ਨਾਗਰਿਕਾਂ ਦਾ ਸਹਿਯੋਗ ਜਰੂਰੀ ਹੈ, ਜੇਕਰ ਕਿਸੇ ਨਾਗਰਿਕ ਕੋਲ ਨਸ਼ਾ ਵੇਚਣ ਸਬੰਧੀ ਕੋਈ ਜਾਣਕਾਰੀ ਹੈ ਤਾਂ ਉਹ ਪੁਲਿਸ ਨਾਲ ਸਾਂਝੀ ਕੀਤੀ ਜਾਵੇ, ਜਾਣਕਾਰੀ ਸਾਂਝੀ ਕਰਨ ਵਾਲਿਆਂ ਦਾ ਨਾਮ ਗੁਪਤ ਰੱਖਿਆ ਜਾਵੇਗਾ। ਸੀਨੀਅਰ ਕਪਤਾਨ ਪੁਲਿਸ ਗਗਨ ਅਜੀਤ ਸਿੰਘ ਨੇ ਡਿਪਟੀ ਇੰਸਪੈਕਟਰ ਜਨਰਲ ਪੁਲਿਸ ਇੰਟੈਲੀਜੈਂਸ-। ਮੋਹਾਲੀ ਪੰਜਾਬ ਦਾ ਉਕਤ ਦਿਸ਼ਾ ਨਿਰਦੇਸ਼ ਦੇਣ ਲਈ ਧੰਨਵਾਦ ਕੀਤਾ



# ਡਿਪਟੀ ਕਮਿਸ਼ਨਰ ਗੁਰਦਾਸਪੁਰ ਵੱਲੋਂ ਪਰਾਲੀ ਪ੍ਰਬੰਧਨ ਲਈ ਕੀਤਾ ਗਿਆ ਖਾਸ ਉਪਰਾਲਾ

ਗੁਰਦਾਸਪੁਰ-ਨਵਨੀਤ ਕੁਮਾਰ -ਸ਼੍ਰੀ ਉਮਾ ਸ਼ੰਕਰ ਗੁਪਤਾ, ਡਿਪਟੀ ਕਮਿਸ਼ਨਰ ਵੱਲੋ ਜ਼ਿਲ੍ਹੇ ਵਿੱਚ ਪਰਾਲੀ ਪ੍ਰਬੰਧਨ ਨੂੰ ਲੈ ਕੇ ਖਾਸ ਉਪਰਾਲਿਆਂ ਕਰਦਿਆਂ ਹਰ ਪਿੰਡ ਵਿੱਚ ਇੱਕ ਨੋਡਲ ਅਫਸਰ ਤਾਇਨਾਤ ਕੀਤਾ ਹੈ, ਜੋ ਪਿੰਡ ਪੱਧਰ ਤੇ ਕਿਸਾਨਾਂ ਨੂੰ ਖੇਤੀ ਮਸ਼ੀਨਰੀ ਮੁਹੱਈਆ ਕਰਵਾਉਣ ਲਈ ਜਿੰਮੇਵਾਰ ਹੋਣਗੇ। ਇਸ ਮੌਕੇ ਗੱਲ ਕਰਦਿਆਂ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜਿੱਥੇ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਲਈ ਜਾਗਰੂਕ ਕੀਤਾ ਜਾ ਰਿਹਾ ਹੈ, ਉਸ ਦੇ ਨਾਲ ਪਰਾਲੀ ਪ੍ਰਬੰਧਨ ਲਈ ਖਾਸ ਯਤਨ ਕੀਤੇ ਗਏ ਹਨ। ਡਿਪਟੀ ਕਮਿਸ਼ਨਰ ਨੇ ਦੱਸਿਆਂ ਕਿ ਉਨ੍ਹਾਂ ਵੱਲੋਂ ਪਿੰਡਾ ਵਿੱਚ ਜਾ ਕੇ ਕਿਸਾਨਾਂ ਨੂੰ ਮਿਲਿਆ ਜਾ ਰਿਹਾ ਹੈ । ਕਿਸਾਨਾਂ ਨੂੰ ਮਿਲ ਕੇ ਪਰਾਲੀ ਨਾ ਸਾੜਨ ਦੀ ਮੁਸਕਿਲ ਬਾਰੇ ਪੁੱਛਿਆਂ ਤਾਂ ਕਿਸਾਨਾਂ ਨੇ ਦੱਸਿਆਂ ਕਿ ਪਰਾਲੀ ਪ੍ਰਬੰਧਨ ਲਈ ਮਸ਼ੀਨਰੀ ਮੁਹੱਈਆ ਹੋ ਜਾਣ ਨਾਲ ਪਰਾਲੀ ਸਾੜਨ ਦੇ ਰੁਝਾਨ ਨੂੰ ਠੱਲ ਪੈ ਸਕਦੀ ਹੈ। ਡਿਪਟੀ ਕਮਿਸ਼ਨਰ ਨੇ ਅੱਗੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਕਿਸਾਨਾਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਪਿੰਡ ਪੱਧਰ ‘ਤੇ ਇੱਕ ਨੋਡਲ ਅਫਸਰ ਤਾਇਨਾਤ ਕੀਤਾ ਗਿਆ ਹੈ, ਜੋ ਕਿਸਾਨਾਂ ਨੂੰ ਲੋੜੀਦੀ ਖੇਤੀ ਮਸ਼ੀਨਰੀ ਮੁਹੱਈਆ ਕਰਵਾਏਗਾ।
ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਪਰਾਲੀ ਪ੍ਰਬੰਧਨ ਲਈ ਜ਼ਿਲ੍ਹਾ ਪ੍ਰਸ਼ਾਸਨ ਨਾਲ ਸਹਿਯੋਗ ਕਰਨ ਅਤੇ ਪਿੰਡ ਵਿੱਚ ਨਿਯੁਕਤ ਕੀਤੇ ਨੋਡਲ ਅਫਸਰ ਨਾਲ ਤਾਲਮੇਲ ਕਰਕੇ ਖੇਤੀ ਮਸ਼ੀਨਰੀ ਦੀ ਵਰਤੋਂ ਕਰਨ। ਜੇਕਰ ਉਨ੍ਹਾਂ ਨੂੰ ਫਿਰ ਵੀ ਕੋਈ ਮੁਸ਼ਕਿਲ ਪੇਸ਼ ਆਉਂਦੀ ਹੈ ਤਾਂ ਉਹ ਨੇੜਲੇ ਐੱਸ.ਡੀ.ਐੱਮ. ਦਫਤਰ ਜਾਂ ਖੇਤੀਬਾੜੀ ਦਫਤਰ ਨਾਲ ਸੰਪਰਕ ਕਰਨ ਜਾ ਹੈਲਪ ਲਾਈਨ ਨੰਬਰ 1800-180-1852 ਤੇ ਫੋਨ ਕਰਨ।



# ਬਲਾਕ ਪੱਧਰੀ ਖੇਡਾਂ ਹੋਈਆਂ ਸਮਾਪਤ, ਜੇਤੂਆਂ ਨੂੰ ਵੰਡੇ ਗਏ ਇਨਾਮ



ਸ੍ਰੀ ਅਨੰਦਪੁਰ ਸਾਹਿਬ, (ਦਵਿੰਦਰਪਾਲ; ਸਿੰਘ): ਪਿਛਲੇ ਤਿੰਨ ਦਿਨਾਂ ਤੋਂ ਬਲਾਕ ਕੀਰਤਪੁਰ ਸਾਹਿਬ ਦੇ 54 ਦੇ ਕਰੀਬ ਸਕੂਲਾਂ ਦੀਆਂ ਵੱਖ ਵੱਖ ਖੇਡਾਂ ਚੱਲ ਰਹੀਆਂ ਸਨ ਜਿਸ ਵਿੱਚ ਲੜਕੇ ਅਤੇ ਲੜਕੀਆਂ ਦੀ ਕਬੱਡੀ ਰੱਸਾਕਸੀ ਖੋ ਖੋ ਬੈਡਮਿੰਟਨ ਕੁਸ਼ਤੀ ਮੁਕਾਬਲੇ ਲੰਬੀ ਛਾਲ ਅਥਲੈਟਿਕਸ ਦੇ ਵੱਖ-ਵੱਖ ਈਵੈਂਟ ਕਰਵਾਏ ਜਾ ਰਹੇ ਸਨ ਜਿਸ ਵਿੱਚ ਬਲਾਕ ਭਾਰਤਗੜ ਦੀ ਚੜਤ ਰਹੀ ਅਤੇ ਮੈਂਤਲੀ ਖੁਰਦ ਦੂਜੀ ਪੁਜ਼ੀਸ਼ਨ ਵਿੱਚ ਸਕੂਲਾਂ ਦੀ ਬਹੁਤ ਵਧੀਆ ਪ੍ਰਦਰਸ਼ਨ ਹੋਰ ਵੱਖ ਵੱਖ ਬਲਾਕਾਂ ਦੇ ਬੱਚਿਆਂ ਵੱਲੋਂ ਬਹੁਤ ਵਧੀਆ ਪ੍ਰਦਰਸ਼ਨ ਕੀਤਾ ਗਿਆ ਜਿਨਾਂ ਨੂੰ ਸਨਮਾਨ ਵਜੋਂ ਬਲਾਕ ਕੀਰਤਪੁਰ ਸਾਹਿਬ ਦੇ ਬੀ ਪੀ ਓ ਇੰਦਰਪਾਲ ਸਿੰਘ ਵੱਲੋਂ ਇਨਾਮ ਤਕਸੀਮ ਕੀਤੇ ਗਏ ਇਹਨਾਂ ਖੇਡਾਂ ਦੇ ਵਿੱਚ ਉਚੇਚੇ ਤੌਰ ਤੇ ਸਰਕਾਰੀ ਪ੍ਰਾਇਮਰੀ ਸਕੂਲ ਗਰਦਲੇ ਅਤੇ ਭਾਰਤਗੜ੍ਹ ਸੈਂਟਰ ਦਾ ਵਿਸ਼ੇਸ਼ ਯੋਗਦਾਨ ਰਿਹਾ ਸਕੂਲ ਗਰਦਲੇ ਦੇ ਸਟਾਫ ਵੱਲੋਂ ਬਹੁਤ ਵਧੀਆ ਪ੍ਰਬੰਧ ਕੀਤੇ ਗਏ ਤਿੰਨ ਦਿਨ ਲਗਾਤਾਰ ਬੱਚਿਆਂ ਦੇ ਖਾਣ ਪੀਣ ਦਾ ਪ੍ਰਬੰਧ ਸਕੂਲ ਦੇ ਸਟਾਫ ਵੱਲੋਂ ਬਲਾਕ ਕੀਰਤਪੁਰ ਸਾਹਿਬ ਦੇ ਸਹਿਯੋਗ ਦੇ ਨਾਲ ਕੀਤਾ ਗਿਆ ਇਸ ਸਮੇਂ ਇਲਾਕੇ ਦੇ ਪਤਵੰਤੇ ਵੀ ਹਾਜ਼ਰ ਹੋਏ ਜਿਸ ਵਿੱਚ ਭਾਰਤੀ ਕਿਸਾਨ ਮਜ਼ਦੂਰ ਯੂਨੀਅਨ ਸ਼੍ਰੀ ਅਨੰਦਪੁਰ ਸਾਹਿਬ ਦੇ ਪ੍ਰਧਾਨ ਡਾਕਟਰ ਸ਼ਮਸ਼ੇਰ ਸਿੰਘ ਸ਼ੇਰਾ ਪਿੰਡ ਗਰਦਲੇ ਦੇ ਸਰਪੰਚ ਅਮਰਜੀਤ ਸਿੰਘ ਨੰਬਰਦਾਰ ਮਨਜੀਤ ਸਿੰਘ ਝੱਖੀਆਂ ਮੇਜਰ ਸਿੰਘ ਝਖੀਆਂ ਗੁਰਮੇਲ ਸਿੰਘ ਸਾਬਕਾ ਸਰਪੰਚ ਝੱਖੀਆਂ ਮੋਹਨ ਲਾਲ ਸਾਬਕਾ ਸਰਪੰਚ ਗਰਦਲੇ ਸੋਮਨਾਥ ਸਾਬਕਾ ਸਰਪੰਚ ਗਾਜੀਪੁਰ ਸਿਮਰਨਜੀਤ ਸਿੰਘ ਭਰਤਗੜ ਅੰਮ੍ਰਿਤਪਾਲ ਸਿੰਘ ਅਟਾਰੀ ਸਨੀਲ ਕੁਮਾਰ ਗੁਰਿੰਦਰ ਸਿੰਘ ਤਾਜਪੁਰ ਮਨਜੀਤ ਸਿੰਘ ਰਾਣਾ ਅਮਰਜੀਤ ਸਿੰਘ ਧਾਰਨੀ ਸੁਰਿੰਦਰ ਪਾਲ ਸਿੰਘ ਮੱਸੇਵਾਲ ਮੈਡਮ ਸੁਮਨ ਲਤਾ ਮੈਡਮ ਜਸਵਿੰਦਰ ਕੌਰ ਮੈਡਮ ਕਰਮਜੀਤ ਕੌਰ ਨਰਿੰਦਰ ਬੰਗਾ ਸ੍ਰੀ ਅਨੰਦਪੁਰ ਸਾਹਿਬ ਮਨਜੀਤ ਸਿੰਘ ਦੇਹਣੀ ਜਸਵੀਰ ਸਿੰਘ ਰਾਮ ਨਿਵਾਸ ਬੇਲੀ ਜਸਵੀਰ ਕਕਰਾਲਾ ਤੇ ਸੁਨੀਲ ਕੁਮਾਰ ਭਾਉਵਾਲ ਸੁਨੀਲ ਕੁਮਾਰ ਭਾਉਵਾਲ ਦਾਨਿਸ਼ ਭੱਟੀ ਬੜਾ ਪਿੰਡ ਆਦਿ ਹਾਜ਼ਰ ਸਨ।

# ਰਾਵਲਪਿੰਡੀ ਪੁਲਿਸ ਵਲੋਂ 3 ਕਿਲੋ ਡੋਡੇ ਚੂਰਾ ਪੋਸਤ ਸਮੇਤ ਇੱਕ ਕਾਬੂ




ਫਗਵਾੜਾ (ਜੀਵਨ ਸੰਘਾ/ ਸੁਸ਼ੀਲ ਸ਼ਰਮਾ) ਸ਼੍ਰੀਮਤੀ ਵਤਸਲਾ ਗੁਪਤਾ ਐਸ ਐਸ ਪੀ ਸਾਹਿਬ ਕਪੂਰਥਲਾ ਦੇ ਦਿਸ਼ਾ ਨਿਰਦੇਸਾਂ ਅਤੇ ਸ਼੍ਰੀਮਤੀ ਰੁਪਿੰਦਰ ਕੋਰ ਭੱਟੀ ਐਸ.ਪੀ ਫਗਵਾੜਾ ਭਾਰਤ ਭੂਸ਼ਣ ਉਪ ਪੁਲਿਸ ਕਪਤਾਨ ਫਗਵਾੜਾ ਦੀ ਰਹਿਨੁਮਾਈ ਹੇਠ ਭੈੜੇ ਪੁਰਸ਼ਾ ਦੇ ਖਿਲਾਫ ਚਲਾਈ ਮੁਹਿੰਮ ਦੋਰਾਨ ਇੰਸਪੈਕਟਰ ਬਲਵਿੰਦਰ ਸਿੰਘ ਭੁੱਲਰ 508/ਜੇ.ਆਰ ਮੁੱਖ ਅਫਸਰ ਥਾਣਾ ਰਾਵਲਪਿੰਡੀ ਫਗਵਾੜਾ ਜੀ ਦੀਆ ਹਦਾਇਤਾਂ ਪਰ ਵੱਖ ਵੱਖ ਟੀਮਾ ਬਣਾ ਕੇ ਕੈਸੋ ਅਪਰੇਸ਼ਨ ਅਰੰਭ ਕੀਤਾ ਸੀ ਜਿਸ ਵਿਚ ਦੋਸ਼ੀ ਕੁਲਦੀਪ ਸਿੰਘ ਪੁੱਤਰ ਰਾਮ ਸਿੰਘ ਵਾਸੀ ਜਗਜੀਤਪੁਰ ਥਾਣਾ ਰਾਵਲਪਿੰਡੀ ਨੂੰ ਫੜਨ ਵਿਚ ਕਾਮਯਾਬ ਹੋਈ ਜਿਸ ਪਾਸੋ 03 ਕਿਲੋ ਡੋਡੇ ਚੂਰਾ ਪੋਸਤ ਬਰਾਮਦ ਕੀਤੇ ਗਏ ਜਿਸ ਤੇ ♥9 ਜਗਦੀਸ਼ ਰਾਜ 798/ਟੀ ਟੀ ਵਲੋਂ ਮੁੱਕਦਮਾ ਨੰਬਰ 61 ਮਿਤੀ 9-10-24 ਅ/ਧ 15-61-85 ਐਨ.ਡੀ.ਪੀ.ਐਸ ਐਕਟ ਥਾਣਾ ਰਾਵਲਪਿੰਡੀ ਦਰਜ ਰਜਿਸਟਰ ਦੋਸ਼ੀ ਕੁਲਦੀਪ ਸਿੰਘ ਉਕਤ ਨੂੰ ਗ੍ਰਿਫਤਾਰ ਕਰਕੇ ਬੰਦ ਹਵਾਲਾਤ ਥਾਣਾ ਕੀਤਾ ਗਿਆ ਜਿਸ ਦਾ ਮਾਨਯੋਗ ਅਦਾਲਤ ਪਾਸੋ ਪੁਲਿਸ ਰਿਮਾਂਡ ਹਾਸਲ ਕਰਕੇ ਪੁਛਗਿਛ ਕੀਤੀ ਜਾਵੇਗੀ

# ਰਾਮਲੀਲਾ ਮੰਚਨ ਦੇ ਅੱਠਵੇਂ ਦਿਨ ਡਾ:ਪਲਵਿੰਦਰ ਜੀਤ ਸਿੰਘ ਕੰਗ ਨੇ ਕੀਤਾ ਉਦਘਾਟਨ





ਸ਼੍ਰੀ ਅਨੰਦਪੁਰ ਸਾਹਿਬ (ਦਵਿੰਦਰਪਾਲ ਸਿੰਘ) ਪਿਛਲੇ 8 ਦਿਨਾਂ ਤੋਂ ਲਗਾਤਾਰ ਬਾਸੋਵਾਲ ਕਲੋਨੀ ਗੰਗੂਵਾਲ ਵਿਖੇ ਸ਼੍ਰੀ ਰਾਧਾ ਕ੍ਰਿਸ਼ਨ ਮੰਦਰ ਠਾਕੁਰ ਦੁਆਰਾ ਰਾਮਾ ਡ੍ਰਾਮਾਟਿਕ ਕਮੇਟੀ ਵੱਲੋਂ ਸ਼੍ਰੀ ਰਾਮਲੀਲਾ ਮੰਚਨ ਕੀਤਾ ਜਾ ਰਿਹਾ ਹੈ ਜਿਸ ਵਿੱਚ ਰੋਜ਼ਾਨਾ ਵੱਡੀ ਗਿਣਤੀ ਵਿੱਚ ਸੰਗਤਾਂ ਨਾਟਕ ਦੇਖਣ ਲਈ ਆਉਂਦੀਆਂ ਹਨ, ਰਾਮਲੀਲਾ ਦੇ ਅਠਵੇਂ ਦਿਨ ਸ਼੍ਰੀ ਅਨੰਦਪੁਰ ਸਾਹਿਬ ਇਲਾਕੇ ਦੇ ਮਸ਼ਹੂਰ ਡਾਕਟਰ ਡਾ:ਪਲਵਿੰਦਰ ਜੀਤ ਸਿੰਘ ਕੰਗ ਨੇ ਰਾਮਲੀਲਾ ਦਾ ਉਦਘਾਟਨ ਕੀਤਾ ਅਤੇ 11000 ਰੁਪਏ ਦੀ ਰਾਸ਼ੀ ਕਮੇਟੀ ਨੂੰ ਭੇਟ ਕੀਤੀ, ਇਸ ਮੌਕੇ ਡਾ:ਕੰਗ ਨੇ ਕਿਹਾ ਕਿ ਸ਼੍ਰੀ ਰਾਧਾ ਕ੍ਰਿਸ਼ਨ ਮੰਦਰ ਠਾਕੁਰ ਦੁਆਰਾ ਰਾਮਾ ਡ੍ਰਾਮਾਟਿਕ ਕਮੇਟੀ ਵੱਲੋਂ ਹਰ ਸਾਲ ਬੜੀ ਸ਼ਰਧਾ ਭਾਵਨਾ ਤੇ ਸਤਿਕਾਰ ਨਾਲ ਰਾਮਲੀਲਾ ਦਾ ਆਯੋਜਨ ਕੀਤਾ ਜਾਂਦਾ ਹੈ ਜਿਸ ਦੇ ਉਹ ਵਧਾਈ ਦੇ ਪਾਤਰ ਹਨ, ਉਨਾਂ ਕਿਹਾ ਕਿ ਅੱਜ ਦੀ ਨੌਜਵਾਨ ਪੀੜੀ ਆਪਣੇ ਇਤਿਹਾਸ ਅਤੇ ਸੱਭਿਆਚਾਰ ਤੋਂ ਦੂਰ ਹੁੰਦੀ ਜਾ ਰਹੀ ਹੈ ਜਿਸ ਨੂੰ ਦੁਬਾਰਾ ਆਪਣੇ ਇਤਿਹਾਸ ਨਾਲ ਜੋੜਨ ਲਈ ਵੱਖ ਵੱਖ ਸੁਸਾਇਟੀਆਂ ਵਲੋਂ ਅਣਥੱਕ ਯਤਨ ਕੀਤੇ ਜਾ ਰਹੇ ਹਨ ਜਿਸ ਵਿੱਚ ਇੱਕ ਸ਼੍ਰੀ ਰਾਧਾ ਕ੍ਰਿਸ਼ਨ ਮੰਦਰ ਠਾਕੁਰ ਦੁਆਰਾ ਰਾਮਾ ਡ੍ਰਾਮਾਟਿਕ ਕਮੇਟੀ ਵੀ ਹੈ, ਉਨਾਂ ਸਮੂਹ ਕਮੇਟੀ ਮੈਂਬਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਕਮੇਟੀ ਵੱਲੋਂ ਉਨਾਂ ਨੂੰ ਜੋ ਹੁਕਮ ਹੋਇਆ ਉਨਾਂ ਦੇ ਸਿਰ ਮੱਥੇ ਕਬੂਲ ਹੈ, ਇਸ ਮੌਕੇ ਸਮੂਹ ਕਮੇਟੀ ਮੈਂਬਰਾਂ ਵੱਲੋਂ ਡਾ:ਪਲਵਿੰਦਰ ਜੀਤ ਸਿੰਘ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ, ਰਾਮਲੀਲਾ ਦੇ ਅਠਵੇਂ ਦਿਨ ਸੰਗਤਾਂ ਨੂੰ ਦਿਖਾਇਆ ਗਿਆ ਕਿ ਕਿਵੇਂ ਭਗਵਾਨ ਸ਼੍ਰੀ ਰਾਮ ਮਾਤਾ ਸੀਤਾ ਅਤੇ ਲਕਸ਼ਮਣ ਜੀ ਬਣਵਾਸ ਕੱਟਦੇ ਹੋਏ ਜੰਗਲਾਂ ਵਿੱਚ ਸਫਰ ਕਰਦੇ ਹਨ ਤੇ ਰਾਸਤੇ ਵਿਚ ਉਨਾਂ ਨੂੰ ਲੰਕਾਪਤੀ ਰਾਵਣ ਦੀ ਭੈਣ ਸਰੂਪਨਖਾ ਮਿਲਦੀ ਹੈ ਜਿੱਥੇ ਉਨਾਂ ਦਾ ਕਾਫੀ ਸਮਾਂ ਸੰਵਾਦ ਚੱਲਦਾ ਹੈ ਤੇ ਮੁੜ ਅੰਤ ਵਿੱਚ ਲਕਸ਼ਮਣ ਜੀ ਵਲੋਂ ਸਰੂਪਨਖਾ ਦੀ ਨੱਕ ਕੱਟ ਦਿੱਤੀ ਜਾਂਦੀ ਹੈ ਜਿਸ ਤੋਂ ਬਾਅਦ ਰਾਵਣ ਦੀ ਫੌਜ ਬਦਲਾ ਲੈਣ ਲਈ ਜੰਗਲਾਂ ਵੱਲ ਰਵਾਨਾ ਹੁੰਦੀ ਹੈ ਤੇ ਉਸਤੋਂ ਬਾਅਦ ਭਗਵਾਨ ਸ਼੍ਰੀ ਰਾਮ ਸਾਰੇ ਦੁਸ਼ਟਾਂ ਨਾਲ ਮੁਕਾਬਲਾ ਕਰਦੇ ਹਨ, ਇਸ ਮੌਕੇ ਲਕੀ ਕਪਿਲਾ ਪ੍ਰਧਾਨ, ਗੋਪਾਲ ਸ਼ਰਮਾ, ਪਵਨ ਕੁਮਾਰ ਚੀਟੂ, ਮੇਘਰਾਜ ਕੌਸ਼ਲ, ਪਵਨ ਕੁਮਾਰ ਫੋਰਮੈਨ, ਐਡਵੋਕੇਟ ਗਗਨ ਦੀਪ ਬੱਸੀ, ਸੰਤੋਖ ਸਿੰਘ ਸ਼ੌਕੀ, ਵਿਸ਼ਵਜੀਤ ਭਾਟੀਆ, ਚਰਨ ਜੀਵ ਸਿੰਘ ਜਸ਼ਨ ਜੋਤ ਸਿੰਘ ਤੇ ਹੋਰ ਮੌਜੂਦ ਸਨ।

# ਗੁ. ਸੀਸਗੰਜ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਦੀਆਂ ਖਰਾਬ ਹੋ ਰਹੀਆਂ ਬਾਹਰਲੀਆਂ ਕੰਧਾਂ ਦੀ ਕਾਰ-ਸੇਵਾ ਸੰਗਤਾਂ ਦੀਆਂ ਭਾਵਨਾਵਾਂ ਅਨੁਸਾਰ ਹੋਵੇਗੀ- ਮੈਨੇਜਰ ਸ. ਮਲਕੀਤ ਸਿੰਘ।



ਸ੍ਰੀ ਅਨੰਦਪੁਰ ਸਾਹਿਬ, (ਦਵਿੰਦਰਪਾਲ ਸਿੰਘ): ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪਾਵਨ ਸੀਸ ਸਸਕਾਰ ਅਸਥਾਨ ਸੀਸਗੰਜ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਵਿਖੇ ਪੁਰਾਤਨਤਾ ਨਾਲ ਕੋਈ ਛੇੜਛਾੜ ਨਹੀਂ ਕੀਤੀ ਜਾ ਰਹੀ ਅਤੇ ਪੁਰਾਤਨ ਪਾਵਨ ਅਸਥਾਨ ਨੂੰ ਪੂਰੀ ਤਰ੍ਹਾਂ ਸੁਰੱਖਿਅਤ ਰੱਖਿਆ ਜਾ ਰਿਹਾ ਹੈ। ਇਹ ਜਾਣਕਾਰੀ ਦਿੰਦਿਆਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਦੇ ਮੈਨੇਜਰ ਸ. ਮਲਕੀਤ ਸਿੰਘ ਨੇ ਦੱਸਿਆ ਕਿ ਗੁਰਦੁਆਰਾ ਸੀਸਗੰਜ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਦੀ ਕਾਰ-ਸੇਵਾ ਸਬੰਧੀ ਸੰਗਤ ਵਿਚ ਪਾਏ ਜਾ ਰਹੇ ਭਰਮ-ਭੁਲੇਖੇ ਬਿਲਕੁਲ ਬੇਬੁਨਿਆਦ ਹਨ ਅਤੇ ਨੌਵੇਂ ਪਾਤਸ਼ਾਹ ਦੇ ਪਾਵਨ ਸੀਸ ਸਸਕਾਰ ਵਾਲੇ ਪੁਰਾਤਨ ਅਸਥਾਨ ਥੜ੍ਹਾ ਸਾਹਿਬ ਦੀ ਸਾਂਭ-ਸੰਭਾਲ ਅਤੇ ਸੁਰੱਖਿਆ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਹਮੇਸ਼ਾ ਯਤਨਸ਼ੀਲ ਹੈ।

ਮੈਨੇਜਰ ਸ. ਮਲਕੀਤ ਸਿੰਘ ਨੇ ਦੱਸਿਆ ਕਿ ਲਗਭਗ 70-75 ਸਾਲ ਪਹਿਲਾਂ ਸਥਾਨਕ ਸੰਗਤਾਂ ਵਲੋਂ ਪੁਰਾਤਨ ਥੜ੍ਹਾ ਸਾਹਿਬ ਦੇ ਬਾਹਰਵਾਰ ਸੰਗਤਾਂ ਦੇ ਬੈਠਣ ਦੀ ਸਹੂਲਤ ਲਈ ਲੈਂਟਰ ਦਾ ਵਾਧਾ ਕਰਕੇ ਪੱਥਰ ਅਤੇ ਚੂਨੇ ਨਾਲ ਕੰਧਾਂ ਬਣਾਈਆਂ ਗਈਆਂ ਸਨ, ਜਿਨ੍ਹਾਂ ਦੀ ਹਾਲਤ ਇਸ ਵੇਲੇ ਬੇਹੱਦ ਖਸਤਾ ਹੋ ਗਈ ਹੈ। ਇਨ੍ਹਾਂ ਕੰਧਾਂ ਵਿਚੋਂ ਚੂਨਾ ਡਿੱਗ ਰਿਹਾ ਹੈ ਅਤੇ ਛੱਤ ਵਿਚੋਂ ਵੀ ਪਾਣੀ ਦਾ ਰਿਸਾਅ ਹੋ ਰਿਹਾ ਹੈ, ਜਿਸ ਨੂੰ ਸੁਰੱਖਿਅਤ ਕਰਨ ਦਾ ਕਾਰਜ ਕਾਰ-ਸੇਵਾ ਕਿਲ੍ਹਾ ਅਨੰਦਗੜ੍ਹ ਸਾਹਿਬ ਨੂੰ ਸੌਂਪਿਆ ਗਿਆ ਸੀ। ਉਨ੍ਹਾਂ ਦੱਸਿਆ ਕਿ ਕਾਰ-ਸੇਵਾ ਕਿਲ੍ਹਾ ਅਨੰਦਗੜ੍ਹ ਸਾਹਿਬ ਵਲੋਂ ਭਵਨ ਨਿਰਮਾਣ ਅਤੇ ਪੁਰਾਤਤਵ ਮਾਹਰਾਂ ਦਾ ਮੁਆਇਨਾ ਕਰਵਾਉਣ ਤੋਂ ਬਾਅਦ ਇਨ੍ਹਾਂ ਕੰਧਾਂ ਦੀ ਸੁਰੱਖਿਆ ਅਤੇ ਲੋੜੀਂਦੀ ਮੁਰੰਮਤ ਕਰਨ ਦੀ ਸੇਵਾ ਕੀਤੀ ਜਾਣੀ ਸੀ। ਬੇਸ਼ੱਕ ਇਸ ਮੁਰੰਮਤ ਦੀ ਸੇਵਾ ਦੌਰਾਨ ਗੁਰਦੁਆਰਾ ਸੀਸਗੰਜ ਸਾਹਿਬ ਦੀ ਪੁਰਾਤਨ ਦਿੱਖ ਨੂੰ ਪੂਰੀ ਤਰ੍ਹਾਂ ਸੁਰੱਖਿਅਤ ਰੱਖਣ ਵੱਲ ਵਿਸ਼ੇਸ਼ ਧਿਆਨ ਰੱਖਿਆ ਜਾਣਾ ਸੀ ਪਰ ਸੰਗਤ ਵਿਚ ਪਾਏ ਜਾ ਰਹੇ ਭਰਮ-ਭੁਲੇਖਿਆਂ ਨੂੰ ਦੂਰ ਕਰਨ ਲਈ ਸ਼੍ਰੋਮਣੀ ਗੁਰਦੁਆਰਾ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਆਦੇਸ਼ਾਂ 'ਤੇ ਇਸ ਸੇਵਾ ਸਬੰਧੀ ਪੁਰਾਤਤਵ ਮਾਹਿਰਾਂ ਦੀ ਵਧੇਰੇ ਰਾਇ ਲੈਣ ਅਤੇ ਵਿਚਾਰ-ਵਟਾਂਦਰੇ ਵਾਸਤੇ ਫਿਲਹਾਲ ਇਹ ਸੇਵਾ ਰੋਕ ਦਿੱਤੀ ਗਈ ਹੈ। ਮੈਨੇਜਰ ਸ. ਮਲਕੀਤ ਸਿੰਘ ਨੇ ਦੱਸਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਹਮੇਸ਼ਾ ਸਿੱਖ ਵਿਰਾਸਤ ਨਾਲ ਸਬੰਧਿਤ ਇਮਾਰਤਾਂ ਨੂੰ ਸੁਰੱਖਿਅਤ ਰੱਖਣ ਦੇ ਯਤਨ ਕੀਤੇ ਜਾਂਦੇ ਹਨ ਅਤੇ ਸੰਗਤ ਨੂੰ ਇਸ ਸਬੰਧੀ ਕਿਸੇ ਤਰ੍ਹਾਂ ਦੇ ਵੀ ਗੁੰਮਰਾਹਕੁੰਨ ਪ੍ਰਚਾਰ ਤੋਂ ਸੁਚੇਤ ਰਹਿਣਾ ਚਾਹੀਦਾ ਹੈ।

# ਡੀਟੀਐੱਫ ਨੇ ਦੁਸ਼ਹਿਰੇ ਤੇ ਗੰਭੀਰਪੁਰ ਵਿਖੇ ਵੱਡ ਆਕਾਰੀ ਪੁਤਲਾ ਫੂਕ ਪ੍ਰਦਰਸ਼ਨ ਸਬੰਧੀ ਪ੍ਰਸ਼ਾਸ਼ਨ ਨੂੰ ਸੌਂਪਿਆਂ ਨੋਟਿਸ

ਸ੍ਰੀ ਆਨੰਦਪੁਰ ਸਾਹਿਬ,(ਦਵਿੰਦਰਪਾਲ ਸਿੰਘ): ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਦੇ ਸੂਬਾ ਪ੍ਰਧਾਨ ਵਿਕਰਮਦੇਵ ਸਿੰਘ, ਜਨਰਲ ਸਕੱਤਰ ਮਹਿੰਦਰ ਕੌੜਿਆਂਵਾਲੀ ਅਤੇ ਵਿੱਤ ਸਕੱਤਰ ਅਸ਼ਵਨੀ ਅਵਸਥੀ ਨੇ ਦੱਸਿਆ ਹੈ ਕਿ ਅਧਿਆਪਕਾਂ ਦੀ ਸਮੱਸਿਆਵਾਂ ਹੱਲ ਨਾ ਹੋਣ ਦੀ ਸੂਰਤ ਵਿੱਚ ਪਿੰਡ ਗੰਭੀਰਪੁਰ ਵਿਖੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ, ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਅਤੇ ਪਾਰਟੀ ਪ੍ਰਧਾਨ ਕੇਜਰੀਵਾਲ ਦਾ ਆਦਮ ਕੱਦ ਪੁਤਲਾ ਫੂਕਿਆ ਜਾਵੇਗਾ।

ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਦੇ ਪ੍ਰਚਾਰ ਸਕੱਤਰ ਸੁਖਦੇਵ ਡਾਂਸੀਵਾਲ ਅਤੇ ਜਿਲਾ ਪ੍ਰਧਾਨ ਗਿਆਨ ਚੰਦ ਦੀ ਅਗਵਾਈ ਹੇਠ ਆਨੰਦਪੁਰ ਸਾਹਿਬ ਦੇ ਐਸ ਡੀ ਐੱਮ ਸਤਿਕਾਰਯੋਗ ਜਸਪ੍ਰੀਤ ਸਿੰਘ ਜੀ ਨੂੰ ਸੰਘਰਸ਼ ਦੇ ਨੋਟਿਸ ਦੇ ਰੂਪ ਵਿੱਚ ਚਿਤਾਵਨੀ ਪੱਤਰ ਦਿੱਤਾ ਅਤੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਿੱਖਿਆ ਮੰਤਰੀ ਸ੍ਰੀ ਹਰਜੋਤ ਸਿੰਘ ਬੈਂਸ ਨਾਲ 14 ਮਾਰਚ 2024 (ਸਿਵਲ ਸਕੱਤਰੇਤ ਚੰਡੀਗੜ੍ਹ) ਅਤੇ 9 ਅਗਸਤ 2024 ਨੂੰ ਪੰਜਾਬ ਭਵਨ ਚੰਡੀਗੜ੍ਹ ਵਿਖੇ ਸ਼੍ਰੀ ਨਰਿੰਦਰ ਭੰਡਾਰੀ ਸਾਇੰਸ ਅਧਿਆਪਕ ਕਪੂਰਥਲਾ, ਡਾ ਰਵਿੰਦਰ ਕੰਬੋਜ ਹਿੰਦੀ ਅਧਿਆਪਕ ਪਟਿਆਲਾ, ਓ ਡੀ ਐਲ ਅਧਿਆਪਕਾਂ ਦੇ ਬਾਕੀ ਰਹਿੰਦੇ ਰੈਗੂਲਰ ਆਰਡਰ ਅਤੇ 15 ਹਿੰਦੀ ਅਧਿਆਪਕਾ ਦੇ ਵੱਖ ਵੱਖ ਕਾਰਨਾਂ ਕਰਕੇ ਰੋਕੇ ਰੈਗੂਲਰ ਆਰਡਰਾ ਸਬੰਧੀ ਹੋਈਆਂ ਮੀਟਿੰਗਾਂ ਦੌਰਾਨ ਬੇਇਨਸਾਫ਼ੀ ਤੇ ਪੱਖਪਾਤ ਦੇ ਇਹਨਾਂ ਮਸਲਿਆਂ ਸਬੰਧੀ ਸਿੱਖਿਆ ਮੰਤਰੀ ਵਲੋ ਬਿਨਾਂ ਦੇਰੀ ਹੱਲ ਕਰਨ ਦੇ ਭਰੋਸੇ ਦਿੱਤੇ ਗਏ ਸਨ, ਪ੍ਰੰਤੂ ਇਹ ਮਸਲੇ ਜਿਉਂ ਦੇ ਤਿਉਂ ਲਟਕੇ ਹੋਏ ਹਨ। ਇਸ ਤੋ ਬਿਨਾਂ ਪੰਜਾਬੀ ਲੈਕਚਰਾਰ ਮੁਖਤਿਆਰ ਸਿੰਘ (ਸ.ਸ.ਸ.ਸ. ਜਲਾਲਾਬਾਦ, ਜ਼ਿਲ੍ਹਾ ਫਾਜ਼ਿਲਕਾ) ਨੂੰ ਝੂਠੇ ਦੋਸ਼ ਲਗਾ ਕੇ ਤਰਨਤਾਰਨ ਵਿਖੇ ਬਦਲ ਦਿੱਤਾ ਗਿਆ ਹੈ। ਜਦ ਕਿ ਮਾਮਲੇ ਦੀ ਪੜਤਾਲ ਦੌਰਾਨ ਸਕੂਲ ਸਿੱਖਿਆ ਸਕੱਤਰ ਵੱਲੋਂ ਸਾਰੇ ਦੋਸ਼ ਡਰਾਪ ਕੀਤੇ ਜਾਣ ਤੋਂ ਦੋ ਮਹੀਨੇ ਲੰਘਣ ਦੇ ਬਾਅਦ ਵੀ ਸ਼ਿਕਾਇਤੀ ਬਦਲੀ ਰੱਦ ਨਹੀਂ ਕੀਤੀ ਗਈ ਹੈ, ਜਿਸ ਕਾਰਨ ਇਸ ਅਧਿਆਪਕ ਨੂੰ ਵੀ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਡੀ ਟੀ ਐੱਫ ਦੇ ਆਗੂਆਂ ਜਨਰਲ ਸਕੱਤਰ ਰਮੇਸ਼ ਲਾਲ,ਭੀਮ ਖਾਨ,ਨਰਿੰਦਰ ਕੁਮਾਰ ਪੀ ਟੀ ਆਈ,ਜਸਵੀਰ ਸਿੰਘ



ਅਤੇ 4161 ਦੇ ਸੂਬਾ ਆਗੂ ਗੁਰਪ੍ਰੀਤ ਸਿੰਘ, ਬਲਕਾਰ ਮਘਾਣੀਆ ਅਤੇ ਗੁਰਪ੍ਰੀਤ ਸਿੰਘ 5"" 6635 ਦੇ ਜਿਲ੍ਹਾ ਆਗੂ ਨੇ ਐਲਾਨ ਕੀਤਾ ਹੈ ਕਿ ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਵੱਲੋਂ 12 ਅਕਤੂਬਰ ਨੂੰ ਦੁਸ਼ਿਹਰੇ ਵਾਲੇ ਦਿਨ ਪਿੰਡ ਗੰਭੀਰਪੁਰ ਵਿਖੇ ਪੰਜਾਬ ਸਰਕਾਰ ਦਾ ਵੱਡ ਆਕਾਰੀ ਤਿੰਨ ਮੂਹਾ ਪੁਤਲਾ ਫੂਕ ਕੇ ਬੱਝਵੇਂ ਰੂਪ ਵਿੱਚ ਰੋਸ ਮੁਜ਼ਾਹਰਾ ਕਰਨ ਦੌਰਾਨ ਸੂਬਾਈ ਲੀਡਰਸ਼ਿਪ ਤੋਂ ਇਲਾਵਾ ਵੱਖ-ਵੱਖ ਜਿਲ੍ਹਿਆਂ ਤੋਂ ਜਥੇਬੰਦੀ ਦੇ ਕਾਰਕੁੰਨ ਵੀ ਮਿਥੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੇ।

# ਸੰਤੋਸ਼ ਕਟਾਰੀਆ ਵਿਧਾਇਕ ਨੇ ਸਰਬਸੰਮਤੀ ਨਾਲ ਬਣੀ ਪਿੰਡ ਭੋਲੇਵਾਲ, ਲੰਬੂਆਂ ਤੇ ਧਕਤਾਣਾ ਦੀਆਂ ਪੰਚਾਇਤਾਂ ਨੂੰ ਦਿੱਤੀ ਵਧਾਈ



ਸਹੀਦ ਭਗਤ ਸਿੰਘ ਨਗਰ (ਰਮੇਸ ਸਰਮਾ£ਮਨਪ੍ਰੀਤ ਵਾਸੂ)ਸਰਬਸੰਮਤੀ ਨਾਲ ਪੰਚਾਇਤਾਂ ਬਣਨ ਨਾਲ ਪਿੰਡਾਂ ਵਿੱਚ ਗੁੱਟਬੰਦੀ ਖਤਮ ਹੋਈ ਹੈ ਤੇ ਬਜ਼ੁਰਗਾਂ ਦਾ ਆਦਰ ਸਤਿਕਾਰ ਵਧਿਆ ਹੈ । ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਬੀਬੀ ਸੰਤੋਸ਼ ਕਟਾਰੀਆ ਵਿਧਾਇਕ ਹਲਕਾ ਬਲਾਚੌਰ ਨੇ ਪਿੰਡ ਭੋਲੇਵਾਲ ਦੇ ਨਵਨਿਯੁਕਤ ਸਰਪੰਚ ਅਸ਼ੋਕ ਕੁਮਾਰ ਚੌਹਾਨ, ਬਲਵੀਰ ਸਿੰਘ ਪੰਚ, ਸੁਰਜੀਤ ਸਿੰਘ ਪੰਚ, ਹਰਪਾਲ ਸਿੰਘ ਪੰਚ,ਸੀਮਾ ਪੰਚ,ਮਨਜੀਤ ਕੌਰ ਪੰਚ, ਪਿੰਡ ਲੰਬੂਆਂ ਦੇ ਨਵਨਿਯੁਕਤ ਸਰਪੰਚ ਹਰਮੇਸ਼ ਲਾਲ ਸਰਪੰਚ, ਪਰਸ਼ੋਤਮ ਲਾਲ ਪੰਚ,ਭੀਮ ਸੇਨ ਪੰਚ,ਕੁਸ਼ਲਿਆ ਦੇਵੀ ਪੰਚ,ਕਮਲਜੀਤ ਪੰਚ ਪਿੰਡ ਧਕਤਾਣਾ ਦੇ ਨਵਨਿਯੁਕਤ ਸਰਪੰਚ ਸੁਦੇਸ਼ ਭਾਟੀਆ, ਦੇਸਰਾਜ ਪੰਚ, ਸੁਰਜੀਤ ਚੇਚੀ ਪੰਚ, ਨਸੀਬ ਚੰਦ ਭਾਟੀਆ ਪੰਚ, ਜਸਵਿੰਦਰ ਕੌਰ ਪੰਚ ,ਕਿਰਨਾ ਪੰਚ ਆਦਿ ਨੂੰ ਹਾਰ ਪਹਿਨਾ ਕੇ ਵਧਾਈ ਦਿੰਦਿਆਂ ਹੋਇਆਂ ਕੀਤਾ। ਬੀਬੀ ਸੰਤੋਸ਼ ਕਟਾਰੀਆ ਨੇ ਕਿਹਾ ਕਿ ਹਲਕਾ ਬਲਾਚੌਰ ਦੀਆਂ 83 ਪੰਚਾਇਤਾਂ ਸਰਬਸੰਮਤੀ ਨਾਲ ਬਣੀਆਂ ਹਨ ਮੈ ਸਾਰੀਆਂ ਨਵੀਆਂ ਪੰਚਾਇਤਾਂ ਨੂੰ ਮੁਬਾਰਕਬਾਦ ਦਿੰਦੀ ਹਾਂ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਨੇ ਜੋ ਵਾਅਦਾ ਕੀਤਾ ਹੈ ਕਿ ਉਹ ਸਰਬਸੰਮਤੀ ਨਾਲ ਬਣੀ ਪੰਚਾਇਤ ਨੂੰ ਪੰਜ ਲੱਖ ਰੁਪਏ ਜ਼ਰੂਰ ਮਿਲੇਗਾ।ਇਸ ਦੀ ਜਾਣਕਾਰੀ ਮੀਡੀਆ ਨੂੰ ਦਿੰਦੇ ਹੋਏ ਚੰਦਰ ਮੋਹਨ ਜੇਡੀ ਮੀਡੀਆ ਇੰਚਾਰਜ ਨੇ ਕਿਹਾ ਕਿ ਇਹ ਪਹਿਲੀ ਵਾਰ ਹੋਇਆ ਹੈ ਕਿ ਹਲਕਾ ਬਲਾਚੌਰ ਵਿਖੇ ਸਰਬਸੰਮਤੀ ਨਾਲ ਇੰਨੀਆਂ ਜ਼ਿਆਦਾ ਪੰਚਾਇਤਾਂ ਬਣੀਆਂ ਹੋਣ।ਇਸ ਮੌਕੇ ਪਿੰਡਾਂ ਦੇ ਮੋਹਤਬਰ ਸੱਜਣ ਮੌਜੂਦ ਸਨ।

ਰੋਜ਼ਾਨਾ ਲੋਕ ਬਾਣੀ www.lokbani

# ਇਲੈਕਟਰੀਕਲ ਟਰੇਡ ਐਸੋਸੀਏਸ਼ਨ ਨੇ ਹਫਤਾਵਾਰੀ ਰਾਸ਼ਨ ਵੰਡ ਸਮਾਰੋਹ ਕਰਵਾਇਆ



ਅੰਮ੍ਰਿਤਸਰ,-(ਲੋਕ ਬਾਣੀ) ਇਲੈਕਟਰੀਕਲ ਟਰੇਡ ਐਸੋਸੀਏਸ਼ਨ ਅੰਮ੍ਰਿਤਸਰ ਵੱਲੋਂ ਹਫਤਾਵਾਰੀ ਰਾਸ਼ਨ ਵੰਡ ਸਮਾਰੋਹ ਤਹਿਤ ਜਰੂਰਤਮੰਦ ਪਰਿਵਾਰਾਂ ਨੂੰ ਰਾਸ਼ਨ ਭੇਟ ਕੀਤਾ ਗਿਆ। ਪ੍ਰਧਾਨ ਬਲਬੀਰ ਭਸੀਨ ਦੀ ਦੇਖਰੇਖ ਵਿੱਚ ਆਯੋਜਿਤ ਪ੍ਰੋਗਰਾਮ ਦੇ ਦੌਰਾਨ ਪਰਿਵਾਰਾਂ ਨੂੰ ਘਰੇਲੂ ਖਾਣ ਪੀਣ ਯੋਗ ਸਮਗਰੀ ਦੇਣ ਉਪਰੰਤ ਉਹਨਾਂ ਨੇ ਕਿਹਾ ਕਿ ਹਰ ਇੱਕ ਇੰਸਾਨ ਭੱਜ ਦੌੜ ਦੀ ਜ਼ਿੰਦਗੀ ਦੇ ਵਿੱਚ ਰੁੱਝਿਆ ਹੋਇਆ ਹੈ। ਸਾਨੂੰ ਜਰੂਰਤਮੰਦ,ਬੇਸਹਾਰਾ,ਲਾਚਾਰ ਲੋਕਾਂ ਦੀ ਸਹਾਇਤਾ ਲਈ ਆਪਣੀ ਨੇਕ ਕਮਾਈ ਦੇ ਵਿੱਚੋਂ ਦਸਵੰਧ ਕੱਢਣਾ ਚਾਹੀਦਾ ਹੈ। ਉਹਨਾਂ ਨੇ ਕਿਹਾ ਕਿ ਸਾਡੀ ਯੂਨੀਅਨ ਵੱਲੋਂ ਇਹ ਸੇਵਾ ਲਗਾਤਾਰ ਜਾਰੀ ਰੱਖੀ ਜਾਵੇਗੀ। ਉਨਾਂ ਵੱਲੋਂ ਅਰੋੜਾ ਇਲੈਕਟ੍ਰਿਕ ਸਟੋਰ ਵਿਖੇ ਆਯੋਜਿਤ ਪ੍ਰੋਗਰਾਮ ਦੇ ਦੌਰਾਨ ਪਹੁੰਚਣ ਵਾਲੇ ਟੀਮ ਸਾਥੀਆਂ ਦਾ ਧੰਨਵਾਦ ਵੀ ਕੀਤਾ ਗਿਆ। ਇਸ ਮੌਕੇ ਤੇ ਕੈਰ ਕੈਸ਼ੀਅਰ ਹਰਜੀਤ ਸਿੰਘ ਕਲਸੀ,ਡਾਇਰੀ ਚੇਅਰਮੈਨ ਪਵਨਦੀਪ ਸਿੰਘ, ਬਿਕਰਮਜੀਤ ਸਿੰਘ,ਤਜਿੰਦਰ ਸਿੰਘ,ਰੋਹਿਤ ਬੰਬਾਨੀ, ਕੁਲਜੀਤ ਸਿੰਘ,ਕਿ੍ਪਾਲ ਸਿੰਘ,ਮਾਨਸ ਸ਼ਰਮਾ ਵੱਲੋਂ ਵੀ ਆਪਣੀਆਂ ਸੇਵਾਵਾਂ ਭੇਟ ਕੀਤੀਆਂ ਗਈਆਂ।

# ਵਧੀਕ ਜ਼ਿਲ੍ਹਾ ਮੈਜਿਸਟਰੇਟ ਨੇ ਆਈਲੈਟਸ ਸੈਂਟਰ ਦਾ ਲਾਇਸੰਸ ਕੀਤਾ ਰੱਦ



ਸਹੀਦ ਭਗਤ ਸਿੰਘ ਨਗਰ (ਰਮੇਸ ਸਰਮਾ£ਮਨਪ੍ਰੀਤ ਵਾਸੂ) ਵਧੀਕ ਜ਼ਿਲ੍ਹਾ ਮੈਜਿਸਟਰੇਟ ਰਾਜੀਵ ਵਰਮਾ ਨੇ ਹੁਕਮ ਜਾਰੀ ਕਰਕੇ ਪੰਜਾਬ ਪ੍ਰੋਫੈਸ਼ਨਲ ਐਕਟ-2012 ਦੇ ਸੈਕਸ਼ਨ 6(1)(ਈ) ਅਤੇ (ਜੀ) ਅਧੀਨ ਪ੍ਰਾਰਥੀ ਬਲਦੀਪ ਸਿੰਘ ਪੁੱਤਰ ਰਘਬੀਰ ਸਿੰਘ ਵਾਸੀ ਪਿੰਡ ਗੜ੍ਹੀ ਅਜੀਤ ਸਿੰਘ, ਡਾਕਘਰ ਔੜ, ਤਹਿਸੀਲ ਨਵਾਂਸ਼ਹਿਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੂੰ ਜਾਰੀ ਕੀਤਾ ਗਿਆ ਲਾਇਸੰਸ ਨੰਬਰ 127/ਐਮ.ਏ/ਐਮ.ਸੀ.2 ਮਿਤੀ 28/01/2019 ਫਰਮ ਮੈਸਰਜ਼ ਬੀ ਐਸ ਆਰ ਆਈਲੈਟਸ, ਆਰ.ਵੀ ਕੰਪਲੈਕਸ, ਮੇਨ ਰੋਡ, ਔੜ, ਤਹਿਸੀਲ ਨਵਾਂਸ਼ਹਿਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੂੰ ਤੁਰੰਤ ਪ੍ਰਭਾਵ ਤੋਂ ਰੱਦ/ਕੈਂਸਲ ਕਰ ਦਿੱਤਾ ਹੈ। ਵਧੀਕ ਜ਼ਿਲ੍ਹਾ ਮੈਜਿਸਟਰੇਟ ਨੇ ਦੱਸਿਆ ਕਿ ਜ਼ਿਲ੍ਹਾ ਨਗਰ ਯੋਜਨਾਕਾਰ ਵੱਲੋਂ ਆਪਣੇ ਪੱਤਰ ਅਨੁਸਾਰ ਰਿਪੋਰਟ ਕੀਤੀ ਗਈ ਸੀ ਕਿ ਉਕਤ ਆਈਲੈਟਸ ਸੈਂਟਰ ਅਣ-ਅਧਿਕਾਰਤ ਉਸਾਰੀ ਫਸਟ ਫਲੋਰ ਤੇ ਚੱਲ ਰਿਹਾ ਹੈ। ਇਸ ਲਈ ਇਸ ਆਈਲੈਟਸ ਸੈਂਟਰ ਨੂੰ ਕੋਈ ਪ੍ਰਵਾਨਗੀ ਜਾਰੀ ਕੀਤੀ ਗਈ ਹੈ ਤਾਂ ਉਸ ਨੂੰ ਰੱਦ ਕੀਤਾ ਜਾਵੇ। ਇਸ ਸਬੰਧੀ ਪ੍ਰਾਰਥੀ ਬਲਦੀਪ ਸਿੰਘ ਨੂੰ ਕਾਰਨ ਦੱਸੋ ਨੋਟਿਸ ਜਾਰੀ ਕਰਕੇ ਆਪਣਾ ਸਪੱਸ਼ਟੀਕਰਨ ਇਕ ਹਫ਼ਤੇ ਅੰਦਰ-ਅੰਦਰ ਪੇਸ਼ ਕਰਨ ਲਈ ਕਿਹਾ ਗਿਆ ਸੀ, ਪਰੰਤੂ ਉਕਤ ਪ੍ਰਾਰਥੀ ਵੱਲੋਂ ਸੱਪਸ਼ਟੀਕਰਨ ਦਫ਼ਤਰ ਵਿਖੇ ਪੇਸ਼ ਨਹੀਂ ਕੀਤਾ ਗਿਆ। ਇਸ ਤੋਂ ਇਲਾਵਾ ਪੰਜਾਬ ਟਰੈਵਲ ਪ੍ਰੋਫੈਸ਼ਨਲ ਰੈਗੂਲੇਸ਼ਨ ਐਕਟ ਤਹਿਤ ਬਣੇ ਰੂਲਜ ਅਨੁਸਾਰ ਲਾਇਸੰਸ ਦੀ ਮਿਆਦ ਖ਼ਤਮ ਹੋਣ ਦੀ ਮਿਤੀ ਤੋਂ ਦੋ ਮਹੀਨੇ ਪਹਿਲਾਂ ਸਮੇਤ ਸਬੰਧਤ ਦਸਤਾਵੇਜ਼ ਅਪਲਾਈ ਕੀਤਾ ਜਾਂਦਾ ਹੈ। ਪਰੰਤੂ ਲਾਇਸੰਸ ਧਾਰਕ ਵੱਲੋਂ ਲਾਇਸੰਸ ਰੀਨਿਊ ਕਰਨ ਸਬੰਧੀ ਦਰਖ਼ਾਸਤ ਦਫ਼ਤਰ ਵਿਚ ਪੇਸ਼ ਨਹੀਂ ਕੀਤੀ ਗਈ। ਇਸ ਲਈ ਸਬੰਧਤ ਫਰਮ ਦੇ ਲਾਇਸੰਸ ਨੂੰ ਪੰਜਾਬ ਟਰੈਵਲ ਪ੍ਰੋਫ਼ੈਸ਼ਨਲ ਰੈਗੂਲੇਸ਼ਨ ਐਕਟ-2012 ਦੇ ਸੈਕਸ਼ਨ 6(1) (ਈ) ਅਤੇ (ਜੀ) ਤਹਿਤ ਤੁਰੰਤ ਪ੍ਰਭਾਵ ਤੋਂ ਰੱਦ ਕਰ ਦਿੱਤਾ ਹੈ। ਇਸ ਤੋਂ ਇਲਾਵਾ ਐਕਟ/ਰੂਲਜ਼ ਮੁਤਾਬਿਕ ਕਿਸੇ ਵੀ ਕਿਸਮ ਦੀ ਇਸਦੇ ਖ਼ੁਦ ਜਾਂ ਇਸ ਦੀ ਫਰਮ ਦੇ ਖਿਲਾਫ਼ ਕੋਈ ਵੀ ਸ਼ਿਕਾਇਤ ਆਦਿ ਦਾ ਉਕਤ ਲਾਇਸੰਸੀ ਹਰ ਪੱਖੋਂ ਜ਼ਿੰਮੇਵਾਰ ਹੋਵੇਗਾ ਅਤੇ ਇਸ ਦੀ ਭਰਪਾਈ ਕਰਨ ਦਾ ਜ਼ਿੰਮੇਵਾਰ ਹੋਵੇਗਾ।

ਰੋਜ਼ਾਨਾ ਲੋਕ ਬਾਣੀ www.lokbani

# ਅੰਤਰਰਾਸ਼ਟਰੀ ਬਾਲੜੀ ਦਿਵਸ ਮੁਹਿੰਮ ਤਹਿਤ ਕਰਵਾਏ ਸਲੋਗਨ ਰਾਈਟਿੰਗ ਮੁਕਾਬਲੇ




ਸਹੀਦ ਭਗਤ ਸਿੰਘ ਨਗਰ(ਰਮੇਸ ਸਰਮਾ£ਮਨਪ੍ਰੀਤ ਵਾਸੂ)ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਅਤੇ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਵੱਲੋ ਜਾਰੀ ਦਿਸ਼ਾ-ਨਿਰਦੇਸ਼ਾਂ ਅਨੁਸਾਰ ਬੇਟੀ ਬਚਾਓ ਬੇਟੀ ਪੜ੍ਹਾਓ ਮੁਹਿੰਮ ਤਹਿਤ ਜ਼ਿਲ੍ਹਾ ਪ੍ਰੋਗਰਾਮ ਦਫ਼ਤਰ ਵੱਲੋਂ ਮਿਤੀ 2 ਅਕਤੂਬਰ ਤੋਂ 11 ਅਕਤੂਬਰ ਤੱਕ ਅੰਤਰਰਾਸ਼ਟਰੀ ਬਾਲੜੀ ਦਿਵਸ ਮੁਹਿੰਮ ਚਲਾਈ ਜਾ ਰਹੀ ਹੈ। ਇਸੇ ਤਹਿਤ ਅੱਜ ਆਰ. ਕੇ ਆਰੀਆ ਕਾਲਜ ਨਵਾਂਸ਼ਹਿਰ ਵਿਚ ਬੱਚਿਆਂ ਦੇ ਸਲੋਗਨ ਰਾਈਟਿੰਗ ਮੁਕਾਬਲੇ ਕਰਵਾਏ ਗਏ। ਪ੍ਰੋਗਰਾਮ ਦੌਰਾਨ ਮੁੱਖ ਮਹਿਮਾਨ ਵਜੋਂ ਪਹੁੰਚੇ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਜਗਰੂਪ ਸਿੰਘ ਵੱਲੋਂ ਮੁਕਾਬਲਿਆ ਵਿਚ ਪਹਿਲੀ, ਦੂਜੀ ਅਤੇ ਤੀਜੀ ਪੁਜੀਸ਼ਨ ਹਾਸਲ ਕਰਨ ਵਾਲੀਆਂ ਬੱਚੀਆਂ ਨੂੰ ਪੁਰਸਕਾਰ ਵੰਡੇ ਗਏ। ਮੌਕੇ ਤੇ ਮੌਜੂਦ ਬਾਲ ਸੁਰੱਖਿਆ ਅਫਸਰ (ਆਈ ਸੀ) ਗੌਰਵ ਸ਼ਰਮਾ ਵੱਲੋਂ ਬੱਚਿਆਂ ਨਾਲ ਸੰਬੰਧਤ ਪੋਕਸੋ ਐਕਟ ਅਤੇ ਸਪੋਂਸਰਸ਼ਿਪ ਅਤੇ ਫੋਸਟਰ ਕੇਅਰ ਸਕੀਮ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਬੱਚਿਆਂ ਨਾਲ ਜੁੜੀ ਹਰ ਤਰ੍ਹਾਂ ਦੀ ਸਮੱਸਿਆ ਲਈ ਚਾਈਲਡ ਲਾਈਨ ਨੰਬਰ 1098 ਤੇ ਜਾਣਕਾਰੀ ਦੇਣ ਦੀ ਅਪੀਲ ਕੀਤੀ ਗਈ। ਸੁਪ੍ਰਿਆ ਠਾਕੁਰ, ਕੋਰਡੀਨੇਟਰ ਵੋਮੈਨ ਹੱਬ ਵੱਲੋਂ ਲੜਕੀਆਂ ਲਈ ਸਰਕਾਰ ਵੱਲੋਂ ਦਿੱਤੀਆਂ ਸੁਵਿਧਾਵਾਂ ਬਾਰੇ ਦੱਸਿਆ ਗਿਆ ਅਤੇ ਹਿਮਸਿਖਾ, ਵਨ ਸਟਾਪ ਸੈਂਟਰ ਵੱਲੋਂ ਔਰਤਾਂ ਲਈ ਇਕ ਹੀ ਛੱਤ ਥੱਲੇ ਦਿੱਤੀਆਂ ਜਾ ਰਹੀਆਂ ਸਹੂਲਤਾਂ, ਜਿਵੇ ਕਿ ਮੈਡੀਕਲ, ਪੁਲਿਸ ਸੁਵਿਧਾ, ਕਾਊਂਸਲਿੰਗ, ਖਾਣਾ ਆਦਿ ਬਾਰੇ ਦੱਸਿਆ ਗਿਆ। ਅੰਤ ਵਿਚ ਬੱਚਿਆਂ ਨੂੰ ਰਿਫਰੈਸ਼ਮੈਂਟ ਦਿੱਤੀ ਗਈ। ਪ੍ਰੋਗਰਾਮ ਦੌਰਾਨ ਸਬੰਧਤ ਕਾਲਜ ਦੇ ਬੱਚਿਆਂ ਦੇ ਨਾਲ-ਨਾਲ ਕਾਲਜ ਪ੍ਰਿੰਸੀਪਲ ਡਾ. ਵਿਨੇ ਸੋਫਤ ਅਤੇ ਅੰਗਰੇਜ਼ੀ ਵਿਭਾਗ ਦੇ ਇੰਚਾਰਜ ਡਾ. ਅੰਬਿਕਾ ਹਾਜ਼ਰ ਸਨ।

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
FACILITIES AVAILABLE
Ambulance Service 24hrs.
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgierles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ
178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫਤਰ ਦੇ ਨੇੜੇ
ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਤੋਂ ਮਾਨਤਾ ਪ੍ਰਾਪਤ ਭਰਤੀ ਏਜੰਸੀ | ਲਾਇਸੰਸ ਨੰ: B-1303/PUN/PER/1000+/5/9437/2018
82880 21797
82880 21798
WWW.JSDCGROUP.COM
ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਊਂਟਸ ਨੂੰ ਫਾਲੋ ਕਰੋ
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements In Session 2022-23
18+ MOUs with Industries
upto 100% Scholarship Schemes*
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS SINCE 1958
EDUCATIONAL 64 YEARS EXCELLENCE
MORE THAN • 56 Colleges & Schools • 200 Merit Positions • 125 Companies For Placements • 75 Academic Courses • 2000 Placements In 2022 - 2023 • 42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.*• Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)
PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc. Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA
LAW
• BA.LLB. • B.COM. LLB • BBA.LLB. • LLB • PG DIPLOMA IN CYBER LAW
TEACHER / PHYSICAL EDUCATION
• BPES • B.Ed.• D.El.Ed.• B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture
INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC
PMKVY
/stsoldiergroup
www.stsoldiergroup.com
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565